PAIGAM-E-JAGAT
ਪੈ.ਗਾਮ-ਏ-ਜਗਤ



ਮੋਦੀ ਦੇ ਜਨਮ ਦਿਨ ’ਤੇ ਉਜੈਨ 35 ਲੱਖ ਮਿੱਟੀ ਦੇ ਦੀਵਿਆਂ ਨਾਲ ਜਗਮਗਾਇਆ


ਉਤਰਾਖੰਡ ਵਿੱਚ ਪ੍ਰਧਾਨ ਮੰਤਰੀ ਦੇ ਨਾਮ ’ਤੇ ਕੀਤੀਆਂ ਗਈਆਂ ਪ੍ਰਾਰਥਨਾਵਾਂ

ਭੋਪਾਲ/ਜੈਪੁਰ/ਲਖਨਊ/ਪਟਨਾ/ਅਹਿਮਦਾਬਾਦ, 17 ਸਤੰਬਰ (ਪੈ.ਗਾਮ-ਏ-ਜਗਤ)

ਵੀਰਵਾਰ ਨੂੰ ਪ੍ਰਧਾਨ ਮੰਤਰੀ ਮੋਦੀ ਦਾ 76ਵਾਂ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ‘ਸੇਵਾ-ਸੰਕਲਪ ਮੁਹਿੰਮ’ ਤਹਿਤ ਦੇਸ਼ ਭਰ ਵਿੱਚ ਵੱਖ-ਵੱਖ ਸਮਾਗਮ ਆਯੋਜਿਤ ਕੀਤੇ ਗਏ। ਮੱਧ ਪ੍ਰਦੇਸ਼ ਵਿੱਚ ਰੌਸ਼ਨੀ ਦਾ ਇੱਕ ਵਿਸ਼ਾਲ ਤਿਉਹਾਰ (‘ਦੀਪੋਤਸਵ’) ਮਨਾਇਆ ਗਿਆ। ਸਭ ਤੋਂ ਵੱਡਾ ਸਮਾਗਮ ਉਜੈਨ ਵਿੱਚ ਹੋਇਆ, ਜਿੱਥੇ ਸ਼ਿਪਰਾ ਨਦੀ ਦੇ ਘਾਟਾਂ ਅਤੇ ‘ਮਹਾਕਾਲ ਲੋਕ’ ਵਿਖੇ 25 ਲੱਖ ਦੀਵੇ ਜਗਾਏ ਗਏ, ਜਦਕਿ ਘਰਾਂ ਅਤੇ ਦੁਕਾਨਾਂ ਵਿੱਚ 10 ਲੱਖ ਹੋਰ ਦੀਵੇ ਜਗਾਏ ਗਏ।

ਉਤਰਾਖੰਡ ਦੇ ਦੇਹਰਾਦੂਨ ਵਿੱਚ, ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਯਮੁਨਾ ਘਾਟ ’ਤੇ ਪ੍ਰਧਾਨ ਮੰਤਰੀ ਮੋਦੀ ਦੇ ਨਾਮ ’ਤੇ ਉਦਘਾਟਨੀ ਪੂਜਾ ਅਤੇ ਆਰਤੀ ਕੀਤੀ।

ਬਿਹਾਰ ਭਰ ਵਿੱਚ ਇਸ ਮੌਕੇ ਨੂੰ ਮਨਾਉਣ ਲਈ 21 ਲੱਖ ਮਿੱਟੀ ਦੇ ਦੀਵੇ ਜਗਾਏ ਗਏ। ਇਸ ਦੌਰਾਨ, ਗੁਜਰਾਤ ਦੇ ਵਡਨਗਰ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੁਨੀਆ ਦੇ ਸਭ ਤੋਂ ਹਰਮਨਪਿਆਰੇ ਨੇਤਾਵਾਂ ਵਿੱਚੋਂ ਇੱਕ ਹਨ। ਉਨ੍ਹਾਂ ਨੇ ਵਡਨਗਰ—ਜੋ ਮੋਦੀ ਦਾ ਜਨਮ ਸਥਾਨ ਹੈ—ਤੋਂ ਵਾਰਾਣਸੀ ਤੱਕ ਲਗਭਗ 1,300 ਕਿਲੋਮੀਟਰ ਦੀ ਦੂਰੀ ਤੈਅ ਕਰਨ ਵਾਲੀ ਇੱਕ ਬਾਈਕ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਵਾਰਾਣਸੀ ਤੋਂ ਵਡਨਗਰ ਲਈ ਵੀ ਇੱਕ ਬਾਈਕ ਰੈਲੀ ਸ਼ੁਰੂ ਕੀਤੀ ਗਈ।



ਭਾਰਤ ਸੈਮੀਕੰਡਕਟਰ ਹੱਬ ਬਣਨ ਦੀ ਤਿਆਰੀ ਕਰ ਰਿਹਾ ਹੈ: ਮੋਦੀ

- ਕਿਹਾ ਕਿ ਭਾਰਤੀ ਚਿਪਸ ਹੁਣ ਵਿਸ਼ਵ ਪੱਧਰ ’ਤੇ ਸਪਲਾਈ ਕੀਤੀਆਂ ਜਾ ਰਹੀਆਂ ਹਨ

ਨਵੀਂ ਦਿੱਲੀ, 17 ਸਤੰਬਰ (ਪੈ.ਗਾਮ-ਏ-ਜਗਤ)

ਸਰਕਾਰ ਭਾਰਤ ਨੂੰ ਸੈਮੀਕੰਡਕਟਰ ਹੱਬ ਵਿੱਚ ਬਦਲਣ ਦੀ ਤਿਆਰੀ ਕਰ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਦਿੱਲੀ ਦੇ ਯਸ਼ੋਭੂਮੀ ਵਿਖੇ ‘ਸੈਮੀਕੋਨ-ਇੰਡੀਆ 2026’ ਦੇ ਪੰਜਵੇਂ ਸੰਸਕਰਣ ਦਾ ਉਦਘਾਟਨ ਕੀਤਾ। ਮੋਦੀ ਨੇ ਕਿਹਾ ਕਿ ਜਿੱਥੇ ਭਾਰਤ ਦੀ ਆਰਥਿਕਤਾ ਵਧ ਰਹੀ ਹੈ, ਉੱਥੇ ਹੀ ਦੇਸ਼ ਵਿੱਚ ਵਿਸ਼ਵਵਿਆਪੀ ਭਰੋਸਾ ਵੀ ਵਧ ਰਿਹਾ ਹੈ। ਭਾਰਤੀ ਪਲਾਂਟਾਂ ਵਿੱਚ ਤਿਆਰ ਕੀਤੀਆਂ ਸੈਮੀਕੰਡਕਟਰ ਚਿਪਸ ਹੁਣ ਦੇਸ਼ ਅਤੇ ਵਿਦੇਸ਼ ਦੋਵਾਂ ਬਾਜ਼ਾਰਾਂ ਤੱਕ ਪਹੁੰਚ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੈਮੀਕੰਡਕਟਰ ਖੇਤਰ ਅਜਿਹਾ ਨਹੀਂ ਹੈ ਜਿੱਥੇ ਸਿਰਫ਼ ਫੈਕਟਰੀ ਲਗਾਉਣ ਨਾਲ ਹੀ ਕੰਮ ਪੂਰਾ ਹੋ ਜਾਂਦਾ ਹੈ; ਇਸ ਖੇਤਰ ਵਿੱਚ



ਤਕਨੀਕੀ ਸਮਰੱਥਾਵਾਂ ਵਿਕਸਤ ਕਰਨ ਵਿੱਚ ਦਹਾਕੇ ਲੱਗ ਜਾਂਦੇ ਹਨ। ਹਾਲਾਂਕਿ, ਭਾਰਤ ਨੇ ਚਿੱਪ ਡਿਜ਼ਾਈਨ, ਨਿਰਮਾਣ, ਉਪਕਰਣ ਉਤਪਾਦਨ ਅਤੇ ਟੈਸਟਿੰਗ ਸਮਰੱਥਾਵਾਂ ’ਤੇ ਇੱਕੋ ਸਮੇਂ ਕੰਮ ਕੀਤਾ ਹੈ ਅਤੇ ਇਸ ਪ੍ਰਕਿਰਿਆ ਵਿੱਚ ਸਫਲਤਾ ਹਾਸਲ ਕੀਤੀ ਹੈ। ਦਰਅਸਲ, ਇਸ ਸਾਲ ਸੈਮੀਕੰਡਕਟਰ ਚਿਪਸ (ਬਾਕੀ ਸਫ਼ਾ 2 ’ਤੇ)

ਈਡੀ ਵੱਲੋਂ ਗੋਪਾਲ ਕਾਂਡਾ ਦੇ ਟਿਕਾਣਿਆਂ ’ਤੇ ਛਾਪੇਮਾਰੀ

- ਗੁਰੂਗ੍ਰਾਮ ਸਥਿਤ ਰਿਹਾਇਸ਼ ਅਤੇ ਫਾਰਮਹਾਊਸ ਦੀ ਤਲਾਸ਼ੀ ਲਈ ਗਈ

ਗੁਰੂਗ੍ਰਾਮ, 17 ਸਤੰਬਰ (ਪੈ.ਗਾਮ-ਏ-ਜਗਤ)

ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਵੀਰਵਾਰ ਨੂੰ ਹਰਿਆਣਾ ਦੇ ਸਾਬਕਾ ਮੰਤਰੀ ਗੋਪਾਲ ਕਾਂਡਾ ਦੀ ਗੁਰੂਗ੍ਰਾਮ ਸਥਿਤ ਰਿਹਾਇਸ਼ ਅਤੇ ਫਾਰਮਹਾਊਸ ’ਤੇ ਛਾਪੇਮਾਰੀ ਕੀਤੀ।



ਇਹ ਕਾਰਵਾਈ ਰੀਅਲ ਅਸਟੇਟ ਨਾਲ ਜੁੜੇ ਕਥਿਤ ਧੋਖਾਧੜੀ ਦੇ ਮਾਮਲੇ ਅਤੇ ਮਨੀ ਲਾਂਡਰਿੰਗ ਦੀ ਜਾਂਚ ਦੇ ਹਿੱਸੇ ਵਜੋਂ ਕੀਤੀ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਇਹ ਛਾਪੇਮਾਰੀ ਰੀਅਲ ਅਸਟੇਟ ਕੰਪਨੀ ‘ਵਾਟਿਕਾ ਲਿਮਟਿਡ’ ਵਿਰੁੱਧ ਦਰਜ ਮਾਮਲੇ ਨਾਲ ਸਬੰਧਤ ਹੈ। ਈਡੀ ਨੇ ਦੋਸ਼ ਲਾਇਆ ਕਿ ਕੰਪਨੀ ਨੇ ਨਿਵੇਸ਼ਕਾਂ ਨੂੰ ਸਮੇਂ ਸਿਰ ਕਬਜ਼ਾ ਦੇਣ, ਯਕੀਨੀ ਮੁਨਾਫ਼ਾ, ਲੀਜ਼ ਕਿਰਾਇਆ ਅਤੇ ਵਿਕਰੀ ਡੀਡ ਪੂਰੀਆਂ ਕਰਨ ਦਾ ਵਾਅਦਾ ਕਰਕੇ ਵਪਾਰਕ ਪ੍ਰੋਜੈਕਟਾਂ ਵਿੱਚ ਨਿਵੇਸ਼ ਕਰਨ ਲਈ ਲੁਭਾਇਆ ਸੀ। ਈਡੀ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਜਾਂਚ ਅਧੀਨ ਚਾਰ ਪ੍ਰੋਜੈਕਟਾਂ ਲਈ 661 ਨਿਵੇਸ਼ਕਾਂ ਤੋਂ (ਬਾਕੀ ਸਫ਼ਾ 2 ’ਤੇ)

ਜਲੰਧਰ ਰੇਲਵੇ ਸਟੇਸ਼ਨ ’ਤੇ ਭਿਆਨਕ ਹਾਦਸਾ

ਧੀ ਨੂੰ ਬਚਾਉਣ ਲਈ ਦੌੜੇ ਪਿਤਾ ਦੀ ਮੌਤ, ਵਿਆਹ ’ਚ ਹੋਣਾ ਸੀ ਸ਼ਾਮਲ

ਜਲੰਧਰ, 17 ਸਤੰਬਰ (ਪੈ.ਗਾਮ-ਏ-ਜਗਤ)

ਜਲੰਧਰ ਸਿਟੀ ਰੇਲਵੇ ਸਟੇਸ਼ਨ ਦੇ ਪਲੇਟਫਾਰਮ ਨੰਬਰ 1 ’ਤੇ ਬੁੱਧਵਾਰ ਦੁਪਹਿਰ ਉਸ ਸਮੇਂ ਦਰਦਨਾਕ ਹਾਦਸਾ ਵਾਪਰ ਗਿਆ, ਜਦੋਂ ਸ਼ਾਨ-ਏ-ਪੰਜਾਬ ਟਰੇਨ ਦੀ ਲਪੇਟ ’ਚ ਆਉਣ ਨਾਲ ਇਕ ਵਿਅਕਤੀ ਦੀ ਮੌਤ ਹੋ ਗਈ, ਜਦਕਿ ਉਸ ਦੀ ਬੇਟੀ ਜ਼ਖ਼ਮੀ ਹੋ ਗਈ। ਹਾਦਸੇ ਕਾਰਨ ਵਿਆਹ ਸਮਾਗਮ ’ਚ ਸ਼ਾਮਲ ਹੋਣ ਜਾ ਰਹੇ ਪਰਿਵਾਰ ਦੀਆਂ ਖ਼ੁਸ਼ੀਆਂ ਮਾਤਮ ’ਚ ਬਦਲ ਗਈਆਂ। ਮ੍ਰਿਤਕ ਦੀ ਪਛਾਣ ਸ਼ਮਸ਼ੇਰ ਸਿੰਘ ਪੁੱਤਰ ਲਖਬੀਰ ਸਿੰਘ ਨਿਵਾਸੀ ਵਿਸ਼ਨੂੰ ਗਾਰਡਨ, ਖਿਆਲਾ, ਨਵੀਂ ਦਿੱਲੀ ਵਜੋਂ ਹੋਈ ਹੈ। ਸ਼ਮਸ਼ੇਰ ਸਿੰਘ ਆਪਣੀ ਮਾਤਾ ਪਪਿੰਦਰ ਕੌਰ ਅਤੇ ਬੇਟੀ ਨੀਲਮ ਕੌਰ ਨਾਲ ਦਿੱਲੀ ਤੋਂ ਅੰਮ੍ਰਿਤਸਰ ਵਿਆਹ ਸਮਾਗਮ ’ਚ ਸ਼ਾਮਲ ਹੋਣ ਜਾ ਰਹੇ ਸਨ।

ਜਾਣਕਾਰੀ ਮੁਤਾਬਕ ਸ਼ਾਨ-ਏ-ਪੰਜਾਬ ਕਰੀਬ 12.51 ਵਜੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਦੇ ਪਲੇਟਫਾਰਮ ਨੰਬਰ 1 ’ਤੇ ਪਹੁੰਚੀ ਸੀ। ਟਰੇਨ ਦਾ ਇਥੇ ਕਰੀਬ 5 ਮਿੰਟ ਦਾ ਠਹਿਰਾਅ ਸੀ। ਇਸੇ ਦੌਰਾਨ ਸ਼ਮਸ਼ੇਰ ਸਿੰਘ ਪਾਣੀ ਲੈਣ ਲਈ ਟਰੇਨ ਤੋਂ ਹੇਠਾਂ ਉਤਰ ਗਏ। ਕੁਝ ਦੇਰ ਬਾਅਦ ਟਰੇਨ ਚੱਲਣ ਲੱਗੀ ਤਾਂ ਉਨ੍ਹਾਂ ਦੀ ਬੇਟੀ ਨੀਲਮ ਕੌਰ ਨੇ ਦਰਵਾਜ਼ੇ ਤੋਂ ਪਿਤਾ ਨੂੰ ਆਵਾਜ਼ ਲਗਾਈ ਕਿ ਟਰੇਨ ਚੱਲ ਪਈ



ਹੈ। ਇਸੇ ਦੌਰਾਨ ਨੀਲਮ ਦਾ ਪੈਰ ਫਿਸਲ ਗਿਆ ਅਤੇ ਉਹ ਟਰੇਨ ਦੀ ਲਪੇਟ ’ਚ ਆਉਣ ਲੱਗੀ।

ਜੀ. ਆਰ. ਪੀ. ਥਾਣੇ ਦੇ ਏ. ਐੱਸ. ਆਈ. ਬਲਵਿੰਦਰ ਸਿੰਘ ਨੇ ਦੱਸਿਆ ਕਿ ਬੇਟੀ ਨੂੰ ਟਰੇਨ ਦੀ ਲਪੇਟ ’ਚ ਆਉਂਦੇ ਵੇਖ ਸ਼ਮਸ਼ੇਰ ਸਿੰਘ ਨੇ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ। ਇਸੇ ਦੌਰਾਨ ਉਹ ਖ਼ੁਦ ਟਰੇਨ ਦੀ ਲਪੇਟ ’ਚ ਆ ਗਏ ਜਦਕਿ ਨੀਲਮ ਕੌਰ ਨੂੰ ਵੀ ਸੱਟਾਂ ਲੱਗੀਆਂ। ਘਟਨਾ ਦੀ ਸੂਚਨਾ ਮਿਲਦੇ ਹੀ ਜੀ. ਆਰ. ਪੀ. ਥਾਣਾ ਪੁਲਸ ਨੇ ਐਂਬੂਲੈਂਸ ਬੁਲਾ ਕੇ ਦੋਵਾਂ ਨੂੰ ਸਿਵਲ ਹਸਪਤਾਲ ਪਹੁੰਚਾਇਆ।

ਆਦਿਤਿਆ ਠਾਕਰੇ ਨੂੰ 500 ਕਰੋੜ ਰੁਪਏ ਦਾ ਮਾਣਹਾਨੀ ਦਾ ਨੋਟਿਸ

- ਦਿਸ਼ਾ ਸਾਲੀਅਨ ਦੇ ਪਿਤਾ ਨੇ 7 ਦਿਨਾਂ ਦੇ ਅੰਦਰ ਮੁਆਫੀ ਮੰਗਣ ਦੀ ਮੰਗ ਕੀਤੀ

ਮੁੰਬਈ, 17 ਸਤੰਬਰ (ਪੈ.ਗਾਮ-ਏ-ਜਗਤ)

ਦਿਸ਼ਾ ਸਾਲੀਅਨ ਦੇ ਪਿਤਾ ਸਤੀਸ਼ ਸਾਲੀਅਨ ਨੇ ਸ਼ਿਵ ਸੈਨਾ ਨੇਤਾ ਆਦਿਤਿਆ ਠਾਕਰੇ ਅਤੇ ਮਹਾਰਾਸ਼ਟਰ ਦੇ ਸਾਬਕਾ ਗ੍ਰਹਿ ਮੰਤਰੀ ਤੇ ਐਨਸੀਪੀ (ਐਸਪੀ) ਨੇਤਾ ਅਨਿਲ ਦੇਸ਼ਮੁਖ ਨੂੰ 500 ਕਰੋੜ ਰੁਪਏ ਦਾ ਮਾਣਹਾਨੀ ਦਾ ਨੋਟਿਸ ਭੇਜਿਆ ਹੈ। ‘ਬਾਰ ਐਂਡ ਬੈਂਚ’ ਦੀ ਰਿਪੋਰਟ ਅਨੁਸਾਰ, ਇਸ ਨੋਟਿਸ ਵਿੱਚ ਮੰਗ ਕੀਤੀ ਗਈ ਹੈ ਕਿ ਦੋਵੇਂ ਨੇਤਾ ਆਪਣੇ ਬਿਆਨ ਵਾਪਸ ਲੈਣ, ਜਨਤਕ ਤੌਰ ’ਤੇ ਮੁਆਫੀ ਮੰਗਣ ਅਤੇ 500 ਕਰੋੜ ਰੁਪਏ ਦਾ ਮੁਆਵਜ਼ਾ ਅਦਾ ਕਰਨ। ਉਨ੍ਹਾਂ ਨੂੰ ਅਜਿਹਾ ਕਰਨ ਲਈ ਸੱਤ ਦਿਨਾਂ ਦਾ ਸਮਾਂ ਦਿੱਤਾ ਗਿਆ ਹੈ। ਆਦਿਤਿਆ ਠਾਕਰੇ ਨੇ ਪਹਿਲਾਂ ਕਿਹਾ ਸੀ ਕਿ ਜਾਂਚ ਨਾਲ ਉਨ੍ਹਾਂ ਦੇ ਨਾਮ ਨੂੰ ਜੋੜਨਾ ਸਿਆਸੀ ਤੌਰ ’ਤੇ ਪ੍ਰੇਰਿਤ ਸੀ, ਜਦਕਿ ਅਨਿਲ ਦੇਸ਼ਮੁਖ ਨੇ ਟਿੱਪਣੀ ਕੀਤੀ ਸੀ ਕਿ ਆਦਿਤਿਆ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਦਿਸ਼ਾ ਦੇ ਪਿਤਾ ਨੇ ਕਿਹਾ ਕਿ (ਬਾਕੀ ਸਫ਼ਾ 2 ’ਤੇ)

ਟਰੰਪ ਪ੍ਰਸ਼ਾਸਨ ਨੇ ਹੂਤੀ ਬਾਗੀਆਂ ਨਾਲ ਗੁਪਤ ਸਮਝੌਤਾ ਕੀਤਾ : ਰਿਪੋਰਟ

- ਹੂਤੀ ਲੜਾਕਿਆਂ ਨੇ ਅਮਰੀਕੀ ਜਹਾਜ਼ਾਂ ’ਤੇ ਹਮਲਾ ਨਾ ਕਰਨ ’ਤੇ ਸਹਿਮਤੀ ਜਤਾਈ; ਬਦਲੇ ਵਿੱਚ, ਅਮਰੀਕਾ ਸਾਊਦੀ ਅਰਬ ਦੀ ਮਦਦ ਨਹੀਂ ਕਰੇਗਾ

ਵਾਸ਼ਿੰਗਟਨ ਡੀ.ਸੀ., 17 ਸਤੰਬਰ (ਪੈ.ਗਾਮ-ਏ-ਜਗਤ)

ਅਮਰੀਕਾ ਨੇ ਯਮਨ ਦੇ ਹੂਤੀ ਬਾਗੀਆਂ ਨਾਲ ਇੱਕ ਗੁਪਤ ਸਮਝੌਤਾ ਕੀਤਾ ਹੈ। ‘ਐਕਸੀਓਸ’ ਦੀ ਇੱਕ ਰਿਪੋਰਟ ਅਨੁਸਾਰ, ਇਸ ਸਮਝੌਤੇ ਤਹਿਤ ਹੂਤੀਆਂ ਨੇ ਅਮਰੀਕਾ ਨੂੰ ਭਰੋਸਾ ਦਿਵਾਇਆ ਹੈ ਕਿ ਉਹ ਲਾਲ ਸਾਗਰ ਵਿੱਚ ਅਮਰੀਕੀ ਜਾਂ ਅੰਤਰਰਾਸ਼ਟਰੀ ਜਹਾਜ਼ਾਂ ਨੂੰ ਨਿਸ਼ਾਨਾ ਨਹੀਂ ਬਣਾਉਣਗੇ।

ਇਸ ਦੇ ਬਦਲੇ, ਅਮਰੀਕਾ ਯਮਨ ਵਿੱਚ ਹੂਤੀਆਂ ਵਿਰੁੱਧ ਸਾਊਦੀ ਅਰਬ ਨੂੰ ਕੋਈ ਫੌਜੀ ਸਹਾਇਤਾ ਨਹੀਂ ਦੇਵੇਗਾ। ਅਮਰੀਕੀ ਅਧਿਕਾਰੀਆਂ ਅਤੇ ਹੂਤੀ ਆਗੂਆਂ ਵਿਚਕਾਰ ਪਿਛਲੇ ਹਫ਼ਤੇ ਓਮਾਨ ਦੀ ਰਾਜਧਾਨੀ ਮਸਕਟ ਸਥਿਤ ਅਮਰੀਕੀ ਦੂਤਾਵਾਸ ਵਿੱਚ ਗੱਲਬਾਤ ਹੋਈ ਸੀ। ਅਮਰੀਕੀ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਨੇ



ਸੋਮਵਾਰ ਨੂੰ ਪੁਸ਼ਟੀ ਕੀਤੀ ਕਿ ਅਮਰੀਕਾ ਹੂਤੀਆਂ ਦੇ ਸਿੱਧੇ ਸੰਪਰਕ ਵਿੱਚ ਹੈ।

ਹੂਤੀਆਂ ਨੇ ਕਿਹਾ ਹੈ ਕਿ ਉਹ ਲਾਲ ਸਾਗਰ ਵਿੱਚ ਸਾਊਦੀ ਜਹਾਜ਼ਾਂ ਅਤੇ ਸਾਊਦੀ ਤੇਲ ਦੀ ਢੋਆ-ਢੁਆਈ ਕਰਨ ਵਾਲੇ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣਾ ਜਾਰੀ ਰੱਖਣਗੇ। ਉਨ੍ਹਾਂ ਦਾ ਤਰਕ ਹੈ ਕਿ ਯਮਨ ਵਿਰੁੱਧ ਸਾਊਦੀ ਅਰਬ ਦੀ ਨਾਕਾਬੰਦੀ ਅਤੇ ਫੌਜੀ ਕਾਰਵਾਈਆਂ ਕਾਰਨ ਸਾਊਦੀ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣਾ ਉਨ੍ਹਾਂ ਦਾ ਹੱਕ ਹੈ। ਮਾਮਲੇ ਤੋਂ ਜਾਣੂ ਅਧਿਕਾਰੀਆਂ ਅਨੁਸਾਰ, 2025 ਵਿੱਚ ਅਮਰੀਕਾ ਅਤੇ ਹੂਤੀਆਂ ਵਿਚਕਾਰ ਕਾਇਮ ਹੋਈ ਜੰਗਬੰਦੀ ਅਜੇ ਵੀ ਲਾਗੂ ਹੈ।

ਪਿਛਲੇ ਹਫ਼ਤੇ, ਹੂਤੀਆਂ ਨੇ ਪੱਛਮੀ ਯਮਨ ਵਿੱਚ ਲਾਲ ਸਾਗਰ ਦੇ ਤੱਟ ਦੇ ਨਾਲ ਲੱਗਦੇ ਇੱਕ ਵੱਡੇ ਖੇਤਰ ’ਤੇ ਕਬਜ਼ਾ ਕਰ (ਬਾਕੀ ਸਫ਼ਾ 2 ’ਤੇ)


ਊਧਮਪੁਰ ਵਿੱਚ ਸੁਰੱਖਿਆ ਬਲਾਂ ਵੱਲੋਂ ਵੱਡਾ ਆਪ੍ਰੇਸ਼ਨ

- ਜੈਸ਼-ਏ-ਮੁਹੰਮਦ ਦੇ ਦੋ ਸ਼ੱਕੀ ਅੱਤਵਾਦੀ ਢੇਰ

ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)


ਜੰਮੂ-ਕਸ਼ਮੀਰ ਦੇ ਊਧਮਪੁਰ ਜ਼ਿਲ੍ਹੇ ਦੇ ਜੰਗਲੀ ਖੇਤਰ ਵਿੱਚ ਚੱਲ ਰਹੇ ਅੱਤਵਾਦ-ਵਿਰੋਧੀ ਆਪ੍ਰੇਸ਼ਨ ਦੌਰਾਨ ਪਾਕਿਸਤਾਨ ਸਥਿਤ ਜੈਸ਼-ਏ-ਮੁਹੰਮਦ ਨਾਲ ਜੁੜੇ ਦੋ ਸ਼ੱਕੀ ਅੱਤਵਾਦੀ ਮਾਰੇ ਗਏ। ਅਧਿਕਾਰੀਆਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ।

ਅਧਿਕਾਰੀਆਂ ਨੇ ਦੱਸਿਆ ਕਿ ਲਗਾਤਾਰ ਮੀਂਹ ਦੇ ਬਾਵਜੂਦ, ਮਜਾਲਟਾ ਦੇ ਬ੍ਰਾਥੇਲ ਸੋਆਨ ਅਤੇ ਖੁੱਬਨ ਇਲਾਕਿਆਂ ਵਿੱਚ ਫੌਜ, ਪੁਲਿਸ ਅਤੇ ਸੈਂਟਰਲ ਰਿਜ਼ਰਵ ਪੁਲਿਸ ਫੋਰਸ ਦਾ ਸਾਂਝਾ ਆਪ੍ਰੇਸ਼ਨ ਚੱਲ ਰਿਹਾ ਹੈ। ਫੌਜ ਨੇ ਇਸ ਆਪ੍ਰੇਸ਼ਨ ਵਿੱਚ ਦੋ ਅੱਤਵਾਦੀਆਂ



ਦੇ ਮਾਰੇ ਜਾਣ ਦੀ ਪੁਸ਼ਟੀ ਕੀਤੀ ਹੈ।

ਜੰਮੂ-ਅਧਾਰਤ ‘ਵਾਈਟ ਨਾਈਟ ਕੋਰ’ ਨੇ ‘ਟਵਿੱਟਰ’ ’ਤੇ ਇੱਕ ਪੋਸਟ ਵਿੱਚ ਕਿਹਾ, ਖੁਫੀਆ ਜਾਣਕਾਰੀ ਦੇ ਆਧਾਰ ’ਤੇ, ਊਧਮਪੁਰ ਦੇ ਬ੍ਰਾਥੇਲ ਵਿੱਚ ਅੱਤਵਾਦੀਆਂ ਦੀ ਮੌਜੂਦਗੀ ਬਾਰੇ ਪੁਸ਼ਟੀ ਹੋਣ ਤੋਂ ਬਾਅਦ 16-17 ਸਤੰਬਰ ਦੀ ਦਰਮਿਆਨੀ ਰਾਤ ਨੂੰ ਇੱਕ ਸਾਂਝਾ ਆਪ੍ਰੇਸ਼ਨ ਸ਼ੁਰੂ ਕੀਤਾ ਗਿਆ ਸੀ। ਇਸ ਵਿੱਚ ਅੱਗੇ ਕਿਹਾ ਗਿਆ, ਖਰਾਬ ਮੌਸਮ, ਔਖੇ ਭੂਗੋਲਿਕ ਹਾਲਾਤ ਅਤੇ ਘੱਟ ਦਿੱਖ ਦੇ ਬਾਵਜੂਦ, ਵਾਈਟ ਨਾਈਟ ਕੋਰ, ਪੁਲਿਸ ਅਤੇ CRPF ਦੇ ਜਵਾਨਾਂ ਨੇ ਅੱਤਵਾਦ-ਵਿਰੋਧੀ ਆਪ੍ਰੇਸ਼ਨ ਸ਼ੁਰੂ ਕੀਤਾ ਅਤੇ ਦੋ ਅੱਤਵਾਦੀਆਂ ਨੂੰ ਖਤਮ ਕਰ ਦਿੱਤਾ। (ਬਾਕੀ ਸਫ਼ਾ 2 ’ਤੇ)



ਹਿਮਾਚਲ, ਉੱਤਰਾਖੰਡ ਅਤੇ ਜੰਮੂ-ਕਸ਼ਮੀਰ ਵਿੱਚ ਬਰ.ਫਬਾਰੀ

- ਬਿਹਾਰ ਵਿੱਚ ਹੜ੍ਹ ਕਾਰਨ 100 ਤੋਂ ਵੱਧ ਸੜਕਾਂ ਰੁੜ੍ਹ ਗਈਆਂ; ਯੂ.ਪੀ. ਅਤੇ ਐਮ.ਪੀ. ਸਮੇਤ 6 ਰਾਜਾਂ ਲਈ ਮੀਂਹ ਦਾ ਅਲਰਟ ਜਾਰੀ

ਭੋਪਾਲ/ਪਟਨਾ/ਜੈਪੁਰ/ਲਖਨਊ 17 ਸਤੰਬਰ (ਪੈ.ਗਾਮ-ਏ-ਜਗਤ)

ਦੇਸ਼ ਦੇ ਕਈ ਰਾਜਾਂ ਵਿੱਚ ਮਾਨਸੂਨ ਸਰਗਰਮ ਹੈ। ਉੱਤਰ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ ਸਮੇਤ ਛੇ ਰਾਜਾਂ ਵਿੱਚ ਵੀਰਵਾਰ ਲਈ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ। ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਇਸ ਸੀਜ਼ਨ ਦੀ ਪਹਿਲੀ ਬਰਫ਼ਬਾਰੀ ਹੋਈ। ਵੀਰਵਾਰ ਸਵੇਰੇ ਹਿਮਾਚਲ ਦੇ ਰੋਹਤਾਂਗ, ਭਰਮੌਰ ਅਤੇ ਮਨਾਲੀ ਦੇ ਪਹਾੜਾਂ ’ਤੇ ਇੱਕ ਤੋਂ ਡੇਢ ਇੰਚ ਬਰਫ਼ ਪਈ। ਹਾਲਾਂਕਿ ਇਨ੍ਹਾਂ ਖੇਤਰਾਂ ਵਿੱਚ ਆਮ ਤੌਰ ’ਤੇ 15 ਅਕਤੂਬਰ ਦੇ ਆਸ-ਪਾਸ ਬਰਫ਼ਬਾਰੀ ਹੁੰਦੀ ਹੈ, ਪਰ ਇਸ ਵਾਰ ਇਹ ਲਗਭਗ ਇੱਕ ਮਹੀਨਾ ਪਹਿਲਾਂ ਹੀ ਹੋ ਗਈ ਹੈ। ਜੰਮੂ-ਕਸ਼ਮੀਰ ਦੇ ਬਾਂਦੀਪੋਰਾ ਜ਼ਿਲ੍ਹੇ ਦੀ ਗੁਰੇਜ਼ ਘਾਟੀ ਵਿੱਚ ਬਰਫ਼ਬਾਰੀ ਹੋਈ ਹੈ। (ਬਾਕੀ ਸਫ਼ਾ 2 ’ਤੇ)

ਟਾਟਾ ਸੰਨਜ਼ ਨੇ ਚੰਦਰਸ਼ੇਖਰਨ ਨੂੰ ਤੀਜੀ ਵਾਰ ਚੇਅਰਮੈਨ ਬਣਾਉਣ ਨੂੰ ਦਿੱਤੀ ਮਨਜ਼ੂਰੀ

ਮੁੰਬਈ, 17 ਸਤੰਬਰ (ਪੈ.ਗਾਮ-ਏ-ਜਗਤ)

ਟਾਟਾ ਸੰਨਜ਼ ਦੇ ਡਾਇਰੈਕਟਰ ਬੋਰਡ ਨੇ ਵੀਰਵਾਰ ਨੂੰ ਐੱਨ ਚੰਦਰਸ਼ੇਖਰਨ ਨੂੰ ਕਾਰਜਕਾਰੀ ਚੇਅਰਮੈਨ ਵਜੋਂ ਪੰਜ ਸਾਲਾਂ ਦੇ ਇੱਕ ਹੋਰ ਕਾਰਜਕਾਲ ਲਈ ਮੁੜ ਨਿਯੁਕਤ ਕਰਨ ਨੂੰ ਮਨਜ਼ੂਰੀ ਦਿੱਤੀ ਅਤੇ ਕੰਪਨੀ ਨੂੰ ਸ਼ੇਅਰ ਬਾਜ਼ਾਰ ਵਿੱਚ ਸੂਚੀਬੱਧ (ਲਿਸਟ) ਕਰਨ ਦੀ ਦਿਸ਼ਾ ਵਿੱਚ ਕਦਮ ਚੁੱਕਣ ਦਾ ਫ਼ੈਸਲਾ ਕੀਤਾ।

ਹਾਲਾਂਕਿ, ਟਾਟਾ ਸੰਨਜ਼ ਵਿੱਚ ਨਿਰਣਾਇਕ ਹਿੱਸੇਦਾਰੀ ਰੱਖਣ ਵਾਲੇ ਟਾਟਾ ਟਰੱਸਟ ਨੇ ਚੰਦਰਸ਼ੇਖਰਨ ਦੀ ਮੁੜ ਨਿਯੁਕਤੀ ਦੇ ਪ੍ਰਸਤਾਵ ’ਤੇ ਇਤਰਾਜ਼ ਜਤਾਉਂਦੇ ਹੋਏ ਇਸ ਨੂੰ ‘ਗੈਰ-ਕਾਨੂੰਨੀ’ ਦੱਸਿਆ। ਟਾਟਾ ਗਰੁੱਪ ਦੇ ਮੁੱਖ ਦਫ਼ਤਰ ‘ਬੰਮਬੇ ਹਾਊਸ’ ਵਿੱਚ ਡਾਇਰੈਕਟਰ ਬੋਰਡ ਦੀ ਲਗਪਗ ਤਿੰਨ ਘੰਟੇ ਚੱਲੀ ਮੀਟਿੰਗ ਵਿੱਚ ਇਹ ਫ਼ੈਸਲੇ ਲਏ ਗਏ। ਇਹ ਮੀਟਿੰਗ ਚੰਦਰਸ਼ੇਖਰਨ ਵੱਲੋਂ ਅਗਸਤ ਵਿੱਚ ਡਾਇਰੈਕਟਰ ਬੋਰਡ ਨੂੰ ਇਹ ਦੱਸਣ ਦੇ ਕੁਝ ਹਫ਼ਤਿਆਂ ਬਾਅਦ

- ਟਾਟਾ ਟਰੱਸਟ ਨੇ ਜਤਾਇਆ ਇਤਰਾਜ਼



ਹੋਈ ਕਿ 20 ਫਰਵਰੀ 2027 ਨੂੰ ਮੌਜੂਦਾ ਕਾਰਜਕਾਲ ਖ਼ਤਮ ਹੋਣ ਤੋਂ ਬਾਅਦ ਉਹ ਮੁੜ ਨਿਯੁਕਤੀ ਨਹੀਂ ਚਾਹੁੰਦੇ।

ਟਾਟਾ ਸੰਨਜ਼ ਨੇ ਇੱਕ ਬਿਆਨ ਵਿੱਚ ਕਿਹਾ, ਡਾਇਰੈਕਟਰ ਬੋਰਡ ਦੀ 17 ਸਤੰਬਰ 2026 ਨੂੰ ਹੋਈ ਮੀਟਿੰਗ ਵਿੱਚ ਚੰਦਰਸ਼ੇਖਰਨ ਨੇ ਬੋਰਡ ਦੀ ਬੇਨਤੀ ’ਤੇ ਆਪਣੇ ਫ਼ੈਸਲੇ ’ਤੇ ਮੁੜ ਵਿਚਾਰ ਕਰਨ ਲਈ ਸਹਿਮਤੀ ਜਤਾਈ। ਇਸ ਤੋਂ ਬਾਅਦ ਬੋਰਡ ਨੇ ਮੌਜੂਦਾ ਕਾਰਜਕਾਲ ਖ਼ਤਮ ਹੋਣ ਤੋਂ ਬਾਅਦ ਪੰਜ ਸਾਲਾਂ ਦੇ ਇੱਕ ਹੋਰ ਕਾਰਜਕਾਲ ਲਈ ਉਨ੍ਹਾਂ ਨੂੰ ਕਾਰਜਕਾਰੀ ਚੇਅਰਮੈਨ ਵਜੋਂ ਮੁੜ ਨਿਯੁਕਤ ਕਰਨ ਦਾ ਬਹੁਮਤ ਨਾਲ ਫ਼ੈਸਲਾ ਕੀਤਾ।

ਇਸ ਦੇ ਨਾਲ ਹੀ, ਡਾਇਰੈਕਟਰ ਬੋਰਡ ਨੇ ਟਾਟਾ ਸੰਨਜ਼ ਦੇ ਸੂਚੀਬੱਧ ਹੋਣ ਸਬੰਧੀ ਭਾਰਤੀ ਰਿਜ਼ਰਵ ਬੈਂਕ (ਆਰ ਬੀ ਆਈ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਦਿਸ਼ਾ ਵਿੱਚ ਕਦਮ ਚੁੱਕਣ ਦਾ ਫ਼ੈਸਲਾ ਕੀਤਾ। ਕੰਪਨੀ ਨੇ ਕਿਹਾ ਕਿ ਉਹ ਪਾਲਣਾ ਸੰਬੰਧੀ ਸ਼ਰਤਾਂ ’ਤੇ ਆਰ ਬੀ ਆਈ, ਟਾਟਾ ਟਰੱਸਟ ਅਤੇ ਹੋਰ ਹਿੱਸੇਦਾਰਾਂ ਤੋਂ ਮਾਰਗਦਰਸ਼ਨ ਲਵੇਗੀ। ਡਾਇਰੈਕਟਰ ਬੋਰਡ ਦੇ ਦੋਵਾਂ ਫ਼ੈਸਲਿਆਂ ਨੂੰ ਟਾਟਾ ਸੰਨਜ਼ ਦੀ ਆਗਾਮੀ ਸਾਲਾਨਾ ਆਮ ਮੀਟਿੰਗ (ਏ ਜੀ ਐੱਮ) ਵਿੱਚ ਮਨਜ਼ੂਰੀ ਦਿਵਾਉਣੀ ਹੋਵੇਗੀ। ਟਾਟਾ ਟਰੱਸਟ ਦੇ ਚੇਅਰਮੈਨ ਨੋਇਲ ਐੱਨ ਟਾਟਾ ਨੇ ਡਾਇਰੈਕਟਰ ਬੋਰਡ ਦੀ ਮੀਟਿੰਗ ਵਿੱਚ ਚੰਦਰਸ਼ੇਖਰਨ ਦੀ ਮੁੜ ਨਿਯੁਕਤੀ ਦਾ ਵਿਰੋਧ ਕੀਤਾ। (ਬਾਕੀ ਸਫ਼ਾ 2 ’ਤੇ)



ਅਸੀਂ ਕੈਨੇਡਾ ’ਤੇ ਰਾਜ ਕਰਾਂਗੇ; ਸਾਡੇ ਕੋਲ 5,000 ਤੋਂ ਵੱਧ ਸ਼ੂਟਰ ਹਨ : ਲਾਰੈਂਸ ਗੈਂਗ

- ਚਿੱਠੀ-ਜੇ ਤੁਸੀਂ ਸਾਡੇ ਰਾਹ ਵਿੱਚ ਆਏ ਤਾਂ ਗੋਲੀਆਂ ਚੱਲਣਗੀਆਂ

ਨਵੀਂ ਦਿੱਲੀ, 17 ਸਤੰਬਰ (ਪੈ.ਗਾਮ-ਏ-ਜਗਤ)

ਲਾਰੈਂਸ ਗੈਂਗ ਨੇ ਕੈਨੇਡੀਅਨ ਸਰਕਾਰ ਨੂੰ ਧਮਕੀ ਦਿੱਤੀ ਹੈ ਅਤੇ ਦਾਅਵਾ ਕੀਤਾ ਹੈ ਕਿ ਉਹ ਦੇਸ਼ ’ਤੇ ਰਾਜ ਕਰਨਗੇ। ਇਸ ਸਬੰਧੀ ਭਾਰਤ ਤੋਂ ਇੱਕ ਚਿੱਠੀ ਭੇਜੀ ਗਈ ਸੀ। ਦਾਅਵਾ ਕੀਤਾ ਜਾ ਰਿਹਾ ਹੈ ਕਿ ਇਹ ਚਿੱਠੀ 2025 ਵਿੱਚ ਕੈਨੇਡੀਅਨ ਸਰਕਾਰ ਨੂੰ ਭੇਜੀ ਗਈ ਸੀ। ਕੈਨੇਡਾ ਦੇ ਇੱਕ ਮੀਡੀਆ ਅਦਾਰੇ ਨੇ ਹੁਣ ਇਹ ਚਿੱਠੀ ਹਾਸਲ ਕਰ ਲਈ ਹੈ ਅਤੇ ਪੂਰੇ ਮਾਮਲੇ ਦਾ ਖੁਲਾਸਾ ਕੀਤਾ ਹੈ। ਲਾਰੈਂਸ ਇਸ ਸਮੇਂ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਹੈ।

ਚਿੱਠੀ ਦਾ ਹਵਾਲਾ ਦਿੰਦੇ ਹੋਏ ਦਾਅਵਾ ਕੀਤਾ ਗਿਆ ਹੈ ਕਿ ਲਾਰੈਂਸ ਨੇ ਕੈਨੇਡੀਅਨ ਸਰਕਾਰ ਦੇ ਨਾਲ-ਨਾਲ ਉੱਥੋਂ ਦੀ ਫੌਜ ਅਤੇ ਪੁਲਿਸ ਬਲਾਂ ਨੂੰ ਵੀ ਧਮਕੀ ਦਿੱਤੀ ਸੀ। ਇਹ ਜਾਣਕਾਰੀ ‘ਇਮੀਗ੍ਰੇਸ਼ਨ ਐਂਡ ਰਿਫਿਊਜੀ ਬੋਰਡ’ ਦੀ ਕਾਰਵਾਈ ਦੇ ਰਿਕਾਰਡ ਰਾਹੀਂ ਵੀ ਸਾਹਮਣੇ ਆਈ ਹੈ। ਚਿੱਠੀ ਦੀ ਜਾਂਚ ਚੱਲ ਰਹੀ ਹੈ। ਐਡਮੰਟਨ ਪੁਲਿਸ ਸੇਵਾ ਦੀ ‘ਆਰਗੇਨਾਈਜ਼ਡ ਕ੍ਰਾਈਮ ਬ੍ਰਾਂਚ’ ਨੇ ਇਸ ਚਿੱਠੀ ਨੂੰ ਆਪਣੇ ਰਿਕਾਰਡ ਵਿੱਚ ਸ਼ਾਮਲ ਕੀਤਾ ਅਤੇ ਇਸਨੂੰ ਐਬਟਸਫੋਰਡ ਪੁਲਿਸ ਨੂੰ ਅੱਗੇ ਭੇਜ ਦਿੱਤਾ। ਚਿੱਠੀ ਵਿੱਚ ਲਿਖਿਆ ਹੈ ਅਸੀਂ ਇੱਕ ਭਾਰਤੀ ਗੈਂਗ ਹਾਂ। ਕੈਨੇਡਾ ਵਿੱਚ (ਬਾਕੀ ਸਫ਼ਾ 2 ’ਤੇ)

ਮਨੀਪੁਰ ਦੇ ਰਾਹਤ ਕੈਂਪਾਂ ਵਿੱਚ ਮੌਤਾਂ ਉੱਤੇ ਸੁਪ੍ਰੀਮ ਕੋਰਟ ਸਖ਼ਤ

ਕਿਹਾ-34 ਮੌਤਾਂ, ਫਿਰ ਸਿਰ.ਫ 20 ਮਾਮਲਿਆਂ ਵਿੱਚ ਹੀ ਪੋਸਟਮਾਰਟਮ ਕਿਉਂ?

ਨਵੀਂ ਦਿੱਲੀ, 17 ਸਤੰਬਰ (ਪੈ.ਗਾਮ-ਏ-ਜਗਤ)

ਸੁਪ੍ਰੀਮ ਕੋਰਟ ਨੇ ਮਨੀਪੁਰ ਵਿੱਚ ਅੰਦਰੂਨੀ ਤੌਰ ’ਤੇ ਬੇਘਰ ਹੋਏ ਲੋਕਾਂ (ਆਈ.ਡੀ.ਪੀ.) ਲਈ ਬਣਾਏ ਗਏ ਰਾਹਤ ਕੈਂਪਾਂ ਵਿੱਚ ਕਈ ਲੋਕਾਂ ਦੀ ਮੌਤ ਹੋਣ ਉੱਤੇ ਵੀਰਵਾਰ ਨੂੰ ਹੈਰਾਨੀ ਜਤਾਈ। ਇਸ ਦੇ ਨਾਲ ਹੀ, ਰਾਜ ਦੇ ਮੁੱਖ ਸਕੱਤਰ ਨੂੰ ਨਿਰਦੇਸ਼ ਦਿੱਤਾ ਕਿ ਉਹ ਉੱਥੇ ਹੋਈਆਂ ਮੌਤਾਂ ਦੀ ਜਾਂਚ, ਅਪਰਾਧਿਕ ਕਾਰਵਾਈ ਸ਼ੁਰੂ ਕਰਨ ਅਤੇ ਕੈਂਪਾਂ ਵਿੱਚ ਰਹਿ ਰਹੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਚੁੱਕੇ ਗਏ ਕਦਮਾਂ ਦੀ ਜਾਣਕਾਰੀ ਅਦਾਲਤ ਨੂੰ ਦੇਣ।

ਚੀਫ਼ ਜਸਟਿਸ ਸੂਰ?ਯਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਰਾਜ ਦੇ ਉੱਚ ਅਧਿਕਾਰੀ ਤੋਂ ਪੁੱਛਿਆ ਕਿ ਜਸਟਿਸ ਗੀਤਾ ਮਿੱਤਲ ਕਮੇਟੀ ਵੱਲੋਂ ਰਾਹਤ ਕੈਂਪਾਂ ਵਿੱਚ ਆਈ.ਡੀ.ਪੀ. ਦੀਆਂ ਮੌਤਾਂ ਬਾਰੇ

- ਅਹਿਮ ਕਾਰਵਾਈ ਕਿਉਂ ਨਹੀਂ ਹੋਈ?... ਰਾਹਤ ਕੈਂਪਾਂ ਵਿੱਚ ਮੌਤ ਹੋਣ ਉੱਤੇ ਅਦਾਲਤ ਨੇ ਜਤਾਈ ਹੈਰਾਨੀ, ਮੁੱਖ ਸਕੱਤਰ ਤੋਂ ਮੰਗਿਆ ਜਵਾਬ

ਜਾਣਕਾਰੀ ਦਿੱਤੇ ਜਾਣ ਦੇ ਬਾਵਜੂਦ ਕੋਈ ਅਹਿਮ ਕਦਮ ਕਿਉਂ ਨਹੀਂ ਚੁੱਕਿਆ ਗਿਆ। ਇਨ੍ਹਾਂ ਮੌਤਾਂ ਵਿੱਚ ਅਕੁਦਰਤੀ (ਅਪ੍ਰਾਕ੍ਰਿਤਕ) ਮੌਤਾਂ ਵੀ ਸ਼ਾਮਲ ਹਨ। ਬੈਂਚ ਨੇ ਆਪਣੇ ਹੁਕਮ ਵਿੱਚ ਕਿਹਾ, ਅਸੀਂ ਮਨੀਪੁਰ ਦੇ ਮੁੱਖ ਸਕੱਤਰ ਨੂੰ ਰਾਜ ਦੇ ਰਾਹਤ ਕੈਂਪਾਂ ਵਿੱਚ ਹੋਈਆਂ ਮੌਤਾਂ, ਖ਼ਾਸ ਕਰਕੇ ਅਕੁਦਰਤੀ ਮੌਤਾਂ, ਉੱਤੇ ਹਲਫ਼ਨਾਮਾ ਦਾਖ਼ਲ ਕਰਨ ਦਾ ਨਿਰਦੇਸ਼ ਦਿੰਦੇ ਹਾਂ।

ਅਦਾਲਤ ਨੇ ਇਹ ਵੀ ਪੁੱਛਿਆ ਕਿ 34 ਮੌਤਾਂ ਵਿੱਚੋਂ ਸਿਰਫ਼ 20 ਮਾਮਲਿਆਂ ਵਿੱਚ ਹੀ ਪੋਸਟਮਾਰਟਮ



ਕਿਉਂ ਕੀਤਾ ਗਿਆ। ਬੈਂਚ ਨੇ ਕਿਹਾ, ਰਾਜ ਸਰਕਾਰ ਨੂੰ ਇਹ ਵੀ ਸਪੱਸ਼ਟ ਕਰਨਾ ਹੋਵੇਗਾ ਕਿ ਰਾਹਤ ਕੈਂਪਾਂ ਵਿੱਚ ਰਹਿਣ ਦੌਰਾਨ ਅਕੁਦਰਤੀ ਮੌਤ ਦਾ ਸ਼ਿਕਾਰ ਹੋਏ ਅੰਦਰੂਨੀ ਤੌਰ ’ਤੇ ਬੇਘਰ ਲੋਕਾਂ ਦੇ ਮਾਮਲੇ ਵਿੱਚ ਸਿਰਫ਼ 20,000 ਤੋਂ 30,000 ਰੁਪਏ ਦਾ ਮੁਆਵਜ਼ਾ ਕਿਉਂ ਦਿੱਤਾ ਗਿਆ।

ਸੁਪ੍ਰੀਮ ਕੋਰਟ ਨੇ ਮਨੀਪੁਰ ਸਟੇਟ ਲੀਗਲ ਸਰਵਿਸਿਜ਼ ਅਥਾਰਟੀ (ਐੱਮ.ਐੱਸ.ਐੱਲ.ਐੱਸ.ਏ.) ਨੂੰ ਇਸ ਮੁੱਦੇ ਉੱਤੇ ਵੱਖਰੇ ਤੌਰ ’ਤੇ ਸਥਿਤੀ ਰਿਪੋਰਟ ਦਾਖ਼ਲ (ਬਾਕੀ ਸਫ਼ਾ 2 ’ਤੇ)

ਤਾਮਿਲਨਾਡੂ ਸਰਕਾਰ ਦੀ ਪਟੀਸ਼ਨ ’ਤੇ ਸੁਪਰੀਮ ਕੋਰਟ ਦੀ ਸਖ਼ਤ ਟਿੱਪਣੀ

‘ਇੰਜ ਨਹੀਂ ਹੋ ਸਕਦਾ ਕਿ ਹਿੰਦੀ ਨਾ ਪੜ੍ਹਾਈ ਜਾਵੇ’

ਨਵੀਂ ਦਿੱਲੀ, 17 ਸਤੰਬਰ (ਪੈ.ਗਾਮ-ਏ-ਜਗਤ)

ਸੁਪਰੀਮ ਕੋਰਟ ਨੇ ਵੀਰਵਾਰ ਨੂੰ ਤਾਮਿਲਨਾਡੂ ਸਰਕਾਰ ਨੂੰ 15 ਦਸੰਬਰ, 2025 ਦੇ ਆਪਣੇ ਹੁਕਮ ਦੀ ਪਾਲਣਾ ਕਰਨ ਦਾ ਨਿਰਦੇਸ਼ ਦਿੱਤਾ, ਜਿਸ ਵਿੱਚ ਜਵਾਹਰ ਨਵੋਦਿਆ ਵਿਦਿਆਲਿਆ ਦੀ ਸਥਾਪਨਾ ਲਈ ਹਰੇਕ ਜ਼ਿਲ੍ਹੇ ਵਿੱਚ ਜ਼ਮੀਨ ਦੀ ਪਛਾਣ ਕਰਨ ਦਾ ਆਦੇਸ਼ ਦਿੱਤਾ ਗਿਆ ਸੀ। ਇਸਨੇ ਰਾਜ ਅਤੇ ਕੇਂਦਰ ਸਰਕਾਰ ਨੂੰ ਇਨ੍ਹਾਂ ਸਕੂਲਾਂ ਬਾਰੇ ਆਪਣੇ ਮਤਭੇਦਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਲਈ ਵੀ ਕਿਹਾ।



ਜਸਟਿਸ ਬੀ.ਵੀ. ਨਾਗਾਰਥਨਾ ਅਤੇ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਨਵੋਦਿਆ ਸਕੂਲਾਂ ਵਿੱਚ ਅਪਣਾਈ ਜਾ ਰਹੀ ਤਿੰਨ-ਭਾਸ਼ਾ ਨੀਤੀ ਦੇ ਤਾਮਿਲਨਾਡੂ ਦੇ ਵਿਰੋਧ ’ਤੇ ਵੀ ਸਵਾਲ ਉਠਾਏ। ਬੈਂਚ ਨੇ ਕਿਹਾ ਕਿ ਰਾਜ ਨੂੰ ਇਨ੍ਹਾਂ ਕੇਂਦਰੀ ਫੰਡ ਪ੍ਰਾਪਤ ਸੰਸਥਾਵਾਂ ਨੂੰ ਆਪਣੀ ਮੌਜੂਦਾ ਸਿੱਖਿਆ ਪ੍ਰਣਾਲੀ ਲਈ ਖ਼ਤਰਾ ਨਹੀਂ ਸਮਝਣਾ ਚਾਹੀਦਾ। ਸੁਣਵਾਈ ਦੌਰਾਨ, ਜਸਟਿਸ ਨਾਗਰਥਨਾ ਨੇ ਕਿਹਾ, ਤੁਹਾਨੂੰ ਆਪਣੀ ਮਾਨਸਿਕਤਾ ਬਦਲਣੀ ਪਵੇਗੀ; ਇਹ ਸੰਭਵ ਨਹੀਂ ਹੈ ਕਿ ਤਾਮਿਲਨਾਡੂ ਵਿੱਚ ਹਿੰਦੀ (ਬਾਕੀ ਸਫ਼ਾ 2 ’ਤੇ)

ਵੈਟਨਰੀ ਯੂਨੀਵਰਸਿਟੀ ਵਿਖੇ ਪਸ਼ੂ ਪਾਲਣ ਮੇਲੇ ਵਿੱਚ ਨਵੇਂ ਉਤਪਾਦ ਅਤੇ ਤਕਨੀਕਾਂ ਕੀਤੀਆਂ ਜਾਣਗੀਆਂ ਪ੍ਰਦਰਸ਼ਿਤ

- ਪ੍ਰੀਮੀਅਮ ਕਰੀਮ ਚੀਜ਼ 'ਮਖ਼ਮਲੀ'
- ਬੱਕਰੀ ਦੇ ਦੁੱਧ ਦਾ ਫੇਟਾ ਚੀਜ਼
- ਦੁੱਧ ਵਿੱਚ ਮਿਲਾਵਟ ਦਾ ਪਤਾ ਲਗਾਉਣ ਲਈ ਕਾਗਜ਼ੀ-ਸਟ੍ਰਿਪ ਕਿੱਟ, ਬੱਕਰੀ ਦੇ ਦੁੱਧ ਦਾ ਵਿਲੱਖਣ ਸ਼ੈਂਪੂ, ਸ਼ੇਵਰੇ ਚੀਜ਼

ਲੁਧਿਆਣਾ-17 ਸਤੰਬਰ (ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦਾ ਪਸ਼ੂ ਪਾਲਣ ਮੇਲਾ ਹਰ ਉਮਰ ਦੇ ਮਰਦਾਂ, ਔਰਤਾਂ ਤੇ ਬੱਚਿਆਂ ਲਈ ਇਕ ਵਧੀਆ ਪ੍ਰਦਰਸ਼ਨੀ ਹੋਵੇਗੀ। ਮੇਲੇ ਨੂੰ ਸੁਚਾਰੂ ਰੂਪ ਨਾਲ ਚਲਾਉਣ ਵਾਸਤੇ ਸਾਰੀਆਂ ਤਿਆਰੀਆਂ ਸੰਪੂਰਨ ਹੋ ਚੁੱਕੀਆਂ ਹਨ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ, ਵੈਟਨਰੀ ਯੂਨੀਵਰਸਿਟੀ ਨੇ ਕਿਹਾ ਕਿ ਇਸ ਵਾਰ ਦਾ ਮੇਲਾ ਜੈਵਿਕ ਸੁਰੱਖਿਆ ਦੀ ਜਾਗਰੂਕਤਾ ਨੂੰ ਸਮਰਪਿਤ ਹੋਵੇਗਾ ਇਸ ਲਈ ਮੇਲੇ ਦਾ ਨਾਅਰਾ ਰੱਖਿਆ ਗਿਆ ਹੈ 'ਮਜ਼ਬੂਤ ਜੈਵਿਕ ਸੁਰੱਖਿਆ, ਕਰੇ ਬਿਮਾਰੀਆਂ ਤੋਂ ਰੱਖਿਆ'। ਪਸ਼ੂ ਪਾਲਕਾਂ ਨੂੰ ਜੈਵਿਕ ਸੁਰੱਖਿਆ ਦੇ ਵਿਭਿੰਨ ਨੁਕਤਿਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਪਸ਼ੂ ਬਿਮਾਰੀਆਂ ਤੋਂ ਬਚਣ ਦੇ ਉਪਰਾਲੇ ਦੱਸੇ ਜਾਣਗੇ ਉਨ੍ਹਾਂ ਕਿਹਾ ਕਿ ਸਿਰਫ ਕਿਸਾਨਾਂ ਲਈ ਹੀ ਨਹੀਂ ਬਲਕਿ ਹਰ ਨਾਗਰਿਕ ਲਈ ਮੇਲੇ ਵਿੱਚ ਕੁਝ ਨਾ ਕੁਝ ਖਿੱਚ ਦਾ ਵਿਸ਼ਾ ਜ਼ਰੂਰ ਹੋਵੇਗਾ। 18 ਅਤੇ 19 ਸਤੰਬਰ ਨੂੰ ਚੱਲਣ ਵਾਲੇ ਪਸ਼ੂ ਪਾਲਣ ਮੇਲੇ ਸਬੰਧੀ ਉਨਾਂ ਦੱਸਿਆ ਕਿ ਮੇਲੇ ਵਿੱਚ ਹਰ ਵਰਗ ਉਮਰ ਤੇ ਸੁਭਾਅ ਵਾਸਤੇ ਵੱਖ-ਵੱਖ ਵਸਤੂਆਂ ਅਤੇ ਨੁਮਾਇਸ਼ਾਂ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ।

ਡਾ. ਗਿੱਲ ਨੇ ਦੱਸਿਆ ਕਿ ਕਾਲਜ ਆਫ਼ ਡੇਅਰੀ ਅਤੇ ਫੂਡ ਸਾਇੰਸ ਤਕਨਾਲੋਜੀ ਵੱਲੋਂ ਆਪਣੀਆਂ ਨਵੀਨਕਾਰੀ ਤਕਨਾਲੋਜੀਆਂ, ਗੁਣਵੱਤਾ ਭਰਪੂਰ ਡੇਅਰੀ ਉਤਪਾਦਾਂ ਅਤੇ ਉੱਦਮਤਾ ਪਹਿਲਕਦਮੀਆਂ ਦਾ ਇੱਕ ਵਿਸ਼ੇਸ਼ ਪ੍ਰਦਰਸ਼ਨ ਕਰੇਗੀ। ਇਨ੍ਹਾਂ ਵਿੱਚ ਮੱਝ ਦੇ ਦੁੱਧ ਤੋਂ ਤਿਆਰ ਇੱਕ ਪ੍ਰੀਮੀਅਮ ਕਰੀਮ ਚੀਜ਼ 'ਮਖ਼ਮਲੀ' , ਵਿਸ਼ੇਸ਼ ਚੀਜ਼ , ਮੋਜ਼ੇਰੇਲਾ ਚੀਜ਼, ਬੱਕਰੀ ਦੇ ਦੁੱਧ ਦਾ ਫੇਟਾ ਚੀਜ਼ ਅਤੇ ਹੋਰ ਗੁਣਵੱਤਾ ਭਰਪੂਰ ਡੇਅਰੀ ਉਤਪਾਦ ਸ਼ਾਮਲ ਹਨ। ਇਹ ਉਪਰਾਲਾ ਯੂਨੀਵਰਸਿਟੀ ਦੀ ਅੰਤਰਰਾਸ਼ਟਰੀ ਪਹੁੰਚ ਦੀ ਪਹਿਲਕਦਮੀ ਨੂੰ ਉਜਾਗਰ ਕਰੇਗਾ।

ਪ੍ਰਦਰਸ਼ਿਤ ਕੀਤੀ ਜਾਣ ਵਾਲੀ ਇੱਕ ਹੋਰ ਮਹੱਤਵਪੂਰਨ ਤਕਨਾਲੋਜੀ ਦੁੱਧ ਵਿੱਚ ਮਿਲਾਵਟ ਦਾ ਪਤਾ ਲਗਾਉਣ ਲਈ ਇੱਕ ਕਾਗਜ਼ੀ-ਸਟ੍ਰਿਪ ਕਿੱਟ ਹੈ। ਇਹ ਕਿੱਟ 30 ਸਕਿੰਟਾਂ ਤੋਂ ਪੰਜ ਮਿੰਟਾਂ ਦੇ ਅੰਦਰ ਯੂਰੀਆ, ਨਿਊਟ੍ਰਲਾਈਜ਼ਰ, ਨਮਕ, ਹਾਈਡ?ਰੋਜਨ ਪਰਆਕਸਾਈਡ ਅਤੇ ਫਾਰਮਲਿਨ ਵਰਗੀਆਂ ਆਮ ਮਿਲਾਵਟਾਂ ਦੀ ਪਛਾਣ ਕਰ ਸਕਦੀ ਹੈ।



ਯੂਨੀਵਰਸਿਟੀ ਆਪਣੇ 'GADVASU Pure' ਬ੍ਰਾਂਡ ਦੇ ਅਧੀਨ ਵਿਕਸਤ ਉਤਪਾਦਾਂ ਨੂੰ ਵੀ ਪ੍ਰਦਰਸ਼ਿਤ ਕਰੇਗੀ, ਜਿਸ ਵਿੱਚ ਬੱਕਰੀ ਦੇ ਦੁੱਧ ਦਾ ਵਿਲੱਖਣ ਸ਼ੈਂਪੂ ਵੀ ਸ਼ਾਮਲ ਹੈ। ਸ਼ੇਵਰੇ ਚੀਜ਼ ਅਤੇ ਹੋਰ ਅਜਿਹੇ ਉਤਪਾਦਾਂ ਦਾ ਵਿਕਾਸ, ਪਸ਼ੂ ਪਾਲਕਾਂ ਨੂੰ ਵਿਭਿੰਨਤਾ ਅਤੇ ਵੱਧ ਮੁਨਾਫਾ ਕਮਾਉਣ ਲਈ ਨਵੇਂ ਮੌਕੇ ਪ੍ਰਦਾਨ ਕਰਦਾ ਹੈ।

ਇਹ ਸਮਾਗਮ ਉਨ੍ਹਾਂ ਉੱਦਮੀਆਂ ਦੀ ਸਫਲਤਾ ਨੂੰ ਵੀ ਉਜਾਗਰ ਕਰੇਗਾ ਜਿਨ੍ਹਾਂ ਨੇ ਯੂਨੀਵਰਸਿਟੀ ਤੋਂ ਸਿਖਲਾਈ, ਤਕਨੀਕੀ ਮਾਰਗਦਰਸ਼ਨ ਅਤੇ ਇਨਕਿਊਬੇਸ਼ਨ ਸਹਾਇਤਾ ਪ੍ਰਾਪਤ ਕੀਤੀ ਹੈ। '72 ਡਿਗਰੀ', 'ਗ੍ਰੀਨ ਪਾਕੇਟਸ', 'ਗ੍ਰੈਂਡਪਾਸਨ ਡੇਅਰੀ ਪ੍ਰੋਡਕਟਸ', 'ਮਨਪ੍ਰੀਤ ਡੇਅਰੀ ਫਾਰਮ' ਅਤੇ 'ਤੇਜਸ ਡੇਅਰੀ ਪ੍ਰੋਡਕਟਸ' ਵਰਗੇ ਉੱਦਮ ਕਈ ਤਰ੍ਹਾਂ ਦੇ ਨਵੀਨਕਾਰੀ ਡੇਅਰੀ ਉਤਪਾਦਾਂ ਨੂੰ ਪ੍ਰਦਰਸ਼ਿਤ ਕਰਨਗੇ।

ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਨੇ ਦੱਸਿਆ ਕਿ ਘਰਾਂ ਵਿੱਚ ਪਾਲਤੂ ਜਾਨਵਰ ਜਿਵੇਂ ਕੁੱਤਾ, ਬਿੱਲੀ ਆਦਿ ਰੱਖਣ ਵਾਲੇ ਮਾਲਕ ਵੀ ਇਸ ਮੇਲੇ ਵਿੱਚ ਵਿਸ਼ੇਸ਼ ਆਨੰਦ ਲੈਣਗੇ ਕਿਉਂਕਿ ਇਨਾਂ ਜਾਨਵਰਾਂ ਨੂੰ ਬਿਹਤਰ ਢੰਗ ਨਾਲ ਪਾਲਣ, ਖੁਰਾਕ ਦੇਣ ਤੇ ਟੀਕਾਕਰਨ ਲਈ ਮਾਹਿਰ ਮੌਕੇ 'ਤੇ ਹੀ ਉਨਾਂ ਨੂੰ ਜਾਣਕਾਰੀਆਂ ਦੇਣਗੇ ਉਨ੍ਹਾਂ ਕਿਹਾ ਕਿ ਕਿਸਾਨ ਵੀਰ ਆਪਣੇ ਪਸ਼ੂਆਂ ਦਾ ਖੂਨ, ਗੋਹਾ, ਪਿਸ਼ਾਬ ਅਤੇ ਦੁੱਧ ਜਾਂਚ ਵਾਸਤੇ ਲਿਆ ਸਕਦੇ ਹਨ ਮੇਲੇ ਵਿਚ ਜਾਂਚ ਦੀ ਕੋਈ ਫੀਸ ਨਹੀਂ ਲਈ ਜਾਏਗੀ ਯੂਨੀਵਰਸਿਟੀ ਨੇ ਸਜਾਵਟੀ ਮੱਛੀਆਂ ਨੂੰ ਰੱਖਣ ਤੇ ਪਾਲਣ ਵਾਸਤੇ ਵਿਸ਼ੇਸ਼ ਕੰਮ ਕੀਤਾ ਹੈ ਉਸ ਸਬੰਧੀ ਮੱਛੀਆਂ ਦੇ ਸ਼ੌਕੀਨ ਹੋਰ ਸੂਚਨਾਵਾਂ ਪ੍ਰਾਪਤ ਕਰ ਸਕਣਗੇ ਮੱਛੀ ਪਾਲਣ ਦਾ ਕਿੱਤਾ ਕਰਨ ਵਾਲਿਆਂ ਨੂੰ ਹਰ ਤਰ੍ਹਾਂ ਦਾ ਗਿਆਨ ਫ਼ਿਸ਼ਰੀਜ਼ ਕਾਲਜ ਦੇ ਮਾਹਿਰਾਂ ਵੱਲੋਂ ਦਿੱਤਾ ਜਾਏਗਾ। ਮੇਲੇ ਵਿਚ ਤਿੰਨ ਅਗਾਂਹਵਧੂ ਕਿਸਾਨਾਂ ਨੂੰ ਮੁੱਖ ਮੰਤਰੀ ਪੁਰਸਕਾਰ ਵੀ ਦਿੱਤੇ ਜਾਣਗੇ।

ਡਾ. ਗਰੇਵਾਲ ਨੇ ਜਾਣਕਾਰੀ ਦਿੱਤੀ ਕਿ ਘਰੇਲੂ ਸੁਆਣੀਆਂ ਜੋ ਕਿ ਪਸ਼ੂਧਨ ਕਿੱਤਿਆਂ ਵਿੱਚ ਮਦਦ ਕਰਦੀਆਂ ਹਨ ਜਾਂ ਪੂਰਨ ਤੌਰ 'ਤੇ ਕੰਮ ਕਰ ਰਹੀਆਂ ਹਨ ਉਹ ਮੇਲੇ ਵਿੱਚ ਆ ਕੇ ਪਸ਼ੂ ਉਤਪਾਦਾਂ ਦੇ ਨਵੇਂ ਤੇ ਬਿਹਤਰ ਉਪਯੋਗ ਜਾਨਣ ਲਈ ਵਿਚਾਰ ਵਟਾਂਦਰਾ ਕਰ ਸਕਦੀਆਂ ਹਨ। ਯੂਨੀਵਰਸਿਟੀ ਦੇ ਡੇਅਰੀ ਅਤੇ ਫੂਡ ਸਾਇੰਸ ਤਕਨਾਲੋਜੀ ਕਾਲਜ ਅਤੇ ਪਸ਼ੂਧਨ ਉਤਪਾਦ ਤਕਨਾਲੋਜੀ ਵਿਭਾਗ ਅਤੇ ਫ਼ਿਸ਼ਰੀਜ ਕਾਲਜ ਵੱਲੋਂ ਤਿਆਰ ਗੁਣਵੱਤਾ ਭਰਪੂਰ ਵਸਤਾਂ ਨੂੰ ਬਨਾਉਣ ਦੇ ਤਰੀਕੇ ਤੇ ਉਨਾਂ ਦਾ ਸੁਆਦ ਪਰਖਣ ਦਾ ਇਹ ਇਕ ਲਾਹੇਵੰਦ ਮੌਕਾ ਹੈ ਸੁਆਦ ਦੇ ਸ਼ੌਕੀਨ ਸ਼ਾਕਾਹਾਰੀ ਤੇ ਮਾਸਾਹਾਰੀ ਦੋਵਾਂ ਕਿਸਮ ਦੇ ਲੋਕਾਂ ਵਾਸਤੇ ਕਈ ਤਰਾਂ ਦੇ ਭੋਜਨ ਪਦਾਰਥ ਜਿਵੇਂ ਮਿੱਠਾ ਦੁੱਧ, ਲੱਸੀ, ਮਿੱਠਾ ਦਹੀ, ਮੀਟ ਪੈਟੀਆਂ, ਮੀਟ ਕੋਫਤੇ, ਮੀਟ ਦੇ ਆਚਾਰ ਅਤੇ ਘੱਟ ਚਿਕਨਾਈ ਵਾਲਾ ਪਨੀਰ ਵਿਸ਼ੇਸ਼ ਖਿੱਚ ਵਾਲੀਆਂ ਹੋਣਗੀਆਂ ਮੀਟ ਕਟਲੇਟ ਅਤੇ ਕਈ ਤਰ੍ਹਾਂ ਦੇ ਹੋਰ ਉਤਪਾਦ ਵੀ ਖਿੱਚ ਦਾ ਕੇਂਦਰ ਹੋਣਗੇ। ਡਾ. ਗਰੇਵਾਲ ਨੇ ਕਿਹਾ ਕਿ ਬੇਰੁਜ਼ਗਾਰ ਯੁਵਕਾਂ ਅਤੇ ਛੋਟੇ ਕਿਸਾਨਾਂ ਲਈ ਮੇਲੇ ਵਿੱਚ ਕਈ ਖਿੱਚ ਦੇ ਵਿਸ਼ੇ ਹੋਣਗੇ। ਜਿਹੜੇ ਵੀ ਕਿਸਾਨ ਥੋੜੇ ਪੈਸਿਆਂ ਨਾਲ ਆਪਣਾ ਧੰਦਾ ਕਰਨਾ ਚਾਹੁੰਦੇ ਹਨ ਉਸ ਸਬੰਧੀ ਜਾਣਕਾਰੀ ਅਤੇ ਵਿਤੀ ਸਹਾਇਤਾ ਬਾਰੇ ਮੇਲੇ ਵਿੱਚ ਮਾਹਿਰ ਵਿਗਿਆਨੀ ਤੇ ਬੈਂਕਾਂ ਦੇ ਅਧਿਕਾਰੀ ਹਰ ਕਿਸਮ ਦੀ ਜਾਣਕਾਰੀ ਦੇਣਗੇ। ਉਨਾਂ ਕਿਹਾ ਕਿ ਖਾਣ ਵਾਲੇ ਪਦਾਰਥਾਂ ਨੂੰ ਸ਼ੁੱਧ, ਵਧੀਆ ਤੇ ਤੇਜ਼ੀ ਨਾਲ ਤਿਆਰ ਕਰਨ ਵਾਲੀ ਮਸ਼ੀਨਰੀ ਵੀ ਮੇਲੇ ਵਿੱਚ ਰੱਖੀ ਜਾਵੇਗੀ ਤਾਂ ਕਿ ਸਾਨੂੰ ਮਿਲਣ ਵਾਲੇ ਉਤਪਾਦ ਜਿਸ ਸਾਫ ਸੁਥਰੇ ਮਾਹੌਲ ਵਿੱਚ ਤਿਆਰ ਹੁੰਦੇ ਹਨ ਉਸ ਬਾਰੇ ਆਮ ਨਾਗਰਿਕ ਜਾਣ ਸਕਨ ਜਾਂ ਉੱਦਮੀ ਆਪਣੇ ਉਦਯੋਗ ਨੂੰ ਹੋਰ ਬਿਹਤਰ ਬਣਾ ਸਕਨ।

ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਦੇ ਗਣਿਤ ਵਿਭਾਗ ਵੱਲੋਂ ਇੰਡਸਟਰੀ-ਅਕੈਡਮੀਆ ਐਕਸਪਰਟ ਲੈਕਚਰ ਵੀਕ ਤਹਿਤ ਵਿਸ਼ੇਸ਼ ਲੈਕਚਰ ਦਾ ਆਯੋਜਨ

ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਦੇ ਗਣਿਤ ਵਿਭਾਗ ਵੱਲੋਂ ਇੰਡਸਟਰੀ-ਅਕੈਡਮੀਆ ਐਕਸਪਰਟ ਲੈਕਚਰ ਵੀਕ (14 ਤੋਂ 18 ਸਤੰਬਰ 2026) ਦੇ ਤਹਿਤ 17 ਸਤੰਬਰ 2026 ਨੂੰ L-26 ਵਿੱਚ "ਭਾਰਤੀ ਉਦਯੋਗਾਂ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਦੀਆਂ ਐਪਲੀਕੇਸ਼ਨਾਂ"ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ।

ਇਹ ਲੈਕਚਰ ਸ਼੍ਰੀ ਕਰਨ ਚੈਕਰ, CEO, ESS ENN Associates, ਚੰਡੀਗੜ੍ਹ ਵੱਲੋਂ ਦਿੱਤਾ ਗਿਆ। ਸੈਸ਼ਨ ਦੌਰਾਨ ਭਾਰਤੀ ਵਪਾਰਕ ਪਰਿਵੇਸ਼ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਧ ਰਹੀ ਭੂਮਿਕਾ ਅਤੇ ਵੱਖ-ਵੱਖ ਖੇਤਰਾਂ ਵਿੱਚ ਇਸ ਦੀਆਂ ਐਪਲੀਕੇਸ਼ਨਾਂ ਬਾਰੇ ਚਰਚਾ ਕੀਤੀ ਗਈ। ਸ਼੍ਰੀ ਚੈਕਰ ਨੇ ਦੱਸਿਆ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ-ਆਧਾਰਿਤ ਤਕਨਾਲੋਜੀਆਂ ਰਵਾਇਤੀ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਕਿਵੇਂ ਬਦਲ ਰਹੀਆਂ ਹਨ, ਕਾਰਜਕੁਸ਼ਲਤਾ ਵਿੱਚ ਸੁਧਾਰ ਕਰ ਰਹੀਆਂ ਹਨ, ਡਾਟਾ-ਆਧਾਰਿਤ ਫੈਸਲਾ ਲੈਣ ਵਿੱਚ ਸਹਾਇਤਾ ਕਰ ਰਹੀਆਂ ਹਨ ਅਤੇ ਉਦਯੋਗਾਂ ਲਈ ਨਵੇਂ ਮੌਕੇ ਪੈਦਾ ਕਰ ਰਹੀਆਂ ਹਨ।



ਵਕਤਾ ਨੇ ਸਮਕਾਲੀ ਕਾਰੋਬਾਰੀ ਚੁਣੌਤੀਆਂ ਨਾਲ ਨਜਿੱਠਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਜ਼ਿੰਮੇਵਾਰੀ ਅਤੇ ਰਣਨੀਤਕ ਢੰਗ ਨਾਲ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਲੈਕਚਰ ਦੌਰਾਨ ਆਰਟੀਫੀਸ਼ੀਅਲ ਇੰਟੈਲੀਜੈਂਸ ਦੀਆਂ ਵਿਹਾਰਕ ਐਪਲੀਕੇਸ਼ਨਾਂ ਅਤੇ ਉਹਨਾਂ ਹੁਨਰਾਂ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਗਈ, ਜਿਨ੍ਹਾਂ ਦੀ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੂੰ ਤੇਜ਼ੀ ਨਾਲ ਆਰਟੀਫੀਸ਼ੀਅਲ ਇੰਟੈਲੀਜੈਂਸ-ਆਧਾਰਿਤ ਬਣ ਰਹੇ ਵਾਤਾਵਰਣ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਲਈ ਲੋੜ ਹੈ। ਇਹ ਲੈਕਚਰ ਬਹੁਤ ਹੀ ਜਾਣਕਾਰੀਪ੍ਰਦ ਅਤੇ ਰੁਚਿਕਰ ਰਿਹਾ। ਇਸ ਵਿੱਚ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਉਦਯੋਗਿਕ ਖੇਤਰ ਨਾਲ ਜੁੜੇ ਪੇਸ਼ੇਵਰਾਂ ਸਮੇਤ ਵੱਖ-ਵੱਖ ਵਰਗਾਂ ਦੇ ਭਾਗੀਦਾਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਅੰਤ ਵਿੱਚ ਹੋਏ ਇੰਟਰਐਕਟਿਵ ਪ੍ਰਸ਼ਨ-ਉੱਤਰ ਸੈਸ਼ਨ ਦੌਰਾਨ ਭਾਗੀਦਾਰਾਂ ਨੇ ਆਪਣੇ ਸਵਾਲਾਂ ਦੇ ਜਵਾਬ ਪ੍ਰਾਪਤ ਕੀਤੇ ਅਤੇ ਤਕਨਾਲੋਜੀ-ਆਧਾਰਿਤ ਉਦਯੋਗਾਂ ਵਿੱਚ ਕਰੀਅਰ ਦੀਆਂ ਸੰਭਾਵਨਾਵਾਂ ਬਾਰੇ ਹੋਰ ਡੂੰਘੀ ਜਾਣਕਾਰੀ ਹਾਸਲ ਕੀਤੀ।

ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ

- ਪਿੰਡ ਵਾਸੀਆਂ ਦੀ ਰਾਏ ਅਨੁਸਾਰ ਉਲੀਕੀ ਜਾ ਰਹੀ ਵਿਕਾਸ ਕਾਰਜਾਂ ਦੀ ਰੂਪ-ਰੇਖਾ : ਸੁਖਵੀਰ ਸਿੰਘ

ਧੂਰੀ, 17 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਦੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਹੋਰ ਵਿਕਾਸ ਕਾਰਜਾਂ ਦੀ ਰੂਪ-ਰੇਖਾ ਉਲੀਕਣ ਦੇ ਮੰਤਵ ਨਾਲ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਪਿੰਡ ਪੇਧਨੀ ਕਲਾਂ, ਕੱਕੜਵਾਲ, ਰੰਚਣਾ, ਈਸੀ, ਮੀਮਸਾ, ਖੇੜੀ ਜੱਟਾਂ, ਢਢੋਗਲ, ਸ਼ੇਰਪੁਰ ਸੋਢੀਆਂ ਅਤੇ ਭੁੱਲਰਹੇੜੀ ਵਿਖੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ।



ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡਾਂ ਦੇ ਵਸਨੀਕਾਂ ਨਾਲ ਵਿਸਥਾਰਪੂਰਵਕ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੌਜੂਦਾ ਲੋੜਾਂ, ਬੁਨਿਆਦੀ ਸਹੂਲਤਾਂ ਨਾਲ ਸਬੰਧਤ ਸਮੱਸਿਆਵਾਂ ਅਤੇ ਭਵਿੱਖ ਵਿੱਚ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਬਾਰੇ ਸੁਝਾਅ ਲਏ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਲੋਕਾਂ ਦੀਆਂ ਲੋੜਾਂ ਅਤੇ ਸਾਂਝੀ ਰਾਏ ਅਨੁਸਾਰ ਕੀਤਾ ਜਾਣਾ ਮਹੱਤਵਪੂਰਨ ਹੈ, ਤਾਂ ਜੋ ਵਿਕਾਸ ਕਾਰਜਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਸਕੇ।

ਦੌਰੇ ਦੌਰਾਨ ਪਿੰਡਾਂ ਵਿੱਚ ਖੇਡਾਂ ਅਤੇ ਨੌਜਵਾਨਾਂ ਦੀ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਜਿਮ ਦੀਆਂ ਸਹੂਲਤਾਂ, ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਆਮ ਆਦਮੀ ਕਲੀਨਿਕਾਂ ਅਤੇ ਸਮਾਜਿਕ ਸਮਾਗਮਾਂ ਲਈ ਕਮਿਊਨਿਟੀ ਹਾਲਾਂ ਨਾਲ ਸਬੰਧਤ ਕਾਰਜਾਂ ਬਾਰੇ ਜਾਣਕਾਰੀ ਲਈ ਗਈ। ਇਸ ਤੋਂ ਇਲਾਵਾ ਸੀਵਰੇਜ ਪ੍ਰਬੰਧ, ਸੀ.ਸੀ.ਟੀ.ਵੀ. ਕੈਮਰੇ ਲਗਾਉਣ, ਸਟਰੀਟ ਲਾਈਟਾਂ ਅਤੇ ਪਾਰਕਾਂ ਦੇ ਵਿਕਾਸ ਵਰਗੇ ਅਹਿਮ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਓ.ਐਸ.ਡੀ. ਨੇ ਛੱਪੜਾਂ ਦੀ ਸਫ਼ਾਈ ਅਤੇ ਉਨ੍ਹਾਂ ਦੇ ਪਾਣੀ ਦੇ ਢੁਕਵੇਂ ਪ੍ਰਬੰਧਨ ਲਈ ਟਰੀਟਮੈਂਟ ਪਲਾਂਟਾਂ ਦੀ ਲੋੜ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਨਾਲ ਸਬੰਧਤ ਮੁੱਦਿਆਂ ਬਾਰੇ ਵੀ ਪਿੰਡ ਵਾਸੀਆਂ ਤੋਂ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਨ, ਸੁਚੱਜਾ ਪਾਣੀ ਨਿਕਾਸੀ ਪ੍ਰਬੰਧ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਉਪਲਬਧਤਾ ਪਿੰਡਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਅਹਿਮ ਹਨ।

ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਲੋਕਾਂ ਨਾਲ ਸਿੱਧਾ ਸੰਪਰਕ ਕਰਨਾ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਦੱਸੀਆਂ ਗਈਆਂ ਮੰਗਾਂ ਅਤੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਸਬੰਧੀ ਲੋੜੀਂਦੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ, ਤਾਂ ਜੋ ਪਿੰਡਾਂ ਦੀਆਂ ਤਰਜੀਹਾਂ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾ ਸਕੇ।

ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬਿਹਤਰ ਬੁਨਿਆਦੀ ਢਾਂਚਾ, ਸਿਹਤ ਸਹੂਲਤਾਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਲੋਕਾਂ ਲਈ ਸਾਂਝੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਰਬਪੱਖੀ ਵਿਕਾਸ ਦਾ ਅਹਿਮ ਹਿੱਸਾ ਹੈ। ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦਾ ਮਕਸਦ ਲੋਕਾਂ ਨੂੰ ਉਨ੍ਹਾਂ ਦੇ ਆਪਣੇ ਪਿੰਡਾਂ ਵਿੱਚ ਹੀ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਦੀ ਭਾਗੀਦਾਰੀ ਨਾਲ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਕਰਨ ਨਾਲ ਪਿੰਡਾਂ ਦੀਆਂ ਅਸਲ ਲੋੜਾਂ ਨੂੰ ਸਮਝਣ ਅਤੇ ਉਨ੍ਹਾਂ ਅਨੁਸਾਰ ਕਾਰਜਾਂ ਨੂੰ ਤਰਜੀਹ ਦੇਣ ਵਿੱਚ ਮਦਦ ਮਿਲਦੀ ਹੈ। ਇਸ ਮੌਕੇ ਏ.ਡੀ.ਸੀ. ਸੁਖਚੈਨ ਸਿੰਘ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਂਦਰਾ, ਰੂਬਲ ਬਾਜਵਾ ਸਮੇਤ ਹੋਰ ਪਤਵੰਤੇ, ਸਬੰਧਤ ਅਧਿਕਾਰੀ ਅਤੇ ਪਿੰਡ ਵਾਸੀ ਮੌਜੂਦ ਸਨ।

ਪੀ.ਆਰ.ਟੀ.ਸੀ. ਪੈਨਸ਼ਨਰਾਂ ਨੇ ਮੁੱਖ ਦਫਤਰ ਘੇਰ ਕੇ ਬਕਾਏ ਜਾਰੀ ਕਰਨ ਦੀ ਕੀਤੀ ਮੰਗ

ਪਟਿਆਲਾ, 17 ਸਤੰਬਰ (ਪੈ.ਗਾਮ-ਏ-ਜਗਤ)

ਪੀ.ਆਰ.ਟੀ.ਸੀ. ਦੇ ਪੈਨਸ਼ਨਰਾਂ ਨੇ ਰਹਿੰਦੀ ਪੈਨਸ਼ਨ ਅਤੇ ਬਕਾਏ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਆਪਣੀ ਮਾਸਿਕ ਮੀਟਿੰਗ ਨੂੰ ਧਰਨੇ ਦੇ ਰੂਪ ਵਿੱਚ ਤਬਦੀਲ ਕਰਦਿਆਂ ਪੀ ਆਰ ਟੀ ਸੀ ਦੇ ਮੁੱਖ ਦਫਤਰ ਵਿਖੇ ਭਾਰੀ ਗਿਣਤੀ ਵਿੱਚ ਇਕੱਠੇ ਹੋ ਕੇ ਪੰਜਾਬ ਸਰਕਾਰ ਅਤੇ ਪੀ ਆਰ ਟੀ ਸੀ ਦੀ ਮੈਨੇਜਮੈਂਟ ਵਿਰੁੱਧ ਰੋਸ ਪ੍ਰਗਟ ਕੀਤਾ। ਪੀ ਆਰ ਟੀ ਸੀ ਪੈਨਸ਼ਨਰਜ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਚੇਅਰਮੈਨ ਮੁਕੰਦ ਸਿੰਘ ਅਤੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਹੇਠ ਵੱਖ-ਵੱਖ ਡਿੱਪੂਆਂ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ।



ਹਰ ਡਿੱਪੂ ਨਾਲ ਸਬੰਧਤ ਬੁਲਾਰਿਆਂ ਨੇ ਮੈਨੇਜਮੈਂਟ ਵੱਲੋਂ ਮਾਸਿਕ ਪੈਨਸ਼ਨ ਪੂਰੀ ਨਾ ਦੇ ਕੇ ਕੇਵਲ 33% ਪੈਨਸ਼ਨ ਦੇਣ ਦੀ ਨਿਖੇਧੀ ਕੀਤੀ। ਉਨ੍ਹਾਂ ਰਹਿੰਦੀ ਪੈਨਸ਼ਨ ਤੁਰੰਤ ਜਾਰੀ ਕਰਨ, 2016 ਦੇ ਗਰੇਡਾਂ ਦੇ ਬਕਾਏ ਦੇਣ, ਡੇਢ ਸਾਲ ਤੋਂ ਲੰਬਤ ਮੈਡੀਕਲ ਬਿਲਾਂ ਦੀ ਅਦਾਇਗੀ ਕਰਨ ਅਤੇ ਨਵੇਂ ਰਿਟਾਇਰੀਆਂ ਦੇ ਬਕਾਏ ਦੇਣ ਦੀ ਮੰਗ ਕੀਤੀ।

ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਦੋਂ ਵੀ ਉਹ ਮੈਨੇਜਮੈਂਟ ਕੋਲ ਗਏ, ਉਨ੍ਹਾਂ ਨੂੰ ਇਹ ਭਰੋਸਾ ਦਿੱਤਾ ਗਿਆ ਕਿ ਪੈਨਸ਼ਨ ਦੇ ਨਾਲ ਗਰੇਡਾਂ ਦੀ ਕਿਸ਼ਤ ਜ਼ਰੂਰ ਲਗਾ ਦਿੱਤੀ ਜਾਵੇਗੀ। ਇਨ੍ਹਾਂ ਭਰੋਸਿਆਂ ਵਿੱਚ ਲਗਭਗ ਡੇਢ ਸਾਲ ਲੰਘ ਗਿਆ, ਪ੍ਰੰਤੂ 2016 ਦੇ ਗਰੇਡਾਂ ਦੀ ਇੱਕ ਵੀ ਕਿਸ਼ਤ ਅਜੇ ਤੱਕ ਨਹੀਂ ਲਾਈ ਗਈ, ਜਦੋਂ ਕਿ ਪੰਜਾਬ ਸਰਕਾਰ ਦੇ ਬਾਕੀ ਅਦਾਰਿਆਂ ਵਿੱਚ ਇਹ ਕਿਸ਼ਤਾਂ ਲਗਾਤਾਰ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਮਹੀਨੇ ਪੈਨਸ਼ਨ ਵੀ ਕੇਵਲ 33% ਮਿਲੀ ਹੈ। ਉਨ੍ਹਾਂ ਹਾਜ਼ਰੀਨ ਨੂੰ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਲਈ ਕਿਹਾ।

ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਕਿਹਾ ਕਿ ਮੈਨੇਜਮੈਂਟ ਵੱਲੋਂ ਅਦਾਇਗੀਆਂ ਸਬੰਧੀ ਦਿੱਤੇ ਭਰੋਸੇ ਹਵਾ ਵਿੱਚ ਹੀ ਲਟਕ ਕੇ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਪੀ ਆਰ ਟੀ ਸੀ ਦੇ ਲਗਭਗ 250 ਪੈਨਸ਼ਨਰ, ਜਿਨ੍ਹਾਂ ਵਿੱਚ ਮੀਆਂ-ਬੀਵੀ ਦੋਵੇਂ ਸ਼ਾਮਲ ਹਨ, ਰੱਬ ਨੂੰ ਪਿਆਰੇ ਹੋ ਚੁੱਕੇ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ ਉਨ੍ਹਾਂ ਦੇ ਗਰੇਡਾਂ ਦੇ ਬਕਾਏ ਮੈਨੇਜਮੈਂਟ ਰੱਬ ਨੂੰ ਕੋਰੀਅਰ ਕਰੇਗੀ। ਉਨ੍ਹਾਂ ਕਿਹਾ ਕਿ ਬਜ਼ੁਰਗ ਪੈਨਸ਼ਨਰ ਮੰਜਿਆਂ 'ਤੇ ਪਏ ਤੜਫ ਰਹੇ ਹਨ ਅਤੇ ਪਿਛਲੇ ਡੇਢ ਸਾਲ ਤੋਂ ਮੈਡੀਕਲ ਬਿਲਾਂ ਦੀ ਅਦਾਇਗੀ ਨਹੀਂ ਹੋਈ। ਨਵੇਂ ਰਿਟਾਇਰੀਆਂ ਨੂੰ ਵੀ ਕੋਈ ਬਕਾਇਆ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਨੇ ਵਾਰ-ਵਾਰ ਮੈਨੇਜਮੈਂਟ ਦਾ ਦਰਵਾਜ਼ਾ ਖੜਕਾਇਆ, ਪ੍ਰੰਤੂ ਮੈਨੇਜਮੈਂਟ ਨੇ ਝੂਠੇ ਵਾਅਦੇ ਕਰਕੇ ਉਨ੍ਹਾਂ ਨੂੰ ਹਮੇਸ਼ਾ ਗੁਮਰਾਹ ਕੀਤਾ ਹੈ। ਇਸ ਕਾਰਨ ਮੁੱਖ ਦਫਤਰ ਵਿਖੇ ਇਹ ਇਕੱਠ ਕਰਨਾ ਪਿਆ ਤਾਂ ਕਿ ਸ਼ਾਇਦ ਬੋਲੀ ਮੈਨੇਜਮੈਂਟ ਦੇ ਕੰਨਾਂ ਤੱਕ ਉਨ੍ਹਾਂ ਦੀ ਆਵਾਜ਼ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਅੱਜ ਦਾ ਧਰਨਾ ਮੈਨੇਜਮੈਂਟ ਨੂੰ ਇੱਕ ਚਿਤਾਵਨੀ ਹੈ। ਜੇਕਰ ਹੁਣ ਵੀ ਅਦਾਇਗੀਆਂ ਨਾ ਕੀਤੀਆਂ ਗਈਆਂ ਤਾਂ ਛੇਤੀ ਹੀ ਸੰਘਰਸ਼ ਦਾ ਬਿਗਲ ਬਜਾਇਆ ਜਾਵੇਗਾ।

ਚੇਅਰਮੈਨ ਮੁਕੰਦ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਮੈਨੇਜਮੈਂਟ ਦੀ ਲਾਰੇ ਲਾਊ ਨੀਤੀ ਦੀ ਨਿਖੇਧੀ ਕਰਦਿਆਂ ਕਿਹਾ ਕਿ ਰਹਿੰਦੀ ਪੈਨਸ਼ਨ ਤੁਰੰਤ ਜਾਰੀ ਕੀਤੀ ਜਾਵੇ, ਹਰ ਮਹੀਨੇ ਦੀ 10 ਤਰੀਕ ਤੱਕ ਪੈਨਸ਼ਨ ਪਾਉਣੀ ਯਕੀਨੀ ਬਣਾਈ ਜਾਵੇ ਅਤੇ ਪੇ-ਕਮਿਸ਼ਨ ਦੀਆਂ ਕਿਸ਼ਤਾਂ ਤੁਰੰਤ ਪੈਨਸ਼ਨ ਨਾਲ ਲਾਉਣੀਆਂ ਸ਼ੁਰੂ ਕੀਤੀਆਂ ਜਾਣ। ਇਸ ਤੋਂ ਇਲਾਵਾ ਡੇਢ ਸਾਲ ਤੋਂ ਪੈਂਡਿੰਗ ਪਏ ਮੈਡੀਕਲ ਬਿਲਾਂ ਦੀ ਅਦਾਇਗੀ ਤੁਰੰਤ ਕੀਤੀ ਜਾਵੇ ਅਤੇ ਨਵੇਂ ਰਿਟਾਇਰੀਆਂ ਦੀਆਂ ਅਦਾਇਗੀਆਂ ਤੇ ਫੁਟਕਲ ਅਦਾਇਗੀਆਂ ਵੀ ਤੁਰੰਤ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਨੇ ਸਾਰੀ ਉਮਰ ਅਦਾਰੇ ਦੀ ਸੇਵਾ ਕਰਦਿਆਂ ਲੰਘਾ ਦਿੱਤੀ ਹੈ, ਪਰ ਹੁਣ ਆਰਾਮ ਕਰਨ ਦੀ ਉਮਰ ਵਿੱਚ ਸਰਕਾਰ ਅਤੇ ਮੈਨੇਜਮੈਂਟ ਉਨ੍ਹਾਂ ਨੂੰ ਸੜਕਾਂ 'ਤੇ ਰੁਲਣ ਲਈ ਮਜਬੂਰ ਕਰ ਰਹੀ ਹੈ। ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆਂ ਉਨ੍ਹਾਂ ਕਿਹਾ ਕਿ ਜੇਕਰ ਮੰਗਾਂ ਦਾ ਤੁਰੰਤ ਨਿਪਟਾਰਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਪੈਨਸ਼ਨਰਾਂ ਨੂੰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ, ਉਹ ਭਾਵੇਂ ਕਿਸੇ ਵੀ ਰੂਪ ਵਿੱਚ ਹੋਵੇ। ਇਸ ਲਈ ਮੈਨੇਜਮੈਂਟ ਖੁਦ ਜ਼ਿੰਮੇਵਾਰ ਹੋਵੇਗੀ। ਉਨ੍ਹਾਂ ਹਾਜ਼ਰ ਪੈਨਸ਼ਨਰਾਂ ਨੂੰ ਅਗਲੇ ਸੰਘਰਸ਼ ਲਈ ਤਿਆਰ ਰਹਿਣ ਲਈ ਵੀ ਕਿਹਾ। ਇਸ ਤੋਂ ਇਲਾਵਾ ਮੀਟਿੰਗ ਨੂੰ ਬਚਿੱਤਰ ਸਿੰਘ ਵਾਈਸ ਚੇਅਰਮੈਨ, ਹਰਭਜਨ ਸਿੰਘ ਚੰਡੀਗੜ੍ਹ, ਜਲੌਰ ਸਿੰਘ ਫਰੀਦਕੋਟ, ਬਚਨ ਸਿੰਘ ਅਰੋੜਾ ਜਨਰਲ ਸਕੱਤਰ ਕੇਂਦਰੀ ਬਾਡੀ, ਗੁਰਮੀਤ ਸਿੰਘ ਕਪੂਰਥਲਾ, ਸੁਖਜੀਤ ਸਿੰਘ ਬਠਿੰਡਾ, ਹਾਕਮ ਸਿੰਘ ਬੁਢਲਾਡਾ, ਮਦਨ ਮੋਹਨ ਸ਼ਰਮਾ ਬਰਨਾਲਾ, ਜੋਗਿੰਦਰ ਸਿੰਘ ਪਟਿਆਲਾ, ਬਲਵੰਤ ਸਿੰਘ ਜੋਗਾ ਸੰਗਰੂਰ ਅਤੇ ਪ੍ਰੀਤਮ ਸਿੰਘ ਬਰਾੜ ਬਠਿੰਡਾ ਨੇ ਵੀ ਸੰਬੋਧਨ ਕੀਤਾ।

ਵਿਸ਼ਵ ਮਰੀਜ਼ ਸੁਰੱਖਿਆ ਦਿਵਸ ਮੌਕੇ ਟਰੱਕ ਯੂਨੀਅਨ ਵਿਖੇ ਲਗਾਇਆ ਜਾਗਰੂਕਤਾ ਕੈਂਪ

ਬਠਿੰਡਾ, 17 ਸਤੰਬਰ (ਪੈ.ਗਾਮ-ਏ-ਜਗਤ)

ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਬਠਿੰਡਾ ਵੱਲੋਂ ਟਰੱਕ ਯੂਨੀਅਨ ਵਿਖੇ ਵਿਸ਼ਵ ਮਰੀਜ਼ ਸੁਰੱਖਿਆ ਜਾਗਰੂਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਡਰਾਈਵਰ ਭਾਈਚਾਰੇ ਨੂੰ ਸਿਹਤ ਸਬੰਧੀ ਜਾਗਰੂਕ ਕਰਨ ਦੇ ਨਾਲ-ਨਾਲ ਅੱਖਾਂ ਦੀ ਨਿਯਮਤ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।



ਇਸ ਸਬੰਧੀ ਜਾਣਕਾਰੀ ਦਿੰਦਿਆ ਸਿਵਲ ਸਰਜਨ ਡਾ ਤਪਿੰਦਰਜੋਤ ਨੇ ਦੱਸਿਆ ਕਿ ਮਰੀਜ਼ਾਂ ਦੀ ਸੁਰੱਖਿਆ ਸਿਹਤ ਵਿਭਾਗ ਦੀ ਮੁੱਖ ਤਰਜੀਹ ਹੈ। ਸਿਹਤ ਸੇਵਾਵਾਂ ਦਾ ਲਾਭ ਲੈਣ ਵਾਲੇ ਹਰੇਕ ਵਿਅਕਤੀ ਨੂੰ ਸੁਰੱਖਿਅਤ ਅਤੇ ਗੁਣਵੱਤਾ ਭਰਪੂਰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਡਰਾਈਵਰ ਭਾਈਚਾਰਾ ਸਮਾਜ ਦਾ ਮਹੱਤਵਪੂਰਨ ਹਿੱਸਾ ਹੈ ਅਤੇ ਉਨ੍ਹਾਂ ਦੀ ਸਿਹਤ, ਖ਼ਾਸ ਕਰਕੇ ਅੱਖਾਂ ਦੀ ਰੌਸ਼ਨੀ, ਸੜਕ ਸੁਰੱਖਿਆ ਨਾਲ ਸਿੱਧੇ ਤੌਰ 'ਤੇ ਜੁੜੀ ਹੋਈ ਹੈ। ਇਸ ਲਈ ਸਾਰੇ ਡਰਾਈਵਰਾਂ ਨੂੰ ਆਪਣੀਆਂ ਅੱਖਾਂ ਦੀ ਨਿਯਮਤ ਜਾਂਚ ਕਰਵਾਉਣੀ ਚਾਹੀਦੀ ਹੈ।

ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਕੇਵਲ ਸਿੰਘ, ਰੋਹਿਤ ਜਿੰਦਲ ਅਤੇ ਲਖਵਿੰਦਰ ਸਿੰਘ ਕੈਂਥ ਵੱਲੋਂ ਸਾਂਝੇ ਰੂਪ ਵਿੱਚ ਡਰਾਈਵਰਾਂ ਨੂੰ ਸਿਹਤ ਸੁਰੱਖਿਆ, ਤੰਦਰੁਸਤ ਸਿਹਤ ਰੱਖਣ ਲਈ ਅਤੇ ਸਮੇਂ ਸਿਰ ਇਲਾਜ ਕਰਵਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਡਰਾਈਵਰ ਭਾਈਚਾਰੇ ਨੂੰ 30 ਸਾਲ ਦੀ ਉਮਰ ਹੋਣ ਤੇ ਹਰ ਛੇ ਮਹੀਨੇ ਬਾਅਦ ਅੱਖਾਂ ਦੀ ਜਾਂਚ ਕਰਵਾਉਣ ਸਬੰਧੀ ਪ੍ਰੇਰਿਤ ਕਰਦਿਆਂ ਦੱਸਿਆ ਗਿਆ ਕਿ ਵਾਹਨ ਚਲਾਉਂਦੇ ਸਮੇਂ ਸਾਫ਼ ਨਜ਼ਰ ਹੋਣਾ ਬਹੁਤ ਜ਼ਰੂਰੀ ਹੈ। ਅੱਖਾਂ ਦੀ ਕਮਜ਼ੋਰ ਨਜ਼ਰ, ਧੁੰਦਲਾਪਣ ਜਾਂ ਹੋਰ ਸਮੱਸਿਆਵਾਂ ਕਾਰਨ ਸੜਕ ਹਾਦਸਿਆਂ ਦਾ ਖ਼ਤਰਾ ਵਧ ਸਕਦਾ ਹੈ। ਅੱਖਾਂ ਨੂੰ ਵਾਰ-ਵਾਰ ਮਲਣ ਤੋਂ ਬਚਿਆ ਜਾਵੇ ਅਤੇ ਸਾਫ਼ ਪਾਣੀ ਨਾਲ ਅੱਖਾਂ ਦੀ ਸਫ਼ਾਈ ਰੱਖੀ ਜਾਵੇ। ਮੋਬਾਇਲ ਅਤੇ ਕੰਪਿਊਟਰ ਦੀ ਲੰਬੇ ਸਮੇਂ ਤੱਕ ਵਰਤੋਂ ਕਰਨ ਵੇਲੇ 20-20-20 ਨਿਯਮ ਅਪਣਾਓ ਜਿਸ ਤਹਿਤ ਹਰ 20 ਮਿੰਟ ਬਾਅਦ 20 ਫੁੱਟ ਦੂਰ ਅਤੇ 20 ਸਕਿੰਟ ਲਈ ਦੇਖਣ ਨਾਲ ਅੱਖਾਂ ਨੂੰ ਆਰਾਮ ਮਿਲ ਜਾਂਦਾ ਹੈ। ਉਹਨਾਂ ਕਿਹਾ ਕਿ ਨੂੰ ਰੋਜਾਨਾ ਜਿੰਦਗੀ ਵਿੱਚ ਆਪਣੀ ਅਤੇ ਬੱਚਿਆਂ ਦੀ ਸਮੇਂ ਸਮੇਂ ਨਿਗਾਹ ਦੀ ਜਾਂਚ ਮਾਹਿਰ ਡਾਕਟਰ ਤੋਂ ਕਰਵਾਉਂਦੇ ਰਹਿਣ ਅਤੇ ਸੰਤੁਲਿਤ ਭੋਜਨ ਵਿਟਾਮਿਨ ਭਰਪੂਰ ਖੁਰਾਕ ਦੀ ਵਰਤੋਂ ਜਰੂਰੀ ਹੈ। ਉਹਨਾਂ ਕਿਹਾ ਕਿ ਸਰਕਾਰੀ ਹਸਪਤਾਲ ਵਿੱਚ ਅੱਖਾਂ ਦੇ ਚਿੱਟੇ ਮੋਤੀਏ ਦੇ ਅਪ੍ਰੇਸ਼ਨ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ।

ਸ.ਫ਼ਾ 1 ਦਾ ਬਾਕੀ...

ਭਾਰਤ ਸੈਮੀਕੰਡਕਟਰ ਹੱਬ...

ਦੀ ਕਮੀ ਅਤੇ ਵਧਦੀ ਲਾਗਤ ਨੇ ਇਲੈਕਟ੍ਰਾਨਿਕਸ ਦੀਆਂ ਕੀਮਤਾਂ ਨੂੰ ਸਿੱਧਾ ਪ੍ਰਭਾਵਿਤ ਕੀਤਾ ਹੈ। ਸਤੰਬਰ 2026 ਵਿੱਚ, ਐਪਲ ਨੇ ਭਾਰਤ ਵਿੱਚ ਕੁਝ ਆਈਫੋਨ ਮਾਡਲਾਂ ਦੀਆਂ ਕੀਮਤਾਂ ਵਿੱਚ 41 ਫੀਸਦੀ ਤੱਕ ਦਾ ਵਾਧਾ ਕੀਤਾ। ਇਸ ਦੇ ਨਾਲ ਹੀ, ਆਟੋਮੋਟਿਵ ਖੇਤਰ ਨੂੰ ਵੀ ਸੈਮੀਕੰਡਕਟਰ ਚਿਪਸ ਦੀ ਲਗਾਤਾਰ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਸੈਮੀਕੰਡਕਟਰ ਮਿਸ਼ਨ ਦੇ ਦੂਜੇ ਪੜਾਅ ਦੀ ਸ਼ੁਰੂਆਤ ਦਾ ਐਲਾਨ ਕੀਤਾ। ਪਹਿਲੇ ਪੜਾਅ ਦੀ ਕੀਮਤ ਲਗਭਗ 70,400 ਕਰੋੜ ਰੁਪਏ ਸੀ, ਜਦੋਂ ਕਿ ਦੂਜੇ ਪੜਾਅ ਲਈ 1.18 ਲੱਖ ਕਰੋੜ ਰੁਪਏ ਦਾ ਟੀਚਾ ਰੱਖਿਆ ਗਿਆ ਹੈ।

ਈਕੋਸਿਸਟਮ ਵਿੱਚ ਕੰਪਾਊਂਡ ਸੈਮੀਕੰਡਕਟਰ ਨਿਰਮਾਣ ਤੋਂ ਲੈ ਕੇ ਸਿਲੀਕਾਨ ਫੋਟੋਨਿਕਸ ਤੱਕ ਦੇ ਤੱਤਾਂ ਨੂੰ ਸ਼ਾਮਲ ਕਰਨਾ ਜ਼ਰੂਰੀ ਹੈ; ਇਹ ਸਾਰੇ ਹਿੱਸੇ ਉਸ ਬੁਨਿਆਦੀ ਢਾਂਚੇ ਲਈ ਮਹੱਤਵਪੂਰਨ ਹਨ ਜੋ 19 (ਆਰਟੀਫੀਸ਼ੀਅਲ ਇੰਟੈਲੀਜੈਂਸ) ਨੂੰ ਚਲਾਉਂਦਾ ਹੈ।

ਈਡੀ ਵੱਲੋਂ ਗੋਪਾਲ...

248.46 ਕਰੋੜ ਰੁਪਏ ਇਕੱਠੇ ਕੀਤੇ ਗਏ ਸਨ; ਹਾਲਾਂਕਿ, ਨਾ ਤਾਂ ਜਾਇਦਾਦਾਂ ਦਾ ਕਬਜ਼ਾ ਸੌਂਪਿਆ ਗਿਆ ਅਤੇ ਨਾ ਹੀ ਵਾਅਦੇ ਅਨੁਸਾਰ ਵਿਕਰੀ ਡੀਡ ਪੂਰੀਆਂ ਕੀਤੀਆਂ ਗਈਆਂ। ਅਧਿਕਾਰੀਆਂ ਨੇ ਕਿਹਾ ਕਿ ਇਸ ਮਾਮਲੇ ਵਿੱਚ ਪੈਸੇ ਦੇ ਲੈਣ-ਦੇਣ ਦਾ ਪਤਾ ਲਗਾਉਣ ਲਈ ਕਾਂਡਾ ਦੀ ਰਿਹਾਇਸ਼, ਫਾਰਮਹਾਉਸ ਅਤੇ ਗੁਰੂਗ੍ਰਾਮ ਸਥਿਤ ਦਫ਼ਤਰ 'ਤੇ ਛਾਪੇਮਾਰੀ ਕੀਤੀ ਗਈ। ਉਨ੍ਹਾਂ ਨੇ ਸ਼ੱਕ ਜਤਾਇਆ ਕਿ ਰੀਅਲ ਅਸਟੇਟ ਕੰਪਨੀ ਤੋਂ ਪ੍ਰਾਪਤ ਫੰਡ ਕਥਿਤ ਤੌਰ 'ਤੇ ਸਾਬਕਾ ਮੰਤਰੀ ਨਾਲ ਜੁੜੀਆਂ ਵੱਖ-ਵੱਖ ਕੰਪਨੀਆਂ ਦੇ ਖਾਤਿਆਂ ਵਿੱਚ ਤਬਦੀਲ ਕੀਤੇ ਗਏ ਸਨ।

ਆਦਿਤਿਆ ਠਾਕਰੇ ਨੂੰ ...

ਇਨ੍ਹਾਂ ਟਿੱਪਣੀਆਂ ਨੇ ਨਿਰਪੱਖ ਜਾਂਚ ਦੀ ਮੰਗ ਨੂੰ ਗਲਤ ਢੰਗ ਨਾਲ ਪੇਸ਼ ਕੀਤਾ। 28 ਸਾਲਾ ਦਿਸ਼ਾ, ਅਦਾਕਾਰ ਸੁਸ਼ਾਂਤ ਸਿੰਘ ਰਾਜਪੂਤ ਦੀ ਸਾਬਕਾ ਮੈਨੇਜਰ ਸੀ। ਮੁੰਬਈ ਵਿੱਚ ਇੱਕ ਇਮਾਰਤ ਤੋਂ ਡਿੱਗਣ ਕਾਰਨ 8 ਜੂਨ 2020 ਨੂੰ ਉਸਦੀ ਮੌਤ ਹੋ ਗਈ ਸੀ। ਦਿਸ਼ਾ ਦੀ ਮੌਤ ਤੋਂ ਛੇ ਦਿਨ ਬਾਅਦ, 14 ਜੂਨ ਨੂੰ ਅਦਾਕਾਰ ਸੁਸ਼ਾਂਤ ਸਿੰਘ ਦਾ ਦਿਹਾਂਤ ਹੋ ਗਿਆ ਸੀ।

ਟਰੰਪ ਪ੍ਰਸ਼ਾਸਨ ਨੇ...

ਲਿਆ ਸੀ। ਸਾਊਦੀ ਅਰਬ ਨੂੰ ਉਮੀਦ ਸੀ ਕਿ ਅਮਰੀਕਾ ਉਸ ਦਾ ਸਾਥ ਦੇਵੇਗਾ; ਹਾਲਾਂਕਿ, ਅਮਰੀਕਾ ਨੇ ਹੂਤੀਆਂ ਵਿਰੁੱਧ ਸਾਊਦੀ ਅਰਬ ਦੇ ਸਮਰਥਨ ਵਿੱਚ ਅਜੇ ਤੱਕ ਕੋਈ ਸਿੱਧੀ ਫੌਜੀ ਕਾਰਵਾਈ ਨਹੀਂ ਕੀਤੀ ਹੈ।

ਅਮਰੀਕਾ ਨੇ ਮੰਨਿਆ ਹੈ ਕਿ ਹੂਤੀਆਂ ਦੀਆਂ ਗਤੀਵਿਧੀਆਂ ਬਾਬ ਅਲ-ਮੰਦਬ ਜਲਡਮਰੂ (ਸਟਰੇਟ) ਰਾਹੀਂ ਹੋਣ ਵਾਲੀ ਜਹਾਜ਼ਾਂ ਦੀ ਆਵਾਜਾਈ ਲਈ ਖਤਰਾ ਪੈਦਾ ਕਰਦੀਆਂ ਹਨ। ਅਮਰੀਕਾ ਪਹਿਲਾਂ ਹੀ ਈਰਾਨ ਨਾਲ ਟਕਰਾਅ ਵਿੱਚ ਉਲਝਿਆ ਹੋਇਆ ਹੈ, ਜੋ ਹੂਤੀਆਂ ਦਾ ਸਮਰਥਨ ਕਰਦਾ ਹੈ।

ਨਤੀਜੇ ਵਜੋਂ, ਜੇਕਰ ਅਮਰੀਕਾ ਯਮਨ ਵਿੱਚ ਸਿੱਧੇ ਤੌਰ 'ਤੇ ਦਖਲ ਦਿੰਦਾ ਹੈ, ਤਾਂ ਉਸਨੂੰ ਇੱਕ ਹੋਰ ਫੌਜੀ ਮੋਰਚਾ ਖੋਲ੍ਹਣ ਦੇ ਦਬਾਅ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਊਧਮਪੁਰ ਵਿੱਚ ਸੁਰੱਖਿਆ...

ਆਪ੍ਰੇਸ਼ਨ ਅਜੇ ਵੀ ਜਾਰੀ ਹੈ। ਕਿਸੇ ਵੀ ਹੋਰ ਖਤਰੇ ਦਾ ਪਤਾ ਲਗਾਉਣ ਅਤੇ ਉਸਨੂੰ ਖਤਮ ਕਰਨ ਲਈ ਸੁਰੱਖਿਆ ਬਲ ਤਾਇਨਾਤ ਕੀਤੇ ਗਏ ਹਨ। ਅਧਿਕਾਰੀਆਂ ਨੇ ਦੱਸਿਆ ਕਿ ਪੁਲਿਸ ਅਤੇ ਸੁਰੱਖਿਆ ਬਲ ਪਿਛਲੇ ਹਫ਼ਤੇ ਅੱਤਵਾਦੀਆਂ ਦੇ ਇੱਕ ਸਮੂਹ ਦੀ ਮੌਜੂਦਗੀ ਦੀਆਂ ਖਬਰਾਂ ਤੋਂ ਬਾਅਦ ਸੰਘਣੇ ਜੰਗਲੀ ਖੇਤਰ ਵਿੱਚ ਉਨ੍ਹਾਂ ਦੀ ਭਾਲ ਕਰ ਰਹੇ ਸਨ।

ਤਾਜ਼ਾ ਜਾਣਕਾਰੀ ਮਿਲਣ 'ਤੇ, ਸੁਰੱਖਿਆ ਬਲਾਂ ਨੇ ਬੁੱਧਵਾਰ ਰਾਤ ਕਰੀਬ 9 ਵਜੇ ਇੱਕ ਇਲਾਕੇ ਦੀ ਘੇਰਾਬੰਦੀ ਕੀਤੀ, ਜਿਸ ਤੋਂ ਬਾਅਦ ਗੋਲੀਬਾਰੀ ਸ਼ੁਰੂ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਆਪ੍ਰੇਸ਼ਨ ਸ਼ੁਰੂ ਹੋਣ ਤੋਂ ਕੁਝ ਸਮੇਂ ਬਾਅਦ ਹੀ ਗੋਲੀਆਂ ਚੱਲਣ ਅਤੇ ਧਮਾਕਿਆਂ ਦੀਆਂ ਆਵਾਜ਼ਾਂ ਸੁਣਾਈ ਦਿੱਤੀਆਂ। ਹਾਲਾਂਕਿ ਰਾਤ ਭਰ ਇਲਾਕਾ ਕਾਫ਼ੀ ਹੱਦ ਤੱਕ ਸ਼ਾਂਤ ਰਿਹਾ, ਪਰ ਵੀਰਵਾਰ ਸਵੇਰੇ ਅੱਤਵਾਦੀਆਂ ਨੇ ਘੇਰਾਬੰਦੀ ਤੋੜਨ ਦੀ ਕੋਸ਼ਿਸ਼ ਵਿੱਚ ਭਾਰੀ ਗੋਲੀਬਾਰੀ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਬਲਾਂ ਨੇ ਜਵਾਬੀ ਕਾਰਵਾਈ ਕੀਤੀ ਅਤੇ ਇਲਾਕੇ ਵਿੱਚ ਵਾਧੂ ਸੁਰੱਖਿਆ ਬਲ ਤਾਇਨਾਤ ਕੀਤੇ ਗਏ ਹਨ।

ਹਿਮਾਚਲ, ਉੱਤਰਾਖੰਡ...

ਉੱਤਰਾਖੰਡ ਦੇ ਕੇਦਾਰਨਾਥ, ਹੇਮਕੁੰਟ ਸਾਹਿਬ ਅਤੇ ਚਮੋਲੀ ਖੇਤਰਾਂ ਵਿੱਚ ਵੀ ਹਲਕੀ ਬਰਫ਼ਬਾਰੀ ਦੇ ਨਾਲ-ਨਾਲ ਗੜ੍ਹੇਮਾਰੀ ਹੋਈ। ਦੇਹਰਾਦੂਨ ਵਿੱਚ ਵੀਰਵਾਰ ਸਵੇਰੇ ਭਾਰੀ ਮੀਂਹ ਪਿਆ। ਪਿਥੌਰਾਗੜ੍ਹ ਵਿੱਚ ਆਦਿ ਕੈਲਾਸ਼ ਯਾਤਰਾ ਦੇ ਰਸਤੇ 'ਤੇ ਇੱਕ ਹੋਰ ਜ਼ਮੀਨ ਖਿਸਕਣ (ਲੈਂਡਸਲਾਈਡ) ਦੀ ਘਟਨਾ ਵਾਪਰੀ। ਬਿਹਾਰ ਵਿੱਚ 15 ਜ਼ਿਲ੍ਹਿਆਂ ਦੀ ਲਗਭਗ 50 ਲੱਖ ਆਬਾਦੀ ਹੜ੍ਹ ਨਾਲ ਪ੍ਰਭਾਵਿਤ ਹੈ ਅਤੇ 26 ਜ਼ਿਲ੍ਹਿਆਂ ਲਈ ਮੀਂਹ ਦਾ 'ਯੈਲੋ ਅਲਰਟ' ਜਾਰੀ ਕੀਤਾ ਗਿਆ ਹੈ।

ਰਾਜ ਵਿੱਚ 700 ਤੋਂ ਵੱਧ ਪੇਂਡੂ ਸੜਕਾਂ ਪਾਣੀ ਵਿੱਚ ਡੁੱਬ ਗਈਆਂ ਸਨ; ਇਨ੍ਹਾਂ ਵਿੱਚੋਂ 100 ਤੋਂ ਵੱਧ ਪੂਰੀ ਤਰ੍ਹਾਂ ਰੁੜ੍ਹ ਗਈਆਂ, 400 ਨੂੰ 50% ਤੋਂ ਵੱਧ ਨੁਕਸਾਨ ਪਹੁੰਚਿਆ ਅਤੇ 200 ਨੂੰ ਕੁਝ ਨੁਕਸਾਨ ਹੋਇਆ।

ਟਾਟਾ ਸੰਨਜ਼ ਨੇ...

ਟਰੱਸਟ ਨੇ ਕਿਹਾ ਕਿ ਚੰਦਰਸ਼ੇਖਰਨ ਨੂੰ ਟਾਟਾ ਸੰਨਜ਼ ਦੇ ਚੇਅਰਮੈਨ ਵਜੋਂ ਮੁੜ ਨਿਯੁਕਤ ਕਰਨ ਦਾ ਪ੍ਰਸਤਾਵ 'ਗੈਰ-ਕਾਨੂੰਨੀ' ਹੈ ਅਤੇ ਚੋਣ ਕਮੇਟੀ ਨੂੰ ਕੰਪਨੀ ਦੇ ਅੰਦਰੂਨੀ ਨਿਯਮਾਂ (ਆਰਟੀਕਲਜ਼ ਆਫ਼ ਐਸੋਸੀਏਸ਼ਨ) ਅਨੁਸਾਰ ਆਪਣੀ ਪ੍ਰਕਿਰਿਆ ਅੱਗੇ ਵਧਾਉਣੀ ਚਾਹੀਦੀ ਹੈ। ਸੂਤਰਾਂ ਅਨੁਸਾਰ, ਨੋਇਲ ਟਾਟਾ ਨੇ ਚੰਦਰਸ਼ੇਖਰਨ ਦੀ ਮੁੜ ਨਿਯੁਕਤੀ ਦੇ ਖ਼ਿਲਾਫ਼ ਵੋਟ ਪਾਈ, ਪਰ ਪ੍ਰਸਤਾਵ ਬੋਰਡ ਵਿੱਚ ਬਹੁਮਤ ਨਾਲ ਪਾਸ ਹੋ ਗਿਆ। ਸੂਤਰਾਂ ਨੇ ਕਿਹਾ ਕਿ ਟਾਟਾ ਟਰੱਸਟ ਇਸ ਫ਼ੈਸਲੇ ਨੂੰ ਅੱਗੇ ਚੁਣੌਤੀ ਦੇ ਸਕਦਾ ਹੈ।

ਡਾਇਰੈਕਟਰ ਬੋਰਡ ਦਾ ਇਹ ਫ਼ੈਸਲਾ ਗੈਰ-ਬੈਂਕਿੰਗ ਵਿੱਤੀ ਕੰਪਨੀ (ਐੱਨ.ਬੀ.ਐੱਫ.ਸੀ.) ਵਜੋਂ ਰਜਿਸਟ੍ਰੇਸ਼ਨ ਰੱਦ ਕਰਨ ਦੀ ਟਾਟਾ ਸੰਨਜ਼ ਦੀ ਅਰਜ਼ੀ ਆਰ ਬੀ ਆਈ ਵੱਲੋਂ ਖਾਰਜ ਕੀਤੇ ਜਾਣ ਤੋਂ ਬਾਅਦ ਆਇਆ ਹੈ। ਇਸ ਫ਼ੈਸਲੇ ਨਾਲ ਕੰਪਨੀ ਦੇ ਸ਼ੇਅਰ ਬਾਜ਼ਾਰ ਵਿੱਚ ਸੂਚੀਬੱਧ ਹੋਣ ਦੀ ਸੰਭਾਵਨਾ ਮੁੜ ਵਧ ਗਈ ਹੈ। ਟਾਟਾ ਸੰਨਜ਼ ਪਿਛਲੇ ਇੱਕ ਸਾਲ ਤੋਂ ਬਾਜ਼ਾਰ ਵਿੱਚ ਸੂਚੀਬੱਧ ਹੋਣ ਤੋਂ ਬਚਣ ਦੇ ਯਤਨ ਕਰ ਰਹੀ ਸੀ ਅਤੇ ਇਸੇ ਲੜੀ ਤਹਿਤ 21,000 ਕਰੋੜ ਰੁਪਏ ਤੋਂ ਵੱਧ ਦਾ ਕਰਜ਼ਾ ਵੀ ਚੁਕਾ ਚੁੱਕੀ ਹੈ।

ਅਸੀਂ ਕੈਨੇਡਾ 'ਤੇ...

ਸਾਨੂੰ ਰੋਕਣ ਦੀ ਹਿੰਮਤ ਕਿਸੇ ਵਿੱਚ ਨਹੀਂ ਹੈ। ਅਸੀਂ ਹੁਣ ਕੈਨੇਡਾ 'ਤੇ ਰਾਜ ਕਰਾਂਗੇ। ਕੈਨੇਡਾ ਵਿੱਚ ਸਾਡੇ 5,000 ਤੋਂ ਵੱਧ ਗੈਂਗ ਮੈਂਬਰ ਮੌਜੂਦ ਹਨ। ਉਹ ਸਿਰਫ਼ 1,000 ਡਾਲਰ ਵਿੱਚ ਗੋਲੀਬਾਰੀ ਦੀ ਘਟਨਾ ਨੂੰ ਅੰਜਾਮ ਦੇਣ ਲਈ ਤਿਆਰ ਹਨ। ਇਹ ਤੁਹਾਡੇ ਸਾਰਿਆਂ ਲਈ ਚੇਤਾਵਨੀ ਹੈ। ਸਾਡੀਆਂ ਗਤੀਵਿਧੀਆਂ ਤੋਂ ਦੂਰ ਰਹੋ, ਨਹੀਂ ਤਾਂ ਅਗਲੇ ਹੀ ਦਿਨ ਤੁਸੀਂ ਕਿਸੇ ਪੁਲਿਸ ਸਟੇਸ਼ਨ 'ਤੇ ਗੋਲੀਬਾਰੀ ਦੀਆਂ ਖਬਰਾਂ ਦੇਖ ਸਕਦੇ ਹੋ।

ਕਿਹਾ-34 ਮੌਤਾਂ...

ਕਰਨ ਦਾ ਨਿਰਦੇਸ਼ ਦਿੱਤਾ। ਚੀਫ਼ ਜਸਟਿਸ ਨੇ ਐੱਮ.ਐੱਸ.ਐੱਲ.ਐੱਸ.ਏ. ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਅਕੁਦਰਤੀ ਮੌਤਾਂ ਦੇ ਸਾਰੇ ਮਾਮਲਿਆਂ ਵਿੱਚ ਐੱਫ.ਆਈ.ਆਰ. (ਪ੍ਰਾਥਮਿਕੀ) ਦਰਜ ਕੀਤੀ ਜਾਵੇ। ਬੈਂਚ ਨੇ ਐੱਮ.ਐੱਸ.ਐੱਲ.ਐੱਸ.ਏ. ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਇਨ੍ਹਾਂ ਐੱਫ.ਆਈ.ਆਰ. ਉੱਤੇ ਜਲਦੀ ਜਾਂਚ ਹੋਵੇ ਅਤੇ ਰਾਹਤ ਕੈਂਪਾਂ ਵਿੱਚ ਰਹਿਣ ਵਾਲੇ ਆਈ.ਡੀ.ਪੀ. ਦੀ ਸੁਰੱਖਿਆ ਅਤੇ ਸਨਮਾਨ ਨੂੰ ਯਕੀਨੀ ਬਣਾਇਆ ਜਾਵੇ।

ਜਸਟਿਸ ਮਿੱਤਲ ਕਮੇਟੀ ਅਤੇ ਇੱਕ ਆਈ.ਏ.ਐੱਸ. ਅਧਿਕਾਰੀ ਦੀ ਰਿਪੋਰਟ ਦੇਖਣ ਬਾਅਦ ਬੈਂਚ ਨੇ ਇਹ ਹੁਕਮ ਦਿੱਤਾ। ਰਿਪੋਰਟ ਵਿੱਚ ਦੱਸਿਆ ਗਿਆ ਸੀ ਕਿ ਮਨੀਪੁਰ ਦੇ ਰਾਹਤ ਕੈਂਪਾਂ ਵਿੱਚ 30 ਤੋਂ ਵੱਧ ਮੌਤਾਂ ਹੋਈਆਂ ਹਨ ਅਤੇ ਇਨ੍ਹਾਂ ਵਿੱਚੋਂ ਇੱਕ ਮੌਤ ਕਥਿਤ ਤੌਰ 'ਤੇ ਜਿਨਸੀ ਸ਼ੋਸ਼ਣ ਤੋਂ ਬਾਅਦ ਹੋਈ ਸੀ।

ਇਸ ਤੋਂ ਇਲਾਵਾ, ਬੈਂਚ ਨੇ ਉਮੀਦ ਜਤਾਈ ਕਿ ਮਨੀਪੁਰ ਵਿੱਚ 2023 ਦੀ ਨਸਲੀ ਹਿੰਸਾ ਨਾਲ ਸਬੰਧਤ ਉਨ੍ਹਾਂ ਮਾਮਲਿਆਂ ਦੀ ਸੁਣਵਾਈ ਲਈ ਬਣਾਈਆਂ ਗਈਆਂ ਦੋ ਵਿਸ਼ੇਸ਼ ਹੇਠਲੀਆਂ ਅਦਾਲਤਾਂ ਜਲਦੀ ਹੀ ਆਪਣੇ ਮਾਮਲਿਆਂ ਦੀ ਸੁਣਵਾਈ ਪੂਰੀ ਕਰਨਗੀਆਂ, ਜਿਨ੍ਹਾਂ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਅਤੇ ਰਾਸ਼ਟਰੀ ਜਾਂਚ ਏਜੰਸੀ (ਐੱਨ.ਆਈ.ਏ.) ਦੇ ਜ਼ਿੰਮੇ ਹੈ। ਬੈਂਚ ਨੇ ਕਿਹਾ ਕਿ ਮਾਮਲਿਆਂ ਦਾ ਵੇਰਵਾ ਕਾਨੂੰਨੀ ਸੇਵਾ ਵਕੀਲਾਂ ਨੂੰ ਉਪਲਬਧ ਕਰਵਾ ਦਿੱਤਾ ਗਿਆ ਹੈ ਅਤੇ ਪੀੜਤ ਪਟੀਸ਼ਨਰ ਇਨ੍ਹਾਂ ਵੇਰਵਿਆਂ ਦੀ ਵਰਤੋਂ ਆਪਣੇ ਕੇਸਾਂ ਨੂੰ ਅੱਗੇ ਵਧਾਉਣ ਲਈ ਕਰ ਸਕਦੇ ਹਨ।

ਸੀ.ਬੀ.ਆਈ. ਅਤੇ ਰਾਜ ਸਰਕਾਰ ਵੱਲੋਂ ਪੇਸ਼ ਹੋਏ ਵਧੀਕ ਸੌਲਿਸਟਰ ਜਨਰਲ ਐਸ਼ਵਰਿਆ ਭਾਟੀ ਨੇ ਦੱਸਿਆ ਕਿ ਸੀ.ਬੀ.ਆਈ. ਨੇ 31 ਮਾਮਲਿਆਂ ਦੀ ਜਾਂਚ ਪੂਰੀ ਕਰ ਲਈ ਹੈ, ਜਿਨ੍ਹਾਂ ਵਿੱਚੋਂ 28 ਮਾਮਲਿਆਂ ਵਿੱਚ ਅੰਤਿਮ ਰਿਪੋਰਟ ਦਾਖ਼ਲ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੀ.ਬੀ.ਆਈ. ਦੇ ਤਿੰਨ ਮਾਮਲਿਆਂ ਵਿੱਚ ਹੁਣ ਵੀ ਜਾਂਚ ਜਾਰੀ ਹੈ।

'ਇੰਜ ਨਹੀਂ...

ਨਾ ਪੜ੍ਹਾਈ ਜਾਵੇ। ਸਹਿਕਾਰੀ ਸੰਘਵਾਦ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਬੈਂਚ ਨੇ ਇਹ ਵੀ ਕਿਹਾ ਕਿ ਚੇਨਈ ਦੇ ਲੋਕਾਂ ਨੂੰ ਦਿੱਲੀ ਦੇ ਲੋਕਾਂ ਤੋਂ ਦੂਰੀ ਨਹੀਂ ਬਣਾਉਣੀ ਚਾਹੀਦੀ। ਅਦਾਲਤ ਨੇ ਕਿਹਾ, ਅਸੀਂ ਕਹਿ ਰਹੇ ਹਾਂ ਕਿ ਤੁਸੀਂ ਆਪਣੇ ਰਾਜ ਵਿੱਚ ਜੋ ਚੰਗਾ ਕੰਮ ਕਰ ਰਹੇ ਹੋ ਉਸ ਤੋਂ ਇਲਾਵਾ ਕੁਝ ਵੀ ਕਰਨ ਨਾਲ ਤੁਹਾਡੇ ਮਿਆਰ ਘੱਟ ਨਹੀਂ ਹੋਣਗੇ। ਦਿੱਲੀ ਤੋਂ ਆਉਣ ਵਾਲੀ ਕਿਸੇ ਵੀ ਚੀਜ਼ ਨਾਲ ਚੇਨਈ ਦਾ ਮਿਆਰ ਨਹੀਂ ਡਿੱਗੇਗਾ। ਚੇਨਈ ਨੂੰ ਦਿੱਲੀ ਤੋਂ ਦੂਰ ਨਹੀਂ ਹੋਣਾ ਚਾਹੀਦਾ, ਨਾ ਹੀ ਦਿੱਲੀ ਨੂੰ ਚੇਨਈ ਤੋਂ ਦੂਰੀ ਬਣਾਉਣੀ ਚਾਹੀਦੀ ਹੈ।

ਅਦਾਲਤ ਨੇ ਤਾਮਿਲਨਾਡੂ ਨੂੰ ਹਰੇਕ ਜ਼ਿਲ੍ਹੇ ਵਿੱਚ ਢੁਕਵੀਂ ਜ਼ਮੀਨ ਦੀ ਪਛਾਣ ਕਰਨ ਲਈ ਤਿੰਨ ਮਹੀਨੇ ਹੋਰ ਦਿੱਤੇ ਅਤੇ ਰਾਜ ਅਤੇ ਕੇਂਦਰ ਸਰਕਾਰਾਂ ਦੇ ਪ੍ਰਤੀਨਿਧੀਆਂ ਨੂੰ ਸਕੂਲ ਮੁੜ ਖੋਲ੍ਹਣ ਦੀ ਨੀਤੀ 'ਤੇ ਹੋਰ ਚਰਚਾ ਕਰਨ ਦਾ ਨਿਰਦੇਸ਼ ਦਿੱਤਾ। ਇਸ ਮਾਮਲੇ ਦੀ ਸੁਣਵਾਈ 14 ਦਸੰਬਰ ਨੂੰ ਹੋਵੇਗੀ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿੰਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਨਿਰਮਲ ਕੁਟੀਆ ਟੂਟੋ ਮਜਾਰਾ ਵਿਖੇ 27ਵੇਂ ਮਹਾਨ ਗੁਰਮਤਿ ਸੰਤ ਸਮਾਗਮ ਤੇ ਸਲਾਨਾ ਬਰਸੀ ਨੂੰ ਸਮਰਪਿਤ 41 ਦਿਨਾਂ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਪ ਤਪ ਸਮਾਗਮ 18 ਸਿਤੰਬਰ ਤੋਂ ਸ਼ੁਰੂ : ਬਾਬਾ ਮੱਖਣ ਸਿੰਘ ਜੀ ਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਟੂਟੋ ਮਜਾਰਾ ਦੇ ਜਨਮ ਅਸਥਾਨ ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਜੀ ਵਿਖੇ ਮਹਾਂਪੁਰਸ਼ਾਂ ਦੀ ਯਾਦ ਨੂੰ ਸਮਰਪਿਤ 27ਵੇਂ ਮਹਾਨ ਗੁਰਮਤਿ ਸੰਤ ਸਮਾਗਮ ਤੇ ਸਲਾਨਾ ਬਰਸੀ ਨੂੰ ਸਮਰਪਿਤ 41 ਦਿਨਾਂ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਪ ਤਪ ਸਮਾਗਮ 18 ਸਿਤੰਬਰ ਤੋਂ ਮੁੱਖ ਸੇਵਾਦਾਰ ਮਹੰਤ ਬਾਬਾ ਮੱਖਣ ਸਿੰਘ ਜੀ ਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ ਹੋਰਾਂ ਦੀ ਅਗਵਾਈ ਵਿੱਚ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ੁਰੂ ਹੋ ਰਹੇ ਹਨ ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਮੱਖਣ ਸਿੰਘ ਜੀ ਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ ਹੋਰਾਂ ਨੇ ਸਾਂਝੇ ਤੌਰ ਤੇ ਦੱਸਿਆ ਕਿ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਪ ਤਪ ਸਮਾਗਮ ਹਰ ਸਾਲ ਦੀ ਤਰ੍ਹਾਂ ਮਾਈਆਂ ਬੀਬੀਆਂ ਤੇ ਬੱਚੀਆਂ ਵਲੋਂ ਕੀਤੇ ਜਾਣਗੇ ਇਸ ਸਮਾਗਮ ਨੂੰ ਸਮਰਪਿਤ 41 ਦਿਨਾਂ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਪ ਤਪ ਸਮਾਗਮ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਪ ਤਪ ਸਮਾਗਮ ਹਰ ਸਾਲ ਦੀ ਤਰ੍ਹਾਂ ਮਾਈਆਂ ਬੀਬੀਆਂ ਤੇ ਬੱਚੀਆਂ ਵਲੋਂ 18 ਸਿਤੰਬਰ ਨੂੰ ਸ਼ੁਰੂ ਕੀਤੇ ਜਾਣਗੇ ਜਿਨ੍ਹਾਂ ਦਾ ਸਮਾਂ ਸਵੇਰੇ 5 ਵਜੇ ਤੋਂ ਸ਼ਾਮ 7 ਵਜੇ ਤੱਕ ਦਾ ਹੋਵੇਗਾ ਇਨ੍ਹਾਂ ਸਮਾਗਮਾਂ ਦੀ ਸਮਾਪਤੀ 18 ਅਕਤੂਬਰ ਨੂੰ ਬਾਅਦ ਦੁਪਹਿਰ 1 ਵਜੇ ਹੋਵੇਗੀ ਉਪਰੰਤ ਹਰ ਸਾਲ ਦੀ ਤਰ੍ਹਾਂ ਜੈਲਦਾਰ ਹਰਭਜਨ ਸਿੰਘ ਮੁੱਗੋਵਾਲ ਕੈਨੇਡਾ ਦੇ ਪਰਿਵਾਰ ਵਲੋਂ ਸਮੂਹ ਸੰਗਤਾਂ ਦੇ ਲਈ ਛੋਲੇ ਪੂੜੀਆਂ ਦਾ ਲੰਗਰ ਲਗਾਇਆ ਜਾਏਗਾ



- ਇਨ੍ਹਾਂ ਜਪ ਤਪ ਸਮਾਗਮਾਂ ਦਾ ਸਮਾਂ ਸਵੇਰੇ 5 ਵਜੇ ਤੋਂ ਸ਼ਾਮ 7 ਵਜੇ ਤੱਕ ਹੋਵੇਗਾ /ਬਾਬਾ ਮੱਖਣ ਸਿੰਘ ਜੀ ਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ
- ਇਨ੍ਹਾਂ ਸਲਾਨਾ ਸਮਾਗਮਾਂ ਦੀ ਸੰਪੂਰਨਤਾ 28 ਅਕਤੂਬਰ ਨੂੰ ਬਾਅਦ ਦੁਪਹਿਰ 1 ਵਜੇ ਹੋਵੇਗੀ/ਬਾਬਾ ਮੱਖਣ ਸਿੰਘ ਜੀ ਤੇ ਬਾਬਾ ਬਲਬੀਰ ਸਿੰਘ ਸ਼ਾਸਤਰੀ

ਝੋਨੇ ਦੀ ਖਰੀਦ 1 ਅਕਤੂਰ ਤੋਂ, ਮੰਡੀਆਂ 'ਚ ਲੋੜੀਂਦੇ ਪ੍ਰਬੰਧ ਮੁਕੰਮਲ: ਡਿਪਟੀ ਕਮਿਸ਼ਨਰ

- ਕਿਸਾਨਾਂ ਨੂੰ ਨਿਰਧਾਰਤ ਨਮੀ ਵਾਲਾ ਸੁੱਕਾ ਝੋਨਾ ਮੰਡੀਆਂ 'ਚ ਲਿਆਉਣ ਦੀ ਅਪੀਲ, ਜ਼ਿਲ੍ਹੇ 'ਚ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਮੰਡੀਆਂ ਵਿਚ 1 ਅਕਤੂਬਰ ਤੋਂ ਸ਼ੁਰੂ ਹੋਣ ਜਾ ਰਹੀ ਝੋਨੇ ਦੀ ਖਰੀਦ ਸਬੰਧੀ ਕੀਤੇ ਪ੍ਰਬੰਧਾਂ ਬਾਰੇ ਦੱਸਿਆ ਕਿ ਕਿਸਾਨਾਂ, ਆੜ੍ਹਤੀਆਂ ਅਤੇ ਕਾਮਿਆਂ ਦੀ ਸਹੂਲਤ ਲਈ ਜ਼ਿਲ੍ਹੇ ਦੀਆਂ 65 ਰੈਗੂਲਰ ਮੰਡੀਆਂ ਵਿਚ ਲੋੜੀਂਦੇ ਇੰਤਜ਼ਾਮ ਅਮਲ ਵਿਚ ਲਿਆਂਦੇ ਗਏ ਹਨ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਸਾਨਾਂ ਨੂੰ ਮੰਡੀਆਂ ਵਿਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕਰਦਿਆਂ ਕਿਹਾ ਕਿ ਨਿਰਧਾਰਤ ਨਮੀ ਵਾਲੀ ਫ਼ਸਲ ਲਿਆਉਣ ਨਾਲ ਉਨ੍ਹਾਂ ਦੇ ਝੋਨੇ ਦੀ ਨਾਲੋ-ਨਾਲ ਖਰੀਦ ਯਕੀਨੀ ਬਣਾਈ ਜਾਵੇਗੀ ਅਤੇ ਉਹ ਬਿਨ੍ਹਾਂ ਕਿਸੇ ਦੇਰੀ ਜਾਂ ਰੁਕਾਵਟ ਦੇ ਆਪਣੀ ਫ਼ਸਲ ਵੇਚ ਸਕਣਗੇ। ਉਨ੍ਹਾਂ ਕਿਹਾ ਕਿ ਇਸ ਸੀਜਨ ਦੌਰਾਨ 17 ਫੀਸਦੀ ਨਮੀ ਨਿਰਧਾਰਤ ਕੀਤੀ ਗਈ ਜਿਸ ਨੂੰ ਕਿਸਾਨਾਂ ਵਲੋਂ ਪੂਰੀ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿਚ ਮੁੱਢਲੀਆਂ ਸਹੂਲਤਾਂ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਜ਼ਿਲ੍ਹੇ ਵਿਚ ਇਸ ਵਾਰ ਝੋਨੇ ਦੀ ਅੰਦਾਜਨ ਆਮਦ ਬਾਰੇ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਭਗ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ ਜਿਸ ਦੇ ਮੱਦੇਨਜ਼ਰ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਵਲੋਂ ਮੰਡੀਆਂ ਵਿਚ ਪ੍ਰਬੰਧਾਂ ਦੀ ਰੈਗੂਲਰ ਸਮੀਖਿਆ ਕੀਤੀ ਜਾਵੇਗੀ ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਕਾਮਿਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵਿਚ ਮਾਰਕਫੈਡ, ਪਨਗ੍ਰੇਨ, ਪਨਸਪ, ਪੰਜਾਬ ਵੇਅਰਹਾਊਸ ਅਤੇ ਐਫ.ਸੀ.ਆਈ. ਸ਼ਾਮਲ ਹਨ ਜੋ ਕਿਸਾਨਾਂ ਦੀ ਫ਼ਸਲ ਨੂੰ ਖਰੀਦਣਗੀਆਂ । ਜ਼ਿਕਰਯੋਗ ਹੈ ਕਿ ਇਸ ਸੀਜਨ ਦੌਰਾਨ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਫ਼ਸਲ ਖਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਬਣਦੀ ਅਦਾਇਗੀ ਕਰਨ ਦੇ ਨਾਲ-ਨਾਲ ਫੌਰੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨ ਨਾਲ ਝੋਨੇ ਦੀ ਕਟਾਈ 'ਤੇ ਪਾਬੰਦੀ ਲਗਾਈ ਗਈ ਹੈ ਜਿਸ ਨੂੰ ਹਰ ਹਾਲ ਬਰਕਰਾਰ ਰੱਖਿਆ ਜਾਵੇ।

ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਕਾਨੂੰਨੀ ਵਿਵਾਦਾਂ ਵਿੱਚ ਫਸੇ ਬੱਚਿਆਂ ਨੂੰ ਹੁਨਰਮੰਦ ਬਣਾਉਣ ਵੱਲ ਪੰਜਾਬ ਸਰਕਾਰ ਦਾ ਅਹਿਮ ਉਪਰਾਲਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ/ਚੰਡੀਗੜ੍ਹ (ਦਲਜੀਤ ਅਜਨੋਹਾ)

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੁਵੇਨਾਇਲ ਜਸਟਿਸ ਐਕਟ ਅਧੀਨ ਰਜਿਸਟਰਡ ਹੋਮਾਂ ਵਿੱਚ ਰਹਿ ਰਹੇ ਬੱਚਿਆਂ ਨੂੰ ਸਿੱਖਿਆ, ਹੁਨਰ ਅਤੇ ਬਿਹਤਰ ਭਵਿੱਖ ਦੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਦਿਸ਼ਾ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਸਕਿੱਲ ਡਿਵੈਲਪਮੈਂਟ ਅਤੇ ਵੋਕੇਸ਼ਨਲ ਟ੍ਰੇਨਿੰਗ ਪ੍ਰੋਗਰਾਮ ਲਾਗੂ ਕੀਤੇ ਜਾ ਰਹੇ ਹਨ।

- ਹੁਸ਼ਿਆਰਪੁਰ ਦੇ ਆਬਜ਼ਰਵੇਸ਼ਨ ਹੋਮ ਅਤੇ ਸਪੈਸ਼ਲ ਹੋਮ ਦੇ 48 ਬੱਚਿਆਂ ਨੇ ਪੂਰੇ ਕੀਤੇ ਰੋਜ਼ਗਾਰਮੁਖੀ ਹੁਨਰ ਵਿਕਾਸ ਕੋਰਸ

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਵਿਸ਼ੇਸ਼ ਪਹਿਲਕਦਮੀ ਤਹਿਤ ਹੁਸ਼ਿਆਰਪੁਰ ਦੇ ਸਪੈਸ਼ਲ ਹੋਮ ਅਤੇ ਆਬਜ਼ਰਵੇਸ਼ਨ ਹੋਮ ਵਿੱਚ ਰਹਿ ਰਹੇ 48 ਬੱਚਿਆਂ ਨੇ ਸਫਲਤਾਪੂਰਵਕ ਰੋਜ਼ਗਾਰਮੁਖੀ ਸਕਿੱਲ ਡਿਵੈਲਪਮੈਂਟ ਕੋਰਸ ਪੂਰੇ ਕੀਤੇ ਹਨ। ਸਪੈਸ਼ਲ ਹੋਮ, ਹੁਸ਼ਿਆਰਪੁਰ ਦੇ 25 ਬੱਚਿਆਂ ਨੇ ਹੇਅਰ ਡਰੈਸਰ ਐਂਡ ਸਟਾਈਲਿਸਟ ਅਤੇ ਆਬਜ਼ਰਵੇਸ਼ਨ ਹੋਮ ਦੇ 23 ਬੱਚਿਆਂ ਨੇ ਮਲਟੀ ਸਕਿਲ ਟੈਕਨੀਸ਼ੀਅਨ ਕੋਰਸ ਮੁਕੰਮਲ ਕੀਤਾ। ਇਨ੍ਹਾਂ ਸਾਰੇ ਬੱਚਿਆਂ ਦੀ 100 ਫੀਸਦੀ ਸਿਖਲਾਈ ਪੂਰੀ ਹੋਣ ਦੇ ਨਾਲ ਉਨ੍ਹਾਂ ਦੀ ਅਸੈਸਮੈਂਟ ਅਤੇ ਸਰਟੀਫਿਕੇਸ਼ਨ ਪ੍ਰਕਿਰਿਆ ਵੀ ਸੰਪੂਰਨ ਹੋ ਚੁੱਕੀ ਹੈ। ਇਹ ਸਫਲਤਾ ਉਨ੍ਹਾਂ ਨੂੰ ਹੁਨਰ ਦੇ ਨਾਲ ਆਤਮ-ਵਿਸ਼ਵਾਸ ਅਤੇ ਸਵੈ-ਨਿਰਭਰ ਜੀਵਨ ਵੱਲ ਅੱਗੇ ਵਧਣ ਦਾ ਮੌਕਾ ਪ੍ਰਦਾਨ ਕਰੇਗੀ।



ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀਆਂ ਹਦਾਇਤਾਂ ਅਨੁਸਾਰ ਰਾਜ ਦੇ ਆਬਜ਼ਰਵੇਸ਼ਨ ਹੋਮਾਂ ਅਤੇ ਸਪੈਸ਼ਲ ਹੋਮਾਂ ਵਿੱਚ ਕੁੱਲ 187 ਬੱਚਿਆਂ ਲਈ ਵੱਖ-ਵੱਖ ਹੁਨਰ ਵਿਕਾਸ ਅਤੇ ਵੋਕੇਸ਼ਨਲ ਟ੍ਰੇਨਿੰਗ ਕੋਰਸ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਕੋਰਸਾਂ ਦੀ ਚੋਣ ਬੱਚਿਆਂ ਦੀ ਰੁਚੀ, ਸਮਰੱਥਾ ਅਤੇ ਭਵਿੱਖੀ ਰੋਜ਼ਗਾਰ ਸੰਭਾਵਨਾਵਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਹ ਕੋਰਸ ਬੱਚਿਆਂ ਨੂੰ ਵਿਹਾਰਕ ਹੁਨਰ ਪ੍ਰਦਾਨ ਕਰਨ ਦੇ ਨਾਲ-ਨਾਲ ਸਮਾਜ ਵਿੱਚ ਮੁੜ ਵਸੇਬੇ ਲਈ ਤਿਆਰ ਕਰ ਰਹੇ ਹਨ। ਵਿਭਾਗ ਵੱਲੋਂ ਕੋਰਸ ਪੂਰਾ ਕਰਨ ਵਾਲੇ ਬੱਚਿਆਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਰੋਜ਼ਗਾਰ ਅਤੇ ਪਲੇਸਮੈਂਟ ਦੇ ਮੌਕੇ ਮੁਹੱਈਆ ਕਰਵਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਜੁਵੇਨਾਇਲ ਜਸਟਿਸ ਪ੍ਰਣਾਲੀ ਅਧੀਨ ਰਹਿ ਰਹੇ ਬੱਚਿਆਂ ਨੂੰ ਸਿਰਫ਼ ਦੇਖਭਾਲ ਦੀ ਨਹੀਂ, ਸਗੋਂ ਸਹੀ ਮਾਰਗਦਰਸ਼ਨ ਅਤੇ ਮੌਕਿਆਂ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਹੁਨਰ ਵਿਕਾਸ ਰਾਹੀਂ ਇਨ੍ਹਾਂ ਬੱਚਿਆਂ ਨੂੰ ਆਪਣੀ ਸਮਰੱਥਾ ਪਛਾਣਨ ਅਤੇ ਜੀਵਨ ਵਿੱਚ ਨਵੀਂ ਸ਼ੁਰੂਆਤ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ 'ਰੰਗਲਾ ਪੰਜਾਬ' ਦੇ ਨਿਰਮਾਣ ਲਈ ਹਰ ਬੱਚੇ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਦੇਣ ਲਈ ਵਚਨਬੱਧ ਹੈ।

ਕੂੜਾ ਸੁੱਟਣ ਵਾਲੇ ਹੋ ਜਾਣ ਸਾਵਧਾਨ : ਲੱਗਣ ਲੱਗੇ ਨੇ ਕੈਮਰੇ, ਹੋਵੇਗਾ ਜ਼ੁਰਮਾਨਾ

- ਕੂੜਾ ਸੁੱਟਣ ਸਬੰਧੀ ਸ਼ਿਕਾਇਤਾਂ ਲਈ 24x7 ਵਟਸਐਪ ਹੈਲਪਲਾਈਨ ਨੰਬਰ ਜਾਰੀ
- ਕੂੜਾ ਸੁੱਟਣ ਤੋਂ ਰੋਕਣ ਲਈ ਇਨਫੋਰਸਮੈਂਟ 'ਤੇ ਦਿੱਤਾ ਜਾਵੇ ਵਿਸ਼ੇਸ਼ ਜ਼ੋਰ : ਡਾ. ਹਿਮਾਂਸ਼ੂ ਅਗਰਵਾਲ

ਪੈ.ਗਾਮ-ਏ-ਜਗਤ
ਪਟਿਆਲਾ, 17 ਸਤੰਬਰ
(ਪਰਮਜੀਤ ਸਿੰਘ ਪਰਵਾਨਾ)

ਪਟਿਆਲਾ ਸ਼ਹਿਰ ਵਿੱਚ ਟੁੱਟੀਆਂ ਸੜਕਾਂ, ਸਫ਼ਾਈ ਨਾ ਹੋਣ, ਬਰਸਾਤ ਤੋਂ ਬਾਅਦ ਪਾਣੀ ਖੜ੍ਹਨ ਅਤੇ ਖਾਲੀ ਪਲਾਟਾਂ ਵਿੱਚ ਕੂੜਾ-ਕਰਕਟ ਤੇ ਗੰਦਗੀ ਸੁੱਟੇ ਜਾਣ ਸਬੰਧੀ ਲੋਕਾਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 24 ਘੰਟੇ, 7 ਦਿਨ ਕਾਰਜਸ਼ੀਲ ਵਟਸਐਪ ਹੈਲਪਲਾਈਨ ਨੰਬਰ 95920-03366 ਜਾਰੀ ਕੀਤਾ ਗਿਆ ਹੈ। ਇਹ ਮੈਸੇਜਿੰਗ ਨੰਬਰ ਹੈ, ਜਿਸ 'ਤੇ ਲੋਕ ਸਬੰਧਤ ਸਥਾਨ ਦੀ ਲੋਕੇਸ਼ਨ ਅਤੇ ਫੋਟੋਆਂ ਭੇਜ ਕੇ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਇਸ ਸਬੰਧੀ ਸ਼ਿਕਾਇਤਾਂ ਦੀ ਨਿਗਰਾਨੀ ਅਤੇ ਨਿਪਟਾਰੇ ਲਈ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਗਰ ਨਿਗਮ ਨੂੰ ਹਦਾਇਤ ਕੀਤੀ ਕਿ ਸ਼ਹਿਰ ਵਿੱਚ ਕੂੜਾ ਸੁੱਟੇ ਜਾਣ ਵਾਲੇ ਪਛਾਣੇ ਗਏ 172 ਪ੍ਰਮੁੱਖ ਸਥਾਨਾਂ ਨੂੰ ਘਟਾਉਣ ਲਈ ਯਤਨ ਹੋਰ ਤੇਜ਼ ਕੀਤੇ ਜਾਣ।

ਉਨ੍ਹਾਂ ਕਿਹਾ ਕਿ ਖੁੱਲ੍ਹੇ ਵਿੱਚ ਕੂੜਾ ਸੁੱਟਣ ਵਾਲੇ ਰੈਸਟੋਰੈਂਟਾਂ, ਢਾਬਿਆਂ ਅਤੇ ਹੋਰ ਵਪਾਰਕ ਅਦਾਰਿਆਂ ਵਿਰੁੱਧ ਨਿਯਮਾਂ ਅਨੁਸਾਰ ਜੁਰਮਾਨੇ ਕਰਨ ਦੇ ਨਾਲ-ਨਾਲ ਪ੍ਰਭਾਵਸ਼ਾਲੀ ਇਨਫੋਰਸਮੈਂਟ ਯਕੀਨੀ ਬਣਾਈ ਜਾਵੇ।



ਡਿਪਟੀ ਕਮਿਸ਼ਨਰ ਨਗਰ ਨਿਗਮ ਅਤੇ ਪਟਿਆਲਾ ਡਿਵੈਲਪਮੈਂਟ ਅਥਾਰਟੀ ਨਾਲ ਸਬੰਧਤ ਸਫ਼ਾਈ, ਵਿਕਾਸ ਅਤੇ ਹੋਰ ਵੱਖ-ਵੱਖ ਮੁੱਦਿਆਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਪੀਡੀਏ ਦੇ ਮੁੱਖ ਪ੍ਰਸ਼ਾਸਕ ਅਪਰਨਾ ਐਮ.ਬੀ., ਓਐਸਡੀ ਸ਼ਹਿਰੀ ਵਿਕਾਸ ਮੁਕਲਿਨ ਆਰ., ਨਗਰ ਨਿਗਮ ਕਮਿਸ਼ਨਰ ਪੂਜਾ ਸਿਆਲ ਗਰੇਵਾਲ, ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰ ਰਹੇ ਸਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਮੈਜਿਸਟ?ਰੇਟ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਖਾਲੀ ਪਏ ਪਲਾਟਾਂ ਦੀ ਸਫ਼ਾਈ ਅਤੇ ਬਿਮਾਰੀਆਂ ਦੀ ਰੋਕਥਾਮ ਨੂੰ ਯਕੀਨੀ ਬਣਾਉਣ ਲਈ ਜਾਰੀ ਹੁਕਮਾਂ ਤਹਿਤ ਵਟਸਐਪ ਹੈਲਪਲਾਈਨ 95920-03366 'ਤੇ ਖਾਲੀ ਪਲਾਟਾਂ ਵਿੱਚ ਗੰਦਗੀ, ਕੂੜਾ-ਕਰਕਟ ਅਤੇ ਪਾਣੀ ਖੜ੍ਹਨ ਸਬੰਧੀ ਸ਼ਿਕਾਇਤਾਂ ਭੇਜੀਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਖਾਲੀ ਪਲਾਟਾਂ ਦੀ ਸਫ਼ਾਈ ਨਾ ਕਰਵਾਉਣ ਦੀ ਸੂਰਤ ਵਿੱਚ ਮਿਊਂਸਪਲ ਐਕਟ, ਨਿਯਮਾਂ ਅਤੇ ਬਾਈਲਾਜ਼ ਅਨੁਸਾਰ ਜੁਰਮਾਨਾ ਲਗਾਉਣ ਦੇ ਨਾਲ-ਨਾਲ ਸਫ਼ਾਈ 'ਤੇ ਆਇਆ ਖਰਚਾ ਵੀ ਸਬੰਧਤ ਮਾਲਕ/ਕਾਬਜ਼ ਤੋਂ ਵਸੂਲਿਆ ਜਾਵੇਗਾ। ਭੁਗਤਾਨ ਨਾ ਕਰਨ ਦੀ ਸੂਰਤ ਵਿੱਚ ਮਾਲ ਰਿਕਾਰਡ (ਜਮ੍ਹਾਂਬੰਦੀ) ਵਿੱਚ ਸਬੰਧਤ ਜਾਇਦਾਦ ਵਿਰੁੱਧ ਐਂਟਰੀ ਦਰਜ ਕੀਤੀ ਜਾਵੇਗੀ। ਇਸ ਸਬੰਧੀ ਕਾਰਵਾਈ 21 ਸਤੰਬਰ 2026 ਤੋਂ ਸ਼ੁਰੂ ਕੀਤੀ ਜਾਵੇਗੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਨੂੰ ਸ਼ਹਿਰ ਦੇ ਪ੍ਰਮੁੱਖ ਚੌਂਕਾਂ ਦੀ ਸਫ਼ਾਈ, ਸੁੰਦਰੀਕਰਨ ਅਤੇ ਬਿਹਤਰ ਦਿੱਖ ਵੱਲ ਵਿਸ਼ੇਸ਼ ਧਿਆਨ ਦੇਣ ਦੀ ਹਦਾਇਤ ਕੀਤੀ।

ਇਸ ਤੋਂ ਇਲਾਵਾ ਉਨ੍ਹਾਂ ਪੀਡੀਏ ਅਤੇ ਨਗਰ ਨਿਗਮ ਦੀ ਹੱਦ ਤੋਂ ਬਾਹਰਲੀਆਂ ਕਲੋਨੀਆਂ ਨੂੰ ਨਿਯਮਤ ਕਰਨ ਅਤੇ ਉਨ੍ਹਾਂ ਵਿੱਚ ਸਫ਼ਾਈ ਵਿਵਸਥਾ ਵੱਲ ਵੀ ਵਿਸ਼ੇਸ਼ ਧਿਆਨ ਦੇਣ ਲਈ ਕਿਹਾ। ਕੂੜਾ ਪ੍ਰਬੰਧਨ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਕੂੜਾ ਛਾਂਟਣ ਅਤੇ ਰੀਸਾਈਕਲਿੰਗ ਕੇਂਦਰਾਂ, ਬਾਇਓ-ਮਾਈਨਿੰਗ ਰਾਹੀਂ ਕੂੜਾ ਨਿਪਟਾਰੇ, ਕੂੜਾ ਸੁੱਟਣ ਵਾਲੇ ਪ੍ਰਮੁੱਖ ਸਥਾਨਾਂ, ਘਰ-ਘਰ ਕੂੜਾ ਇਕੱਠਾ ਕਰਨ, ਸੈਕੰਡਰੀ ਪੁਆਇੰਟਾਂ, ਕੂੜਾ ਇਕੱਠਾ ਕਰਨ ਦੇ ਸਹਾਇਕ ਕੇਂਦਰਾਂ ਅਤੇ ਸਵੱਛ ਭਾਰਤ ਮਿਸ਼ਨ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

ਉਨ੍ਹਾਂ ਖੁੱਲ੍ਹੇ ਵਿੱਚ ਕੂੜਾ ਸੁੱਟਣ ਵਾਲਿਆਂ ਨੂੰ ਜੁਰਮਾਨੇ ਕਰਨ ਅਤੇ ਅਜਿਹਾ ਕਰਨ ਤੋਂ ਰੋਕਣ ਲਈ ਇਨਫੋਰਸਮੈਂਟ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕੂੜਾ ਰਾਤ ਸਮੇਂ ਵੀ ਚੁੱਕਿਆ ਜਾਵੇ ਅਤੇ ਜਿੱਥੇ ਵੱਡੀ ਮਾਤਰਾ ਵਿੱਚ ਕੂੜਾ ਸੁੱਟਿਆ ਜਾਂਦਾ ਹੈ, ਉਨ੍ਹਾਂ ਥਾਵਾਂ 'ਤੇ ਸੀਸੀਟੀਵੀ ਕੈਮਰੇ ਲਗਾਏ ਜਾਣ ਤਾਂ ਜੋ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੀ ਪਛਾਣ ਕਰਕੇ ਜੁਰਮਾਨਾ ਕੀਤਾ ਜਾ ਸਕੇ।

ਡਾ. ਹਿਮਾਂਸ਼ੂ ਅਗਰਵਾਲ ਨੇ ਅਬਲੋਵਾਲ ਸਥਿਤ ਡੇਅਰੀ ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਪ੍ਰੋਜੈਕਟ ਨਾਲ ਸਬੰਧਤ ਰਹਿੰਦੀ ਸੜਕ ਦਾ ਨਿਰਮਾਣ 30 ਸਤੰਬਰ ਤਕ ਮੁਕੰਮਲ ਕਰ ਦਿੱਤਾ ਜਾਵੇਗਾ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸ਼ਹਿਰ ਵਿੱਚ ਮੌਜੂਦ ਸਾਰੇ ਡੇਅਰੀ ਮਾਲਕਾਂ ਨੂੰ ਇੱਥੋਂ ਤਬਦੀਲ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਲਈ ਵੀ ਕਿਹਾ।

ਮੀਰੀ ਪੀਰੀ ਖ਼ਾਲਸਾ ਮਾਰਚ ਦਾ ਖ਼ਾਲਸਾ ਕਾਲਜ ਗੜ੍ਹਸ਼ੰਕਰ ਪਹੁੰਚਣ 'ਤੇ ਜ਼ੈਕਾਰਿਆਂ ਦੀ ਗੂੰਜ਼ 'ਚ ਭਰਵਾਂ ਸਵਾਗਤ

- ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨੌਜਵਾਨਾਂ ਨੂੰ ਆਪਣੀ ਮਿੱਟੀ ਨਾਲ ਜੁੜਕੇ ਕਿਰਤ ਕਰਨ ਲਈ ਪ੍ਰੇਰਿਆ



ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
(ਹਰੀ ਕ੍ਰਿਸ਼ਨ ਗੰਗੜ)

ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ 'ਮੀਰੀ ਪੀਰੀ ਖਾਲਸਾ ਮਾਰਚ' ਤੀਜੇ ਪੜਾਅ ਤਹਿਤ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਗੜ੍ਹਸ਼ੰਕਰ ਪਹੁੰਚਿਆਂ 'ਮੀਰੀ ਪੀਰੀ ਖਾਲਸਾ ਮਾਰਚ' ਨਗਰ ਕੀਰਤਨ ਦਾ ਇਥੇ ਸ੍ਰੀ ਅਨੰਦਪੁਰ ਸਾਹਿਬ ਰੋਡ 'ਤੇ ਸਥਿਤ ਵੱਖ-ਵੱਖ ਪਿੰਡਾਂ 'ਚ ਸੰਗਤਾਂ ਵਲੋਂ ਭਰਵੇਂ ਸਵਾਗਤ ਉਪਰੰਤ ਇਥੋਂ ਦੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪਹੁੰਚਣ 'ਤੇ ਕਾਲਜ ਵਿਦਿਆਰਥੀਆਂ, ਸਟਾਫ਼ ਤੇ ਸ਼ਹਿਰ ਵਾਸੀ ਸੰਗਤਾਂ ਵਲੋਂ ਜ਼ੈਕਾਰਿਆਂ ਦੀ ਗੂੰਜ਼ ਵਿਚ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਫੁੱਲਾਂ ਨਾਲ ਸ਼ਿੰਗਾਰੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਸਾਹਿਬ ਅਤੇ ਪੰਜਾਂ ਪਿਆਰਿਆਂ 'ਤੇ ਵਿਦਿਆਰਥੀਆਂ ਵਲੋਂ ਫੁੱਲਾਂ ਦੀ ਵਰਖਾ ਕਰਦਿਆਂ ਸਤਿਕਾਰ ਕੀਤਾ ਗਿਆ। ਵਿਸ਼ੇਸ਼ ਤੌਰ 'ਤੇ ਐੱਨ.ਸੀ.ਸੀ. ਕੈਡਿਟਸ ਨੇ ਪਾਲਕੀ ਸਾਹਿਬ ਨੂੰ ਸਲਾਮੀ ਦਿੱਤੀ ਤੇ ਬੈਂਡ ਪਾਰਟੀ ਵਲੋਂ ਪਾਲਕੀ ਸਾਹਿਬ ਦੀ ਅਗਵਾਈ ਕੀਤੀ ਗਈ।

ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਵਲੋਂ ਸਟਾਫ਼ ਤੇ ਵਿਦਿਆਰਥੀਆਂ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਫੁੱਲਾਂ ਦਾ ਹਾਰ ਤੇ ਰੁਮਾਲਾ ਸਾਹਿਬ ਭੇਟ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਮੈਂਬਰ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਤੇ ਡਾ. ਜੰਗ ਬਹਾਦਰ ਸਿੰਘ ਰਾਏ ਤੇ ਮੋਹਤਵਰ ਸਖ਼ਸ਼ੀਅਤਾਂ ਪਾਸੋਂ ਪੰਜਾਂ ਪਿਆਰਿਆਂ ਦੇ ਨਿਸ਼ਾਨਚੀ ਸਿੰਘਾਂ ਦਾ ਸਿਰੋਪਾਓ ਨਾਲ ਸਤਿਕਾਰ ਕਰਵਾਇਆ। ਮੀਰੀ ਪੀਰੀ ਖ਼ਾਲਸਾ ਮਾਰਚ ਨਾਲ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਤੇ ਸਮੂਹ ਸਟਾਫ਼ ਨੇ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਵਿਦਿਆਰਥੀਆਂ ਅਤੇ ਸੰਗਤ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਮੀਰੀ ਤੇ ਪੀਰੀ ਦੇ ਸਿਧਾਂਤ 'ਤੇ ਚਾਨਣਾ ਪਾਉਂਦੇ ਹੋਏ ਸੰਗਤਾਂ ਨੂੰ ਗੁਰੂ ਸਾਹਿਬਾਨ ਵਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਸਿੱਖ ਵਿਰਾਸਤ ਨਾਲ ਜੁੜਨ ਲਈ ਪ੍ਰੇਰਦੇ ਹੋਏ ਕਿਹਾ ਕਿ ਸਾਡੇ ਧੀਆਂ-ਪੁੱਤਰ ਵਿਦੇਸ਼ ਜਾਣ ਦੀ ਬਜਾਏ ਆਪਣੀ ਮਿੱਟੀ ਨਾਲ ਜੁੜਕੇ ਕਿਰਤ ਕਰਦਿਆਂ ਤਰੱਕੀ ਕਰਨ।

ਉਨ੍ਹਾਂ ਬੱਚਿਆਂ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਦਿਆਂ ਕਿਹਾ ਕਿ ਉਹ ਗੁਰੂ ਸਾਹਿਬਾਨ ਵਲੋਂ ਦਰਸਾਏ ਮਾਰਗ 'ਤੇ ਚਲਦਿਆਂ ਆਪਣੇ ਮਾਪਿਆਂ ਤੇ ਅਧਿਆਪਕਾਂ ਦੇ ਆਗਿਆਕਾਰੀ ਬਣਨ ਤੇ ਗਰੀਬ ਗੁਰਬੇ ਦੀ ਮਦਦ ਲਈ ਅੱਗੇ ਆਉਣ। ਜਥੇਦਾਰ ਗੜਗੱਜ ਨੇ ਭਾਰਤੀ ਫੁੱਟਬਾਲ ਦੇ ਸਟਾਰ ਸਿੱਖ ਖਿਡਾਰੀ ਉਲੰਪੀਅਨ ਜਰਨੈਲ ਸਿੰਘ ਦੀ ਯਾਦ 'ਚ ਬਣਾਏ ਰਾਸ਼ਟਰੀ ਪੱਧਰ ਦੇ ਫੁੱਟਬਾਲ ਸਟੇਡੀਅਮ ਨੂੰ ਨੇੜਿਓਂ ਤੱਕਿਆ ਤੇ ਪ੍ਰਬੰਧਕਾਂ ਦੀ ਖੇਡ ਕਾਰਜਾਂ ਲਈ ਸ਼ਲਾਘਾ ਕੀਤੀ। ਸਮਾਗਮ ਦੌਰਾਨ ਕਾਲਜ ਵਲੋਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਸਿਰੀ ਸਾਹਿਬ ਤੇ ਸਿਰੋਪਾਓ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਢਾਡੀ ਜਥੇ ਵਲੋਂ ਸੰਗਤਾਂ ਨੂੰ ਢਾਡੀ ਵਾਰਾਂ ਗਾ ਕੇ ਸਿੱਖ ਇਤਿਹਾਸ ਸਰਵਣ ਕਰਵਾਇਆ ਗਿਆ। ਲੰਗਰ ਛਕਣ ਉਪਰੰਤ ਮੀਰੀ ਪੀਰੀ ਖ਼ਾਲਸਾ ਮਾਰਚ ਅਗਲੇ ਪੜਾਅ ਲਈ ਰਵਾਨਾ ਹੋਇਆ। ਇਸ ਮੌਕੇ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਸਾਬਕਾ ਵਿਧਾਇਕ, ਸ਼੍ਰੋਮਣੀ ਕਮੇਟੀ ਮੈਂਬਰ ਡਾ. ਜੰਗ ਬਹਾਦਰ ਸਿੰਘ ਰਾਏ, ਸ਼੍ਰੋਮਣੀ ਕਮੇਟੀ ਮੈਂਬਰ ਡਾ. ਜੰਗ ਬਹਾਦਰ ਸਿੰਘ ਰਾਏ, ਪਿ?ਰੰਸੀਪਲ ਡਾ. ਅਮਨਦੀਪ ਹੀਰਾ, ਸਰਬਜੀਤ ਸਿੰਘ ਸ਼ੁਕਾਰ, ਪ੍ਰੋ. ਆਪਿੰਦਰ ਸਿੰਘ ਮਾਹਿਲਪੁਰੀ, ਨਗਰ ਕੌਂਸਲ ਪ੍ਰਧਾਨ ਸੋਮ ਨਾਥ ਬੰਗੜ, ਬੂਟਾ ਸਿੰਘ ਅਲੀਪੁਰ, ਜਥੇਦਾਰ ਇਕਬਾਲ ਸਿੰਘ ਖੇੜਾ, ਰਾਜਿੰਦਰ ਸਿੰਘ ਸ਼ੂਕਾ, ਜਿੰਦਰ ਸਿੰਘ ਗਿੱਲ, ਤਰਲੋਕ ਸਿੰਘ ਨਾਗਪਾਲ, ਜਥੇਦਾਰ ਜੋਗਾ ਸਿੰਘ ਇਬਰਾਹੀਮਪੁਰ, ਜਥੇਦਾਰ ਲਖਵੀਰ ਸਿੰਘ ਡਾਨਸੀਵਾਲ, ਜੇ.ਪੀ. ਸਿੰਘ, ਬੀਬੀ ਦਵਿੰਦਰ ਕੌਰ ਰਾਏ, ਡਾ. ਹਰਵਿੰਦਰ ਸਿੰਘ ਬਾਠ, ਜਗਦੇਵ ਸਿੰਘ ਮਨਸੋਵਾਲ, ਬਾਬਾ ਸਤਪਾਲ ਸਿੰਘ, ਚੌਧਰੀ ਅਸ਼ੋਕ ਨੰਦ ਲਾਲ, ਪ੍ਰਿੰਸੀਪਲ ਦਲਵਿੰਦਰ ਕੌਰ, ਪ੍ਰਿੰਸੀਪਲ ਰਾਜਵਿੰਦਰ ਕੌਰ ਮਾਹਿਲਪੁਰ ਤੋਂ ਇਲਾਵਾ ਇਲਾਕੇ ਤੋਂ ਸੰਗਤ, ਕਾਲਜ ਸਟਾਫ਼ ਤੇ ਵਿਦਿਆਰਥੀ ਹਾਜ਼ਰ ਹੋਏ।

ਸਰਾਂ ਪ੍ਰੀਵਾਰ ਵਲੋਂ ਐਲੀਮੈਂਟਰੀ ਸਕੂਲ ਨੂੰ ਇਕ ਲੱਖ ਰੁਪਏ ਦੀ ਰਾਸ਼ੀ ਭੇਟ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸਥਾਨਕ ਇਲਾਕੇ ਦੇ ਪਿੰਡ ਬੀਰਮਪੁਰ ਨਾਲ ਸਬੰਧਤ ਸਰਾਂ ਪਰਿਵਾਰ ਜੋ ਕਿ ਅੱਜ ਕੱਲ੍ਹ ਵਿਦੇਸ਼ ਦੀ ਧਰਤੀ ਤੇ ਰਹਿ ਰਿਹਾ ਹੈ, ਵੱਲੋਂ ਆਪਣੇ ਪਿੰਡ ਨਾਲ ਮੋਹ ਦਿਖਾਉਂਦਿਆਂ ਪਿੰਡ ਦੇ ਸਰਕਾਰੀ ਐਲੀਮੈਂਟਰੀ ਸਕੂਲ ਬੀਰਮਪੁਰ ਨੂੰ ਇੱਕ ਲੱਖ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ।



ਇਸ ਮੌਕੇ ਸਕੂਲ ਵਿੱਚ ਕਰਵਾਏ ਗਏ ਇੱਕ ਸਮਾਗਮ ਦੌਰਾਨ ਸਰਾਂ ਪਰਿਵਾਰ ਦੇ ਮੁਖੀ ਸਰਦਾਰ ਰਣਜੀਤ ਸਿੰਘ ਸਰਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਉਹ ਵਿਦੇਸ਼ ਵਿੱਚ ਰਹਿ ਕੇ ਵੀ ਆਪਣੇ ਪਿੰਡ ਅਤੇ ਆਪਣੀ ਮਿੱਟੀ ਨੂੰ ਨਹੀਂ ਭੁੱਲੇ ਅਤੇ ਸਕੂਲ ਦੀ ਤਰੱਕੀ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸਿੱਖਿਆ ਤੋਂ ਵੱਡਾ ਕੋਈ ਦਾਨ ਨਹੀਂ ਹੁੰਦਾ। ਓਹਨਾ ਕਿਹਾ ਕਿ ਮੇਰੇ ਭਰਾ ਸਰਦਾਰ ਨਰਿੰਦਰ ਸਿੰਘ ਸਰਾਂ ਅਤੇ ਹਰਿੰਦਰ ਸਿੰਘ ਸਰਾਂ ਨੇ ਕਿਹਾ ਕਿ ਅਗਾਂਹ ਤੋਂ ਵੀ ਸਿੱਖਿਆ ਦੇ ਖੇਤਰ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿਣਗੇ। ਇਸ ਮੌਕੇ ਸਕੂਲ ਮੁਖੀ ਸ਼੍ਰੀਮਤੀ ਤ੍ਰਿਪਤੀ , ਮਨੀਸ਼ਾ ਸ਼ਰਮਾ, ਜਸਕਰਨ ਸਿੰਘ, ਸਾਹਿਲ ਸੰਧੂ, ਅਤੇ ਨੀਲਮ ਠਾਕੁਰ ਨੇ ਸਰਾਂ ਪਰਿਵਾਰ ਦਾ ਸਕੂਲ ਨੂੰ ਦਾਨ ਦੇਣ ਤੇ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਰਾਸ਼ੀ ਨਾਲ ਸਕੂਲ ਵਿੱਚ ਬੱਚਿਆਂ ਲਈ ਲੋੜੀਂਦਾ ਸਮਾਨ ਅਤੇ ਸਕੂਲ ਅੰਦਰ ਹੋਣ ਵਾਲਾ ਜਰੂਰੀ ਕੰਮ ਕਰਵਾਇਆ ਜਾਵੇਗਾ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣ ਅਤੇ ਸਕੂਲ ਸਟਾਫ ਹਾਜ਼ਰ ਸਨ।

ਫ੍ਰੀ ਮੈਡੀਕਲ ਕੈਂਪ ਦੌਰਾਨ 60 ਲੋਕਾਂ ਨੇ ਲਿਆ ਲਾਭ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
(ਹਰੀ ਕ੍ਰਿਸ਼ਨ ਗੰਗੜ)

ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਸਰਾਂ ਪਰਿਵਾਰ ਤੋਂ ਸਰਦਾਰ ਰਣਜੀਤ ਸਿੰਘ ਸਰਾਂ ਦੇ ਵਿਸ਼ੇਸ਼ ਸਹਿਯੋਗ ਨਾਲ ਅਤੇ ਨਾਗਪਾਲ ਹਸਪਤਾਲ ਦੇ ਤਕਨੀਕੀ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਵਿਖੇ ਫਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਕਰੀਬ 60 ਲੋਕਾਂ ਨੇ ਆਪਣੀ ਸਿਹਤ ਦੀ ਜਾਂਚ ਕਰਵਾ ਕੇ ਦਵਾਈਆਂ ਪ੍ਰਾਪਤ ਕੀਤੀਆਂ।



ਕੈਂਪ ਦੌਰਾਨ ਨਾਗਪਾਲ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਬਲੱਡ ਪ੍ਰੈਸ਼ਰ, ਸ਼ੂਗਰ, ਅੱਖਾਂ ਅਤੇ ਆਮ ਬਿਮਾਰੀਆਂ ਦੀ ਜਾਂਚ ਕੀਤੀ ਗਈ ਅਤੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਸਰਦਾਰ ਰਣਜੀਤ ਸਿੰਘ ਸਰਾਂ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡੀ ਸੇਵਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ ਵਿੱਚ ਰਹਿੰਦਿਆਂ ਵੀ ਉਨ੍ਹਾਂ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਪਿੰਡ ਦੇ ਲੋਕਾਂ ਦੀ ਸਿਹਤ ਦਾ ਧਿਆਨ ਰੱਖਣ। ਉਨ੍ਹਾਂ ਕਿਹਾ ਕਿ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਏ ਜਾਂਦੇ ਰਹਿਣਗੇ ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਆਗੂਆਂ ਨੇ ਕਿਹਾ ਕਿ ਸੰਸਥਾ ਲਗਾਤਾਰ ਸਮਾਜ ਭਲਾਈ ਦੇ ਕੰਮ ਕਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਏ ਜਾਂਦੇ ਰਹਿਣਗੇ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਸ਼ਿਵਾਲਿਕ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਮੈਂਬਰਾਂ ਸਮੇਤ ਪਿੰਡ ਦੇ ਮੋਹਤਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੂੰ ਹਸਪਤਾਲ ਤੋਂ ਛੁੱਟੀ ਮਿਲੀ

ਪੈ.ਗਾਮ-ਏ-ਜਗਤ
ਅੰਮ੍ਰਿਤਸਰ (ਹਰਮਿੰਦਰ ਸਿੰਘ ਨਾਗਪਾਲ)

ਸਮਾਜ ਸੁਧਾਰ ਸੰਸਥਾ ਪੰਜਾਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੂੰ ਹਸਪਤਾਲ ਤੋਂ ਛੁੱਟੀ ਮਿਲ ਗਈ ਹੈ। 5 ਸਤੰਬਰ ਨੂੰ ਸਿਰ 'ਤੇ ਅਚਾਨਕ ਭਾਰੀ ਦਰੱਖਤ ਦੀ ਲੱਕੜ ਡਿੱਗਣ ਕਾਰਨ ਉਹ ਗੰਭੀਰ ਜ਼ਖਮੀ ਹੋ ਗਏ ਸਨ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਦੇ ਪਾਰਬਤੀ ਹਸਪਤਾਲ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਸੀ।

ਡਾਕਟਰ ਰਾਘਵ ਧਵਨ ਦੀ ਟੀਮ ਵੱਲੋਂ ਦਿਨ-ਰਾਤ ਇਲਾਜ ਕੀਤਾ ਗਿਆ। ਡਾਕਟਰ ਰਾਘਵ ਧਵਨ ਅਤੇ ਡਾਕਟਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਰਣਜੀਤ ਸਿੰਘ ਭੋਮਾ ਦੀ ਹਾਲਤ ਬਹੁਤ ਗੰਭੀਰ ਸੀ। ਸੀਟੀ ਸਕੈਨ ਅਤੇ ਐਮ.ਆਰ.ਆਈ. ਸਮੇਤ ਹੋਰ ਜਾਂਚਾਂ ਵਿੱਚ ਸਿਰ 'ਤੇ ਲੱਗੀ ਸੱਟ ਗੰਭੀਰ ਪਾਈ ਗਈ। ਡਾਕਟਰਾਂ ਦੀ ਟੀਮ ਨੇ ਬਿਨਾਂ ਅਪਰੇਸ਼ਨ ਦੇ ਉਨ੍ਹਾਂ ਦਾ ਸਫਲ ਇਲਾਜ ਕੀਤਾ।

ਹਸਪਤਾਲ ਤੋਂ ਛੁੱਟੀ ਮਿਲਣ ਮੌਕੇ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਵੱਖ-ਵੱਖ ਗੁਰਧਾਮਾਂ ਵਿੱਚ ਉਨ੍ਹਾਂ ਦੀ ਸਿਹਤਯਾਬੀ ਲਈ ਅਰਦਾਸਾਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੀ ਕਿਰਪਾ ਅਤੇ ਸੰਗਤਾਂ ਦੀਆਂ ਅਰਦਾਸਾਂ ਸਦਕਾ ਉਨ੍ਹਾਂ ਨੂੰ ਨਵਾਂ ਜੀਵਨ ਮਿਲਿਆ ਹੈ। ਡਾਕਟਰਾਂ ਨੇ ਉਨ੍ਹਾਂ ਨੂੰ ਕੁਝ ਸਮਾਂ ਬੈੱਡ ਰੈਸਟ ਦੀ ਸਲਾਹ ਦਿੱਤੀ ਹੈ। ਉਨ੍ਹਾਂ ਦੇ ਅਨੁਸਾਰ, ਪਿਛਲੇ ਸਮੇਂ ਦੌਰਾਨ ਉਨ੍ਹਾਂ ਵੱਲੋਂ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਲਈ ਸਤਿਨਾਮ ਵਾਹਿਗੁਰੂ ਦਾ ਜਾਪ ਅਤੇ ਅਰਦਾਸਾਂ ਕੀਤੀਆਂ ਗਈਆਂ ਸਨ। ਇਸ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਪੰਜਾਬ ਨੂੰ ਲਿਖਤੀ ਮੰਗ ਪੱਤਰ ਵੀ ਦਿੱਤੇ ਗਏ ਸਨ।




ਰਣਜੀਤ ਸਿੰਘ ਭੋਮਾ ਨੇ ਦੇਸ਼-ਵਿਦੇਸ਼ ਦੀਆਂ ਨਾਨਕ ਨਾਮ ਲੇਵਾ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿਹਤਯਾਬ ਹੋਣ ਤੋਂ ਬਾਅਦ ਸੰਗਤਾਂ ਦੇ ਸਹਿਯੋਗ ਨਾਲ ਪਵਿੱਤਰ ਸ਼ਹਿਰ ਦੀ ਪਵਿੱਤਰਤਾ ਬਹਾਲੀ ਲਈ ਚੱਲ ਰਿਹਾ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਚੌਕ ਮਹਾ ਸਿੰਘ ਵਿੱਚ ਚੱਲ ਰਹੇ ਸ਼ਰਾਬ ਦੇ ਠੇਕੇ, ਮੀਟ, ਪਾਨ ਅਤੇ ਬੀੜੀਆਂ ਦੀਆਂ ਦੁਕਾਨਾਂ ਨੂੰ ਪੱਕੇ ਤੌਰ 'ਤੇ ਬੰਦ ਕਰਵਾਉਣ ਲਈ ਵੀ ਸੰਘਰਸ਼ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਹੋਣ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਸੋਨੇ ਦੇ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ।

ਪੇਂਡੂ ਸਿਹਤ ਅਤੇ ਪੋਸ਼ਣ ਦਿਵਸ 'ਤੇ ਸਿਹਤ ਯੋਜਨਾਵਾਂ ਅਤੇ ਬਿਮਾਰੀਆਂ ਤੋਂ ਬਚਾਅ ਦੀ ਦਿੱਤੀ ਜਾਣਕਾਰੀ: ਪ੍ਰਦੀਪ ਕੁਮਾਰ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਪੇਂਡੂ ਸਿਹਤ ਅਤੇ ਪੋਸ਼ਣ ਦਿਵਸ ਦੇ ਮੌਕੇ 'ਤੇ ਪਿੰਡ ਸੁਲਤਾਨਪੁਰ ਦੇ ਆਂਗਣਵਾੜੀ ਕੇਂਦਰ ਵਿੱਚ ਸਿਹਤ ਜਾਗਰੂਕਤਾ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਵਿੱਚ ਔਰਤਾਂ, ਬਜ਼ੁਰਗਾਂ ਅਤੇ ਪੇਂਡੂਆਂ ਨੇ ਭਾਗ ਲਿਆ। ਇਸ ਦੌਰਾਨ ਆਮ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸਿਹਤ ਯੋਜਨਾਵਾਂ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਮਲੇਰੀਆ, ਡੇਂਗੂ, ਸਵਾਈਨ ਫਲੂ, ਅਨੀਮੀਆ ਅਤੇ ਟੀਕਾਕਰਨ ਦੇ ਲਾਭਾਂ ਪ੍ਰਤੀ ਜਾਗਰੂਕ ਕੀਤਾ ਗਿਆ।

ਕਮਿਊਨਿਟੀ ਹੈਲਥ ਅਫਸਰ ਡਾ. ਕਨ੍ਹੱਈਆ ਲਾਲ ਨੇ ਕਿਹਾ ਕਿ ਪੇਂਡੂ ਸਿਹਤ ਅਤੇ ਪੋਸ਼ਣ ਦਿਵਸ ਦਾ ਮੁੱਖ ਉਦੇਸ਼ ਸਿਹਤ ਸਬੰਧੀ ਸਰਕਾਰੀ ਯੋਜਨਾਵਾਂ ਅਤੇ ਸਹੂਲਤਾਂ ਦੀ ਜਾਣਕਾਰੀ ਆਮ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਨੇ ਜਨਨੀ ਸੁਰੱਖਿਆ ਯੋਜਨਾ, ਨਿਯਮਤ ਟੀਕਾਕਰਨ, ਪਰਿਵਾਰ ਨਿਯੋਜਨ, ਅਨੀਮੀਆ ਮੁਕਤ ਭਾਰਤ ਪ੍ਰੋਗਰਾਮ, ਸਰਕਾਰੀ ਹਸਪਤਾਲਾਂ ਵਿੱਚ ਮੁਫਤ ਜਣੇਪਾ, ਜੱਚਾ-ਬੱਚਾ ਸੁਰੱਖਿਆ, ਮੁਫਤ ਐਂਬੂਲੈਂਸ ਸੇਵਾ ਅਤੇ ਜਨਮ ਅਤੇ ਮੌਤ ਸਰਟੀਫਿਕੇਟ ਵਰਗੀਆਂ ਸਹੂਲਤਾਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪੇਂਡੂਆਂ ਨੂੰ ਸੱਦਾ ਦਿੱਤਾ ਕਿ ਉਹ ਯੋਗ ਹੋਣ 'ਤੇ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਜ਼ਰੂਰ ਲੈਣ।



ਬਹੁ-ਉਦੇਸ਼ੀ ਸਿਹਤ ਵਰਕਰ ਪ੍ਰਦੀਪ ਕੁਮਾਰ ਨੇ ਬਰਸਾਤ ਦੇ ਮੌਸਮ ਵਿੱਚ ਡੇਂਗੂ ਤੋਂ ਬਚਾਅ ਦੇ ਉਪਾਅ ਦੱਸਦਿਆਂ ਕਿਹਾ ਕਿ ਇਸ ਮੌਸਮ ਵਿੱਚ ਮੱਛਰਾਂ ਦੇ ਪੈਦਾ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ। ਇਸ ਲਈ ਘਰ ਅਤੇ ਆਲੇ-ਦੁਆਲੇ ਸਾਫ-ਸਫਾਈ ਰੱਖਣਾ ਜ਼ਰੂਰੀ ਹੈ। ਪਾਣੀ ਦੀਆਂ ਟੈਂਕੀਆਂ ਨੂੰ ਢੱਕ ਕੇ ਰੱਖਣ, ਰਾਤ ਦੇ ਸਮੇਂ ਪੂਰੀ ਬਾਂਹ ਦੇ ਕੱਪੜੇ ਪਾਉਣ ਅਤੇ ਹਫ਼ਤੇ ਵਿੱਚ ਇੱਕ ਦਿਨ ਡਰਾਈ ਡੇਅ ਮਨਾਉਣ ਦੀ ਸਲਾਹ ਦਿੱਤੀ ਗਈ। ਉਨ੍ਹਾਂ ਕਿਹਾ ਕਿ ਤੇਜ਼ ਬੁਖਾਰ ਹੋਣ 'ਤੇ ਖੂਨ ਦੀ ਜਾਂਚ ਜ਼ਰੂਰ ਕਰਵਾਉਣੀ ਚਾਹੀਦੀ ਹੈ। ਸਰਕਾਰੀ ਸਿਹਤ ਸੰਸਥਾਵਾਂ ਵਿੱਚ ਡੇਂਗੂ ਦੀ ਜਾਂਚ ਅਤੇ ਇਲਾਜ ਦੀ ਉਪਲਬਧਤਾ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੇ ਲੋਕਾਂ ਨੂੰ ਆਪਣੇ ਆਪ ਦਵਾਈ ਲੈਣ ਤੋਂ ਬਚਣ ਅਤੇ ਡਾਕਟਰੀ ਸਲਾਹ ਲੈਣ ਦੀ ਅਪੀਲ ਕੀਤੀ। ਇਸ ਮੌਕੇ 'ਤੇ ਮਹਿਲਾ ਸਿਹਤ ਵਰਕਰ ਅਮਰਪਤੀ, ਆਸ਼ਾ ਵਰਕਰ ਸੁਮਨ ਰਾਣੀ, ਸੁਨੀਤਾ ਦੇਵੀ, ਬਤੂਲ, ਸੁਮਨ ਦੇਵੀ, ਰਾਜੇਸ਼ ਅਤੇ ਪੂਨਮ ਸਮੇਤ ਆਂਗਣਵਾੜੀ ਵਰਕਰ ਸੁਲੋਚਨਾ, ਸੁਮਨ, ਇੰਦਰਾ, ਸੁਨੀਤਾ ਅਤੇ ਊਸ਼ਾ ਮੌਜੂਦ ਰਹੀਆਂ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

20 ਸਤੰਬਰ ਦੀ ਜਲੰਧਰ ਰੈਲੀ ਲਈ ਕਿਸਾਨਾਂ ਮਜ਼ਦੂਰਾਂ ਵਿੱਚ ਭਾਰੀ ਉਤਸਾਹ ਦੋ ਕਿਸਾਨ ਜਥੇਬੰਦੀਆਂ ਦਾ ਹੋਵੇਗਾ ਰਲੇਵਾਂ

ਪਟਿਆਲਾ, 17 ਸਤੰਬਰ (ਪੈ.ਗਾਮ-ਏ-ਜਗਤ)



ਜਮਹੂਰੀ ਕਿਸਾਨ ਸਭਾ ਜ਼ਿਲਾ ਪਟਿਆਲਾ ਦੀ ਮੀਟਿੰਗ ਅੱਜ ਪਟਿਆਲਾ ਵਿਖੇ ਹੋਈ ਜਿਸ ਵਿੱਚ 20 ਸਤੰਬਰ ਨੂੰ ਜਮਹੂਰੀ ਕਿਸਾਨ ਸਭਾ ਅਤੇ ਪੰਜਾਬ ਕਿਸਾਨ ਯੂਨੀਅਨ ਦਾ ਰਲੇਵਾ ਕਰਕੇ ਦੇਸ ਭਗਤ ਯਾਦਗਰ ਹਾਲ 'ਚ ਜੋ ਅਜਲਾਸ ਸ਼ੁਰੂ ਕੀਤਾ ਜਾ ਰਿਹਾ ਹੈ ਉਸ ਤੋਂ ਇੱਕ ਦਿਨ ਪਹਿਲਾਂ 20 ਤਰੀਕ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਕਿਸਾਨਾਂ ਮਜ਼ਦੂਰਾਂ ਦੀ ਸਾਂਝੀ ਰੈਲੀ ਲਈ ਪਟਿਆਲਾ ਦੇ ਕਿਸਾਨਾਂ ਅਤੇ ਮਜ਼ਦੂਰਾਂ ਵਿੱਚ ਭਾਰੀ ਉਤਸਾਹ ਤੇ ਜੋਸ ਪਾਇਆ ਜਾ ਰਿਹਾ ਹੈ।

ਵੱਖ-ਵੱਖ ਬਰਾਂਚਾਂ ਦੀਆਂ ਮੀਟਿੰਗਾਂ ਕਰਾਉਣ ਤੋਂ ਬਾਅਦ ਇੱਕਤਰ ਹੋਏ ਕਿਸਾਨਾਂ ਤੇ ਮਜ਼ਦੂਰਾਂ ਦੇ ਆਗੂਆਂ ਨੇ ਅੱਜ ਦੱਸਿਆ ਕਿ ਜਿਲੇ ਪਟਿਆਲੇ ਵਿੱਚੋਂ ਸੈਂਕੜੇ ਕਿਸਾਨ ਮਜ਼ਦੂਰ ਉਸ ਦਿਨ ਬੱਸਾਂ ਟਰੱਕਾਂ ਤੇ ਟੈਂਪੂਆਂ ਤੇ ਸਵਾਰ ਹੋ ਕੇ ਜਲੰਧਰ ਵੱਲ ਵਹੀਰਾ ਕੱਤਣਗੇ ਦੋਨੋਂ ਜਥੇਬੰਦੀਆਂ ਦਾ ਰਲੇਵਾਂ ਕਰਨ ਤੋਂ ਬਾਅਦ ਨਵੀਂ ਚੋਣ ਕੀਤੀ ਜਾਵੇਗੀ ਅਤੇ ਨਵੀਂ ਟੀਮ ਦਾ ਗਠਨ ਕੀਤਾ ਜਾਵੇਗਾ,20 ਤਰੀਕ ਦੀ ਰੈਲੀ ਇੱਕ ਇਤਿਹਾਸਕ ਰੈਲੀ ਹੋਵੇਗੀ ਜੋ ਪਿਛਲੇ ਸਾਰੇ ਰਿਕਾਰਡ ਤੋੜ ਦੇਵੇਗੀ ਉਸ ਤੋਂ ਬਾਅਦ ਜੋ ਇਜਲਾਸ ਕੀਤਾ ਜਾਵੇਗਾ।

ਉਹ ਕਿਸਾਨੀ ਲਹਿਰ ਲਈ ਇੱਕ ਨਵਾਂ ਮੀਲ ਪੱਥਰ ਸਾਬਤ ਹੋਵੇਗਾ ਅੱਜ ਦੇ ਸਮੇਂ ਚ,ਜਦੋਂ ਕਿ ਕਿਸਾਨ ਜਥੇਬੰਦੀਆਂ ਵੱਖ ਵੱਖ ਗਰੁੱਪਾਂ ਵਿੱਚ ਵੰਡੀਆਂ ਜਾ ਰਹੀਆਂ ਹਨ ਇਹ ਪਹਿਲੀ ਇਕੱਤਰਤਾ ਹੋਵੇਗੀ ਜਿਸ ਵਿੱਚ ਦੋ ਜਥੇਬੰਦੀਆਂ ਪੰਜਾਬ ਕਿਸਾਨ ਸਭਾ ਤੇ ਜਮਹੂਰੀ ਕਿਸਾਨ ਸਭਾ ਇੱਕ ਝੰਡੇ ਥੱਲੇ ਇਕੱਤਰ ਹੋ ਕੇ ਆਉਣ ਵਾਲੇ ਸਮੇਂ ਚ ਪੰਜਾਬ ਦੇ ਵਿੱਚ ਜਿੱਥੇ ਸਾਂਝੇ ਤੌਰ ਤੇ ਇੱਕ ਨਾਮ ਤੇ ਇੱਕ ਝੰਡੇ ਥੱਲੇ ਸੰਘਰਸ਼ ਕਰਨਗੀਆਂ ਉਥੇ ਹਿੰਦੁਸਤਾਨ ਪੱਧਰ ਤੇ ਕੁੱਲ ਹਿੰਦ ਕਿਸਾਨ ਮਹਾਸਭਾ ਦਾ ਹਿੱਸਾ ਬਣਨ ਜਾ ਰਹੀਆਂ ਹਨ ਇਸ ਇਜਲਾਸ ਦੇ ਵਿੱਚ 18 ਸਟੇਟਾਂ ਚੋਂ ਵੱਡੀ ਗਿਣਤੀ ਵਿੱਚ ਡੇਲੀਗੇਟ ਪਹੁੰਚ ਰਹੇ ਹਨ। ਜੋ ਦੋ ਦਿਨ ਵਿਚਾਰ ਚਰਚਾ ਕਰਨ ਤੋਂ ਬਾਅਦ ਜਿੱਥੇ ਦੇਸ਼ ਪੱਧਰੀ ਨਵੀਂ ਟੀਮ ਦਾ ਐਲਾਨ ਕੀਤਾ ਜਾਵੇਗਾ ਉਥੇ ਆਉਣ ਵਾਲੇ ਸਮੇਂ ਚ ਤਿੱਖੇ ਸੰਘਰਸ਼ਾਂ ਦਾ ਐਲਾਨ ਕਰਨਗੇ ਅੱਜ ਦੀ ਇਸ ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਧੰਨਾ ਸਿੰਘ ਦੌਣ ਕਲਾਂ, ਦਰਸ਼ਨ ਬੇਲੂ ਮਾਜਰਾ, ਮਲਕੀਤ ਸਿੰਘ ਨਿਆਲ, ਅਤੇ ਮਜ਼ਦੂਰ ਆਗੂ ਪ੍ਰਲਾਦ ਸਿੰਘ, ਸੁਖਦੇਵ ਸਿੰਘ ਨਿਆਲ ਤੇ ਰਾਮਸਰਨ ਸਿੰਘ ਆਦਿ ਹਾਜ਼ਰ ਹੋਏ ਜਿਨਾਂ ਨੇ ਵੱਖ ਵੱਖ ਪਿੰਡਾਂ ਇਕੱਠ ਕਰਕੇ ਲੋਕਾਂ ਨੂੰ ਇਸ ਰੈਲੀ ਵਿੱਚ ਪਰਿਵਾਰਾਂ ਸਮੇਤ ਸ਼ਾਮਿਲ ਹੋਣ ਲਈ ਅਪੀਲ ਕੀਤੀ ਆਗੂਆਂ ਨੇ ਕਿਹਾ ਕਿ ਵੱਡੀ ਗਿਣਤੀ ਵਿੱਚ ਵੱਖ-ਵੱਖ ਪਿੰਡਾਂ ਚੋਂ ਮਜ਼ਦੂਰ ਕਿਸਾਨ ਆਪਣੇ ਝੰਡੇ, ਮਾਟੇ ਤੇ ਬੈਨਰਾਂ ਨਾਲ ਲੈਸ ਹੋ ਕੇ ਵਹੀਰਾਂ ਘੱਤ ਕੇ ਪਰਿਵਾਰਾਂ ਸਮੇਤ ਪੂਰੇ ਜੋਸ਼ੋ ਖਰੋਸ ਨਾਲ ਜਲੰਧਰ ਦੀ ਰੈਲੀ ਵਿੱਚ ਜਾਣਗੇ ਅਤੇ ਸਰਕਾਰ ਨੂੰ ਆਪਣੀਆਂ ਮੰਗਾਂ ਮੰਨਣ ਲਈ ਮਜਬੂਰ ਕਰਨਗੇ।

ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਰਾਜ ਕਿਸ਼ਨ ਨੂਰ ਖੇੜੀਆਂ, ਅਮੀਰ ਸਿੰਘ ਰਸੂਲਪੁਰ, ਚੰਦ ਸਿੰਘ ਨਿਆਲ, ਸਤਪਾਲ ਸਿੰਘ ਨੂਰ ਖੇੜੀਆਂ, ਗੁਲਜਾਰ ਸਿੰਘ, ਹਰਦੇਵ ਸਿੰਘ ਤੇ ਗੀਤ ਸਿੰਘ ਕਕਰਾਲਾ ਆਦਿ ਆਗੂ ਹਾਜ਼ਰ ਹੋਏ।

ਡੀ.ਬੀ.ਜੀ. ਵਲੋਂ ਅਧਿਆਪਕਾਂ, ਵਿਦਿਆਰਥੀਆਂ ਨੂੰ ਸਨਮਾਨਿਤ, ਉਤਸ਼ਾਹਿਤ ਕਰਨਾ ਪ੍ਰਸੰਸਾਯੋਗ ਉਪਰਾਲੇ : ਪ੍ਰਿੰਸੀਪਲ ਮੰਜੂ ਗਰਗ

ਪਟਿਆਲਾ, 17 ਸਤੰਬਰ (ਪੈ.ਗਾਮ-ਏ-ਜਗਤ)



ਅਧਿਆਪਕਾਂ, ਵਿਦਿਆਰਥੀਆਂ, ਪ੍ਰਿੰਸੀਪਲਾਂ ਤੋਂ ਇਲਾਵਾ ਸਮਾਜ ਸੁਧਾਰਕ ਨੇਕ ਦਿਲ ਇਨਸਾਨਾਂ ਅਤੇ ਚੰਗੇ ਆਰਟੀਸਟਾਂ ਨੂੰ ਹਰ ਮਹੀਨੇ ਸਨਮਾਨਿਤ ਕਰਕੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਵਲੋਂ ਪ੍ਰਸੰਸਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਗ੍ਰੀਨ ਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਸ਼੍ਰੀਮਤੀ ਮੰਜੂ ਗਰਗ ਅਤੇ ਉਨ੍ਹਾਂ ਦੇ ਅਧਿਆਪਕ ਸਰਬਜੀਤ ਕੌਰ ਨੂੰ ਰਾਸ਼ਟਰੀ ਅਧਿਆਪਕ ਦਿਵਸ ਮੌਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਵਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ 25 ਤੋਂ ਵੱਧ ਵਿਦਿਆਰਥੀਆਂ, ਅਧਿਆਪਕਾਂ ਨੂੰ ਵੀ ਪਿਛਲੇ ਦੋ ਸਾਲਾਂ ਵਿੱਚ, ਸਨਮਾਨਿਤ ਕੀਤਾ ਗਿਆ ਹੈ। 4 ਬੱਚਿਆਂ ਨੂੰ ਬਹਾਦਰੀ ਪੁਰਸਕਾਰ ਗੋਲਡ ਮੈਡਲ ਵੀ ਮਿਲੇ ਹਨ। ਇਸ ਸਮੇਂ 25 ਤੋਂ ਵੱਧ ਵਿਦਿਆਰਥੀ ਮਿਲੇ 10/15 ਮੈਡਲਾਂ ਨਾਲ ਬਹੁਤ ਉਤਸ਼ਾਹਿਤ ਹਨ। ਕਾਕਾ ਰਾਮ ਵਰਮਾ ਜੀ ਵਲੋਂ ਬੱਚਿਆਂ ਨੂੰ ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ ਆਫ਼ਤ ਪ੍ਰਬੰਧਨ ਦੀਆਂ ਟ੍ਰੇਨਿੰਗਾਂ, ਅਭਿਆਸ ਅਤੇ ਮੁਕਾਬਲੇ ਕਰਵਾਏ ਜਾਂਦੇ ਹਨ ਅਤੇ ਕੀਮਤੀ ਜਾਨਾਂ ਬਚਾਉਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਮੌਕੇ ਡਾਕਟਰ ਰਾਕੇਸ਼ ਵਰਮੀ, ਪ੍ਰਧਾਨ ਅਤੇ ਸ਼੍ਰੀ ਕਾਕਾ ਰਾਮ ਵਰਮਾ ਚੀਫ ਟ੍ਰੇਨਰ ਨੇ ਕਿਹਾ ਕਿ ਆਪਣੇ ਦੇਸ਼, ਮਾਨਵਤਾ ਅਤੇ ਵਾਤਾਵਰਨ ਦੀ ਸੁਰੱਖਿਆ, ਸਨਮਾਨ, ਖੁਸ਼ਹਾਲੀ ਲਈ ਵਿਦਿਆਰਥੀਆਂ ਅਤੇ ਗੁਰੂ-ਅਧਿਆਪਕਾਂ ਨੂੰ ਸਨਮਾਨਿਤ, ਉਤਸ਼ਾਹਿਤ ਕਰਨਾ, ਲੋੜਵੰਦ ਬੱਚਿਆਂ, ਮਰੀਜ਼ਾਂ, ਬੇਰੋਜ਼ਗਾਰਾਂ ਦੀ ਮਦਦ ਕਰਨੀ ਅਤੇ ਸੁਰੱਖਿਆ, ਸਹਾਇਤਾ, ਸਨਮਾਨ, ਸਹਿਣਸ਼ੀਲਤਾ ਨਿਮਰਤਾ ਅਨੁਸ਼ਾਸਨ ਅਤੇ ਖੁਸ਼ਹਾਲੀ ਲਈ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ।

ਸੀਮਾ ਰਾਣੀ ਮੋਇਲਾ ਨੇ ਕੀਤਾ ਨੇਤਰਦਾਨ

ਗੜ੍ਹਸ਼ੰਕਰ, 17 ਸਤੰਬਰ (ਪੈ.ਗਾਮ-ਏ-ਜਗਤ)

ਰੋਟਰੀ ਆਈ ਬੈਂਕ ਐਂਡ ਕੌਰਨੀਆ ਟਰਾਂਸਪਲਾਂਟ ਸੋਸਾਇਟੀ ਯੂਨਿਟ ਗੜ੍ਹਸ਼ੰਕਰ ਦੇ ਚੇਅਰਮੈਨ ਡਾਕਟਰ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਅਤੇ ਯੂਨਿਟ ਪ੍ਰਧਾਨ ਡਾਕਟਰ ਲਖਵਿੰਦਰ ਕੁਮਾਰ ਬਿਲੜੋਂ ਦੀ ਹਾਜ਼ਰੀ ਵਿੱਚ ਸੀਮਾ ਰਾਣੀ ਮੋਇਲਾ ਨੇ ਅੱਜ ਨੇਤਰਦਾਨ ਕੀਤੇ । ਇਸ ਮੌਕੇ ਤੇ ਡਾਕਟਰ ਲਖਵਿੰਦਰ ਕੁਮਾਰ ਬਿਲੜੋਂ ਨੇ ਦੱਸਿਆ ਕਿ ਸੀਮਾ ਰਾਣੀ ਜੀ ਸਮਾਜ ਸੇਵੀ ਸੰਸਥਾਵਾਂ ਦਾ ਹਿੱਸਾ ਹਨ ਅਤੇ ਆਦਰਸ਼ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਵਿੱਚ ਲੰਬੇ ਸਮੇਂ ਤੋਂ ਸਮਾਜ ਸੇਵਾ ਕਰ ਰਹੇ ਹਨ। ਸੀਮਾ ਰਾਣੀ ਵਾਂਗ ਹਰ ਇਕ ਇਨਸਾਨ ਨੂੰ ਜਿਉਂਦੇ ਜੀ ਖ਼ੂਨ ਦਾਨ ਮਰਨ ਉਪਰੰਤ ਸਰੀਰ ਦਾਨ ਅਤੇ ਨੇਤਰਦਾਨ ਕਰਕੇ ਕਿਸੇ ਨੇਤਰਹੀਣ ਦੀ ਜ਼ਿੰਦਗੀ ਨੂੰ ਰੋਸਨ ਕੀਤਾ ਜਾ ਸਕਦਾ ਹੈ।



ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਦੀ ਮੁਬਾਰਕ : ਦੀਪਕ ਕਪੂਰ



ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)

ਪ੍ਰਧਾਨ ਮੰਤਰੀ ਦਾ ਜਨਮ ਦਿਨ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਨੇ ਪਾਰਕ ਵਿੱਚ ਪੋਦੇ ਲਗਾਕੇ,ਸਫ਼ਾਈ ਕਰਕੇ ਕਲੀਨ ਪਟਿਆਲਾ ਗਰੀਨ ਪਟਿਆਲਾ ਹਰ ਮਨੁੱਖ ਲਾਵੇ ਦੋ ਰੁੱਖ ਮੁਹਿਮ ਨੂੰ ਜਾਰੀ ਰੱਖਦਿਆਂ ਸੈਰ ਪ੍ਰੇਮੀਆਂ ਨੇ ਤੇ ਸੁਸਾਇਟੀ ਮੈਂਬਰਾਂ ਨੇ ਰੁੱਖ, ਲਗਾਏ, ਸਫ਼ਾਈ, ਅਭਿਆਨ ਕੀਤਾ ਪਲਾਸਟਿਕ ਮੁਕਤ ਕਰਨ ਸਫ਼ਾਈ ਕੀਤੀ ਤੇ ਮੋਦੀ ਸਾਹਿਬ ਨੂੰ ਉਹਨਾਂ ਦੇ ਜਨਮ ਦਿਨ ਤੇ ਵਧਾਈ ਦਿਤੀ ਤੇ ਸੁਸਾਇਟੀ ਵਲੋਂ ਅਪੀਲ ਕੀਤੀ ਗਈ ਵੱਧ ਤੋਂ ਵੱਧ ਰੁੱਖ ਲਗਾਏ ਜਾਣ ਤੇ ਪਲਾਸਟਿਕ ਮੁਕਤ ਦੇਸ਼ ਬਣਾਉਣ।

ਐਮ.ਪੀ. ਮਾਲਵਿੰਦਰ ਸਿੰਘ ਕੰਗ ਵੱਲੋਂ ਮਾਜਰੀ ਬਲਾਕ ਵਿੱਚ 15 ਲੱਖ ਰੁਪਏ ਦੇ ਪੇਂਡੂ ਵਿਕਾਸ ਕਾਰਜਾਂ ਦਾ ਉਦਘਾਟਨ

ਮਾਜਰੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ), 17 ਸਤੰਬਰ (ਪੈ.ਗਾਮ-ਏ-ਜਗਤ)



ਆਨੰਦਪੁਰ ਸਾਹਿਬ ਸੰਸਦੀ ਹਲਕੇ ਤੋਂ ਲੋਕ ਸਭਾ ਮੈਂਬਰ ਸ. ਮਲਵਿੰਦਰ ਸਿੰਘ ਕੰਗ ਨੇ ਅੱਜ ਖਰੜ ਵਿਧਾਨ ਸਭਾ ਹਲਕੇ ਦੇ ਮਾਜਰੀ ਬਲਾਕ ਵਿੱਚ ਮੈਂਬਰ ਪਾਰਲੀਮੈਂਟ ਲੋਕਲ ਏਰੀਆ ਡਿਵੈਲਪਮੈਂਟ ਸਕੀਮ (ਐਮ.ਪੀ. ਲੈਡ) ਤਹਿਤ ਮੁਕੰਮਲ ਕੀਤੇ ਗਏ ਪੇਂਡੂ ਬੁਨਿਆਦੀ ਢਾਂਚੇ ਅਤੇ ਜਨਤਕ ਸਹੂਲਤਾਂ ਨਾਲ ਸਬੰਧਤ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਅਤੇ ਇਨ੍ਹਾਂ ਨੂੰ ਲੋਕਾਂ ਨੂੰ ਸਮਰਪਿਤ ਕੀਤਾ।

ਕੁੱਲ 15 ਲੱਖ ਰੁਪਏ ਦੀ ਲਾਗਤ ਵਾਲੇ ਇਨ੍ਹਾਂ ਵਿਕਾਸ ਕਾਰਜਾਂ ਦਾ ਉਦੇਸ਼ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਨਾਗਰਿਕ ਸਹੂਲਤਾਂ ਨੂੰ ਮਜ਼ਬੂਤ ਕਰਨਾ, ਜਨਤਕ ਸਹੂਲਤਾਂ ਨਾਲ ਸਬੰਧਤ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨਾ ਅਤੇ ਵਿਦਿਅਕ ਸਹੂਲਤਾਂ ਨੂੰ ਉਤਸ਼ਾਹਿਤ ਕਰਨਾ ਹੈ।

ਪਿੰਡ ਡਕੌਰਾਂ ਕਲਾਂ ਵਿਖੇ ਐਮ.ਪੀ. ਸ. ਮਾਲਵਿੰਦਰ ਸਿੰਘ ਕੰਗ ਨੇ ਸਰਪੰਚ ਸ੍ਰੀਮਤੀ ਭੁਪਿੰਦਰ ਕੌਰ ਦੀ ਮੌਜੂਦਗੀ ਵਿੱਚ 3.50 ਲੱਖ ਰੁਪਏ ਦੀ ਲਾਗਤ ਵਾਲਾ ਕਮਿਊਨਿਟੀ ਵਾਟਰ ਟੈਂਕਰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ, ਜਿਸ ਨਾਲ ਸਥਾਨਕ ਪੱਧਰ 'ਤੇ ਪਾਣੀ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਸਹਾਇਤਾ ਮਿਲੇਗੀ।

ਪਿੰਡ ਕਰਤਾਰਪੁਰ ਵਿਖੇ ਸਰਪੰਚ ਸ. ਬਲਦੇਵ ਸਿੰਘ ਦੀ ਮੌਜੂਦਗੀ ਵਿੱਚ 5 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਦਿਹਾਤੀ ਲਾਇਬ੍ਰੇਰੀ ਅਤੇ ਕਿਤਾਬਾਂ ਦੀ ਸਹੂਲਤ ਦਾ ਉਦਘਾਟਨ ਕੀਤਾ ਗਿਆ। ਇਹ ਸਹੂਲਤ ਸਥਾਨਕ ਨੌਜਵਾਨਾਂ ਨੂੰ ਵਧੇਰੇ ਵਿਦਿਅਕ ਸਰੋਤ ਮੁਹੱਈਆ ਕਰਵਾਉਣ ਅਤੇ ਪੜ੍ਹਨ ਦੀ ਰੁਚੀ ਨੂੰ ਉਤਸ਼ਾਹਿਤ ਕਰਨ ਵਿੱਚ ਸਹਾਈ ਹੋਵੇਗੀ।

ਪਿੰਡ ਮੁੰਧੋ ਭਾਗ ਸਿੰਘ ਵਿਖੇ ਐਮ.ਪੀ. ਸ. ਕੰਗ ਨੇ ਸਰਪੰਚ ਸ. ਰਘੁਬੀਰ ਸਿੰਘ (ਕਾਲਾ) ਦੀ ਮੌਜੂਦਗੀ ਵਿੱਚ 3 ਲੱਖ ਰੁਪਏ ਦੀ ਲਾਗਤ ਨਾਲ ਹੋਏ ਸ਼ਮਸ਼ਾਨਘਾਟ ਬੁਨਿਆਦੀ ਢਾਂਚੇ ਦੇ ਸੁਧਾਰ ਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤੀ। ਇਸੇ ਤਰ੍ਹਾਂ ਪਿੰਡ ਤਾਜਪੁਰਾ ਵਿਖੇ ਸਰਪੰਚ ਸ. ਸੰਜੀਵ ਨੰਬਰਦਾਰ ਦੀ ਮੌਜੂਦਗੀ ਵਿੱਚ 3.50 ਲੱਖ ਰੁਪਏ ਦੀ ਲਾਗਤ ਵਾਲਾ ਇੱਕ ਹੋਰ ਕਮਿਊਨਿਟੀ ਵਾਟਰ ਟੈਂਕਰ ਪਿੰਡ ਵਾਸੀਆਂ ਨੂੰ ਸੌਂਪਿਆ ਗਿਆ।

ਇਸ ਮੌਕੇ ਐਮ.ਪੀ. ਸ. ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਐਮ.ਪੀ. ਲੈਡ ਫੰਡਾਂ ਦੀ ਵਰਤੋਂ ਪਿੰਡ ਪੱਧਰ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨ, ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਜਨਤਕ ਸਹੂਲਤਾਂ ਵਿੱਚ ਸੁਧਾਰ ਲਿਆਉਣ ਲਈ ਯੋਜਨਾਬੱਧ ਢੰਗ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਨ੍ਹਾਂ ਦਾ ਸਿੱਧਾ ਲਾਭ ਸਥਾਨਕ ਲੋਕਾਂ ਨੂੰ ਮਿਲੇ ਅਤੇ ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਦੇ ਪੇਂਡੂ ਖੇਤਰਾਂ ਵਿੱਚ ਸੰਤੁਲਿਤ ਵਿਕਾਸ ਨੂੰ ਹੋਰ ਹੁਲਾਰਾ ਮਿਲੇ।

ਕਰਨਾਲ ਪੁਲਿਸ ਦੀ ਟੀਮ ਨੇ ਮਹਿਲਾ ਜਾਗਰੂਕਤਾ ਅਭਿਆਨ ਤਹਿਤ ਵਿਦਿਆਰਥਣਾਂ ਨੂੰ ਮਹਿਲਾ ਅਪਰਾਧਾਂ ਬਾਰੇ ਕੀਤਾ ਜਾਗਰੂਕ

- ਮਹਿਲਾ ਇੰਸਪੈਕਟਰ ਨੇ ਵਿਦਿਆਰਥਣਾਂ ਤੋਂ ਉਨ੍ਹਾਂ ਦੀਆਂ ਸਮੱਸਿਆਵਾਂ ਜਾਣ ਕੇ ਕੀਤਾ ਹੱਲ

ਪੈ.ਗਾਮ-ਏ-ਜਗਤ/ਕਰਨਾਲ 17 ਸਤੰਬਰ (ਪ੍ਰਵੀਨ ਵਾਲੀਆ)



ਪੁਲਿਸ ਸੁਪਰਡੈਂਟ ਕਰਨਾਲ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਔਰਤਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਪੰਦਰਵਾੜਾ ਚਲਾਇਆ ਜਾ ਰਿਹਾ ਹੈ ਜਿਸ ਵਿੱਚ ਰੋਜ਼ਾਨਾ ਸਕੂਲ, ਕਾਲਜ ਦੀਆਂ ਵਿਦਿਆਰਥਣਾਂ ਅਤੇ ਹੋਰ ਔਰਤਾਂ ਨੂੰ ਉਨ੍ਹਾਂ ਦੀ ਸੁਰੱਖਿਆ ਅਤੇ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਜਾਂਦਾ ਰਿਹਾ ਹੈ। ਕਰਨਾਲ ਪੁਲਿਸ ਸ਼ੁਰੂ ਤੋਂ ਹੀ ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਸੇ ਲੜੀ ਵਿੱਚ ਮਹਿਲਾ ਇੰਸਪੈਕਟਰ ਰਾਜੇਸ਼ ਲਤਾ ਦੀ ਪ੍ਰਧਾਨਗੀ ਹੇਠ ਟੀਮ ਨੇ ਸਰਕਾਰੀ ਪ੍ਰਾਇਮਰੀ ਸਕੂਲ ਅਤੇ ਸਰਕਾਰੀ ਹਾਈ ਸਕੂਲ ਪਿੰਡ ਬਜੀਦਾ ਰੋਡਾਨ ਵਿੱਚ ਜਾ ਕੇ ਵਿਦਿਆਰਥਣਾਂ ਨੂੰ ਮਹਿਲਾ ਸੁਰੱਖਿਆ ਬਾਰੇ ਜਾਗਰੂਕ ਕੀਤਾ। ਮਹਿਲਾ ਇੰਸਪੈਕਟਰ ਰਾਜੇਸ਼ ਲਤਾ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਅਪਰਾਧ ਸਮਾਜ ਵਿੱਚ ਬੁਰੀ ਤਰ੍ਹਾਂ ਫੈਲ ਚੁੱਕਾ ਹੈ। ਜਿਸ ਵਿੱਚ ਔਰਤਾਂ ਵਿਰੁੱਧ ਬਹੁਤ ਜ਼ਿਆਦਾ ਅਪਰਾਧ ਵੱਧ ਰਿਹਾ ਹੈ। ਔਰਤਾਂ ਦਾ ਸ਼ੋਸ਼ਣ ਉਨ੍ਹਾਂ ਦੇ ਘਰ ਵਿੱਚ ਵੀ ਹੋ ਰਿਹਾ ਹੈ। ਮਹਿਲਾ ਇੰਸਪੈਕਟਰ ਰਾਜੇਸ਼ ਲਤਾ ਨੇ ਦੱਸਿਆ ਕਿ ਸਮਾਂ ਬਦਲਣ ਦੇ ਨਾਲ ਹੁਣ ਔਰਤਾਂ ਨੂੰ ਵੀ ਜਾਗਰੂਕ ਹੋਣਾ ਜ਼ਰੂਰੀ ਹੈ। ਟੀਮ ਨੇ ਵਿਦਿਆਰਥਣਾਂ ਨੂੰ ਦੱਸਿਆ ਕਿ ਕਈ ਵਾਰ ਚੁੱਪ ਰਹਿ ਕੇ ਅਸੀਂ ਵੀ ਅਪਰਾਧਿਕ ਗਤੀਵਿਧੀਆਂ ਨੂੰ ਵਧਾਵਾ ਦਿੰਦੇ ਹਾਂ। ਪੁਲਿਸ ਟੀਮ ਨੇ ਵਿਦਿਆਰਥਣਾਂ ਨੂੰ ਗੁੱਡ ਟੱਚ ਅਤੇ ਬੈਡ ਟੱਚ ਬਾਰੇ ਵੀ ਸੁਚੇਤ ਕੀਤਾ।

ਟੀਮ ਨੇ ਵਿਦਿਆਰਥਣਾਂ ਨੂੰ ਇਹ ਵੀ ਧਿਆਨ ਰੱਖਣ ਲਈ ਕਿਹਾ ਕਿ ਸਕੂਲ ਆਉਂਦੇ-ਜਾਂਦੇ ਸਮੇਂ ਕੋਈ ਉਨ੍ਹਾਂ ਦਾ ਪਿੱਛਾ ਤਾਂ ਨਹੀਂ ਕਰ ਰਿਹਾ। ਅਤੇ ਇੰਸਪੈਕਟਰ ਰਾਜੇਸ਼ ਲਤਾ ਜੀ ਨੇ ਵਿਦਿਆਰਥਣਾਂ ਨੂੰ ਚੰਗੀ ਨਜ਼ਰ ਅਤੇ ਮਾੜੀ ਨਜ਼ਰ ਬਾਰੇ ਵੀ ਸੁਚੇਤ ਕੀਤਾ। ਮਹਿਲਾ ਇੰਸਪੈਕਟਰ ਨੇ ਸਕੂਲ ਦੀਆਂ ਕੁਝ ਵਿਦਿਆਰਥਣਾਂ ਨੂੰ ਰਾਜੇਸ਼ ਲਤਾ ਜੀ ਨੇ ਵਿਸ਼ਵਾਸ ਵਿੱਚ ਲੈ ਕੇ ਉਨ੍ਹਾਂ ਤੋਂ ਉਨ੍ਹਾਂ ਦੀਆਂ ਉਹ ਸਮੱਸਿਆਵਾਂ ਜਾਣੀਆਂ ਜਿਨ੍ਹਾਂ ਨੂੰ ਵਿਦਿਆਰਥਣਾਂ ਨੇ ਆਪਣੇ ਘਰ ਵਾਲਿਆਂ ਨੂੰ ਵੀ ਨਹੀਂ ਦੱਸਿਆ ਹੋਇਆ ਸੀ ਅਤੇ ਉਨ੍ਹਾਂ ਸਮੱਸਿਆਵਾਂ ਨੂੰ ਜਾਣ ਕੇ ਤੁਰੰਤ ਉਨ੍ਹਾਂ ਦਾ ਹੱਲ ਕੀਤਾ। ਵਿਦਿਆਰਥਣਾਂ ਨੂੰ ਇਹ ਵੀ ਦੱਸਿਆ ਗਿਆ ਕਿ ਮਹਿਲਾ ਸੁਰੱਖਿਆ ਲਈ ਜ਼ਿਲ੍ਹੇ ਵਿੱਚ ਦੁਰਗਾ ਸ਼ਕਤੀ ਦੇ ਨਾਮ ਨਾਲ ਟੀਮ ਦਾ ਗਠਨ ਕੀਤਾ ਹੋਇਆ ਹੈ। ਜੋ ਸ਼ਹਿਰ ਵਿੱਚ ਸਕੂਲਾਂ, ਕਾਲਜਾਂ ਅਤੇ ਭੀੜ-ਭਾੜ ਵਾਲੇ ਇਲਾਕਿਆਂ ਵਿੱਚ ਹਮੇਸ਼ਾ ਸਹਾਇਤਾ ਲਈ ਤਤਪਰ ਰਹਿੰਦੀ ਹੈ। ਟੀਮ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਘਰ, ਸਕੂਲ ਜਾਂ ਹੋਰ ਥਾਂ ਕੋਈ ਵੀ ਪਰੇਸ਼ਾਨੀ ਆਉਣ 'ਤੇ ਦੁਰਗਾ ਸ਼ਕਤੀ ਤੋਂ ਸਹਾਇਤਾ ਲੈਣ ਲਈ ਪ੍ਰੇਰਿਤ ਕੀਤਾ।

ਮਹਿਲਾ ਇੰਸਪੈਕਟਰ ਰਾਜੇਸ਼ ਲਤਾ ਜੀ ਨੇ ਵਿਦਿਆਰਥਣਾਂ ਨੂੰ ਪੋਕਸੋ ਐਕਟ ਬਾਰੇ ਵੀ ਵਿਸਥਾਰ ਨਾਲ ਦੱਸਿਆ। ਟੀਮ ਵੱਲੋਂ ਵਿਦਿਆਰਥਣਾਂ ਨੂੰ ਮਹਿਲਾ ਹੈਲਪਲਾਈਨ ਨੰਬਰ 1091 ਅਤੇ ਡਾਇਲ 112 ਦੀ ਵਰਤੋਂ ਕਰਕੇ ਐਮਰਜੈਂਸੀ ਸਥਿਤੀ ਵਿੱਚ ਸਹਾਇਤਾ ਲੈਣ ਬਾਰੇ ਵੀ ਜਾਗਰੂਕ ਕੀਤਾ। ਇਸ ਮੌਕੇ ਪੁਲਿਸ ਟੀਮ ਤੋਂ ਮਹਿਲਾ ਇੰਸਪੈਕਟਰ ਰਾਜੇਸ਼ ਲਤਾ ਸਕੂਲ ਸਟਾਫ ਅਤੇ ਵਿਦਿਆਰਥਣਾਂ ਮੌਜੂਦ ਰਹੀਆਂ।

ਪੁਲਿਸ ਸੁਪਰਡੈਂਟ ਕਰਨ ਗੋਇਲ ਨੇ ਖੁਦ ਕੀਤਾ ਇੰਟਰ ਸਟੇਟ ਨਾਕਾ ਸ਼ੇਰਗੜ੍ਹ ਟਾਪੂ ਦਾ ਅਚਨਚੇਤ ਨਿਰੀਖਣ

ਪੈ.ਗਾਮ-ਏ-ਜਗਤ/ਕਰਨਾਲ 17 ਸਤੰਬਰ (ਪ੍ਰਵੀਨ ਵਾਲੀਆ)

- ਨਾਕਾਬੰਦੀ ਵਿਵਸਥਾ, ਵਾਹਨਾਂ ਦੀ ਚੈਕਿੰਗ ਅਤੇ ਪੁਲਿਸ ਕਰਮਚਾਰੀਆਂ ਦੀ ਚੁਸਤੀ ਦਾ ਲਿਆ ਜਾਇਜ਼ਾ
- ਸ਼ੱਕੀ ਗਤੀਵਿਧੀਆਂ 'ਤੇ ਵਿਸ਼ੇਸ਼ ਨਿਗਰਾਨੀ ਦੇ ਦਿੱਤੇ ਨਿਰਦੇਸ਼



ਜ਼ਿਲ੍ਹਾ ਕਰਨਾਲ ਵਿੱਚ ਕਾਨੂੰਨ ਅਤੇ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਅਤੇ ਅਪਰਾਧ ਅਤੇ ਸਮਾਜ ਵਿਰੋਧੀ ਗਤੀਵਿਧੀਆਂ 'ਤੇ ਪ੍ਰਭਾਵਸ਼ਾਲੀ ਰੋਕ ਲਗਾਉਣ ਦੇ ਉਦੇਸ਼ ਨਾਲ ਪੁਲਿਸ ਸੁਪਰਡੈਂਟ ਕਰਨਾਲ ਸ਼੍ਰੀ ਕਰਨ ਗੋਇਲ, ਆਈਪੀਐਸ ਵੱਲੋਂ ਅੱਜ ਖੁਦ ਜ਼ਿਲ੍ਹੇ ਦੇ ਮਹੱਤਵਪੂਰਨ ਇੰਟਰ ਸਟੇਟ ਨਾਕਾ ਸ਼ੇਰਗੜ੍ਹ ਟਾਪੂ, ਥਾਣਾ ਕੁੰਜਪੁਰਾ ਦਾ ਨਿਰੀਖਣ ਕੀਤਾ ਗਿਆ।

ਪੁਲਿਸ ਸੁਪਰਡੈਂਟ ਨੇ ਨਾਕੇ 'ਤੇ ਤਾਇਨਾਤ ਪੁਲਿਸ ਕਰਮਚਾਰੀਆਂ ਦੀ ਡਿਊਟੀ ਅਤੇ ਚੁਸਤੀ ਦਾ ਜਾਇਜ਼ਾ ਲਿਆ ਅਤੇ ਨਾਕੇ 'ਤੇ ਕੀਤੀ ਜਾ ਰਹੀ ਵਾਹਨਾਂ ਦੀ ਚੈਕਿੰਗ, ਨਾਕਾਬੰਦੀ ਵਿਵਸਥਾ ਅਤੇ ਪੁਲਿਸ ਵੱਲੋਂ ਅਪਣਾਈ ਜਾ ਰਹੀ ਸੁਰੱਖਿਆ ਵਿਵਸਥਾ ਨੂੰ ਬਾਰੀਕੀ ਨਾਲ ਜਾਂਚਿਆ। ਉਨ੍ਹਾਂ ਨੇ ਡਿਊਟੀ 'ਤੇ ਤਾਇਨਾਤ ਪੁਲਿਸ ਕਰਮਚਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਅਤੇ ਸੁਰੱਖਿਆ ਸਬੰਧੀ ਵਿਵਸਥਾਵਾਂ ਬਾਰੇ ਜਾਣਕਾਰੀ ਲਈ।

ਐਸਪੀ ਕਰਨ ਗੋਇਲ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇੰਟਰ ਸਟੇਟ ਨਾਕੇ 'ਤੇ ਹਰ ਵਾਹਨ ਦੀ ਚੌਕਸੀ ਅਤੇ ਨਿਯਮਾਂ ਅਨੁਸਾਰ ਜਾਂਚ ਯਕੀਨੀ ਬਣਾਈ ਜਾਵੇ। ਦੂਜੇ ਰਾਜਾਂ ਤੋਂ ਆਉਣ-ਜਾਣ ਵਾਲੇ ਵਾਹਨਾਂ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇ ਅਤੇ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਨਾਕੇ 'ਤੇ ਤਾਇਨਾਤ ਪੁਲਿਸ ਕਰਮਚਾਰੀ ਪੂਰੀ ਚੌਕਸੀ ਅਤੇ ਜ਼ਿੰਮੇਵਾਰੀ ਨਾਲ ਆਪਣੀ ਡਿਊਟੀ ਦਾ ਨਿਰਵਾਹ ਕਰਨ। ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ, ਗੈਰ-ਕਾਨੂੰਨੀ ਹਥਿਆਰਾਂ, ਨਸ਼ੀਲੇ ਪਦਾਰਥਾਂ, ਚੋਰੀ ਦੇ ਵਾਹਨਾਂ ਜਾਂ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਦੀ ਸੂਚਨਾ ਮਿਲਣ 'ਤੇ ਤੁਰੰਤ ਸੀਨੀਅਰ ਅਧਿਕਾਰੀਆਂ ਨੂੰ ਸੂਚਿਤ ਕਰਦਿਆਂ ਨਿਯਮਾਂ ਅਨੁਸਾਰ ਕਾਰਵਾਈ ਯਕੀਨੀ ਬਣਾਈ ਜਾਵੇ।

ਪੁਲਿਸ ਸੁਪਰਡੈਂਟ ਨੇ ਡਿਊਟੀ ਦੌਰਾਨ ਪੁਲਿਸ ਕਰਮਚਾਰੀਆਂ ਨੂੰ ਆਪਸੀ ਤਾਲਮੇਲ ਬਣਾਈ ਰੱਖਣ, ਆਮ ਲੋਕਾਂ ਨਾਲ ਸ਼ਾਲੀਨਤਾ ਨਾਲ ਵਿਹਾਰ ਕਰਨ ਅਤੇ ਕਾਨੂੰਨ ਵਿਵਸਥਾ ਨਾਲ ਸਬੰਧਤ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਹਮੇਸ਼ਾ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਦੀਆਂ ਹੱਦਾਂ 'ਤੇ ਸਥਿਤ ਇੰਟਰ ਸਟੇਟ ਨਾਕਿਆਂ ਦੀ ਸੁਰੱਖਿਆ ਵਿਵਸਥਾ ਪੁਲਿਸ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਅਪਰਾਧੀਆਂ ਦੀ ਆਵਾਜਾਈ ਰੋਕਣ, ਗੈਰ-ਕਾਨੂੰਨੀ ਗਤੀਵਿਧੀਆਂ 'ਤੇ ਰੋਕ ਲਗਾਉਣ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਨਾਕਿਆਂ 'ਤੇ ਪ੍ਰਭਾਵਸ਼ਾਲੀ ਅਤੇ ਸੰਘਣੀ ਚੈਕਿੰਗ ਲਗਾਤਾਰ ਜਾਰੀ ਰਹੇਗੀ। ਇਸ ਦੌਰਾਨ ਪੁਲਿਸ ਸੁਪਰਡੈਂਟ ਨੇ ਨਾਕੇ 'ਤੇ ਤਾਇਨਾਤ ਪੁਲਿਸ ਬਲ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਡਿਊਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਪੂਰੀ ਨਿਸ਼ਠਾ, ਚੌਕਸੀ ਅਤੇ ਅਨੁਸ਼ਾਸਨ ਨਾਲ ਡਿਊਟੀ ਕਰਨਾ ਯਕੀਨੀ ਬਣਾਉਣ।

ਡੀ.ਬੀ.ਜੀ ਰਸੋਈ ਫੈਕਟਰੀ ਏਰੀਆ ਵਿੱਚ ਹਰ ਰੋਜ਼ ਦੁਪਹਿਰ ਦਾ ਖਾਣਾ ਖੁਆਉਣਾ ਪ੍ਰਸੰਸ਼ਾ ਯੋਗ : ਕੁੰਦਨ ਗੋਗੀਆ, ਹਰਪ੍ਰੀਤ ਸੰਧੂ

ਪਟਿਆਲਾ, 17 ਸਤੰਬਰ (ਪੈ.ਗਾਮ-ਏ-ਜਗਤ)




ਡੈਡੀਕੇਟਡ ਬ੍ਰਦਰਜ਼ ਗਰੁੱਪ ਪੰਜਾਬ ਰਜਿ. ਪਟਿਆਲਾ ਡੀ.ਬੀ.ਜੀ ਦੇ ਸੰਸਥਾਪਕ ਡਾਕਟਰ ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਫੈਕਟਰੀ ਏਰੀਆ ਪਟਿਆਲਾ ਵਿਖੇ ਡੀ.ਬੀ.ਜੀ ਰਸੋਈ ਵਿੱਚ ਰੋਜ਼ਾਨਾ 125 - 130 ਤੋਂ ਵੱਧ ਲੋਕਾਂ ਨੂੰ ਖਾਣਾ ਖੁਆਉਣ ਦੀ ਸੇਵਾ ਨਿਰੰਤਰ ਜਾਰੀ ਹੈ ਇਸ ਸੇਵਾ ਦੀ ਸ਼ਲਾਘਾ ਕਰਦੇ ਹੋਏ ਮਹਾਰਾਣੀ ਕਲੱਬ ਦੇ ਸੈਕਟਰੀ ਹਰਪ੍ਰੀਤ ਸਿੰਘ ਸੰਧੂ ਅਤੇ ਪਟਿਆਲਾ ਸ਼ਹਿਰ ਦੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਡੀ.ਬੀ.ਜੀ ਸੰਸਥਾ ਪਿਛਲੇ 31 ਸਾਲਾਂ ਤੋਂ ਮਾਨਵਤਾ ਦੀ ਭਲਾਈ ਲਈ ਵੱਖ-ਵੱਖ 35 ਪ੍ਰੋਜੈਕਟਾਂ ਰਾਹੀਂ ਸੇਵਾ ਨਿਭਾ ਰਹੀ ਹੈ। ਇਸ ਮੌਕੇ ਮੇਅਰ ਕੁੰਦਨ ਗੋਗੀਆ ਅਤੇ ਉਨ੍ਹਾਂ ਦੀ ਟੀਮ ਨੇ ਲੋਕਾਂ ਨੂੰ ਰੋਟੀ, ਸਬਜ਼ੀ, ਚਾਵਲ ਅਤੇ ਮਿੱਠਾ ਪ੍ਰਸ਼ਾਦ ਖੁਆਉਣ ਦੀ ਸੇਵਾ ਨਿਭਾਈ ਅਤੇ ਖੁਦ ਵੀ ਭੋਜਨ ਸਵੀਕਾਰ ਕੀਤਾ। ਡਾ. ਰਾਕੇਸ਼ ਵਰਮੀ ਨੇ ਦੱਸਿਆ ਡੀ.ਬੀ.ਜੀ ਦੀ ਟੀਮ ਹਰ ਰੋਜ਼ ਖਾਣਾ ਖਵਾਉਣ ਦੀ ਸੇਵਾ ਕਰਦੀ ਹੈ ਹਰਪ੍ਰੀਤ ਸਿੰਘ ਸੰਧੂ ਜਨਰਲ ਸਕੱਤਰ ਡੀ.ਬੀ.ਜੀ ਨੇ ਪਟਿਆਲਾ ਵਾਸੀਆਂ ਨੂੰ ਦੁਪਹਿਰ ਦਾ ਖਾਣਾ ਖਵਾਉਣ ਦੀ ਸੇਵਾ ਕਰਨ ਲਈ ਪ੍ਰੇਰਿਆ।

ਕੁੰਦਨ ਗੋਗੀਆ ਮੇਅਰ ਪਟਿਆਲਾ ਨੇ ਡੀ.ਬੀ.ਜੀ ਰਸੋਈ ਦੇ ਖਾਣੇ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਘਰ ਵਰਗਾ ਖਾਣਾ ਲੋਕਾਂ ਨੂੰ ਚੰਗੀ ਸਿਹਤ ਪ੍ਰਦਾਨ ਕਰਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਓਮ ਪ੍ਰਕਾਸ਼ ਸਿੰਗਲਾ, ਅਸ਼ੋਕ ਸ਼ਰਮਾ, ਪਰਮਿੰਦਰ ਸਿੰਘ, ਅਮਨਇੰਦਰ ਸਿੰਘ ਸੈਣੀ, ਚਮਨ ਲਾਲ ਦੱਤ, ਅਨਿਲ ਕੁਮਾਰ ਬਾਂਸਲ, ਜੋਨੀ, ਕੁਲਦੀਪ ਸਿੰਘ, ਨਛੱਤਰ ਸਿੰਘ, ਨਰਿੰਦਰਪਾਲ ਸਿੰਘ ਛੀਂਦਾ,ਹਰਮੇਸ਼ ਕੁਮਾਰ, ਮਨੋਜ ਕੁਮਾਰ, ਸ਼ਾਮ ਲਾਲ ਵੀ ਹਾਜ਼ਰ ਰਹੇ ਇਹ ਜਾਣਕਾਰੀ ਚਮਨ ਲਾਲ ਦੱਤ ਨੇ ਦਿੱਤੀ।

ਵਿਧਾਇਕ ਵਿਨੋਦ ਭਿਆਨਾ ਨੇ ਮੋਬਾਈਲ ਮੈਡੀਕਲ ਯੂਨਿਟ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

- ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਲੋਕਾਂ ਦੀ ਸਿਹਤ ਦੀ ਜਾਂਚ ਕਰਕੇ ਉਪਲਬਧ ਕਰਵਾਈਆਂ ਜਾਣਗੀਆਂ ਜ਼ਰੂਰੀ ਦਵਾਈਆਂ



ਹਰਿਆਣਾ ਸਰਕਾਰ ਸੇਵਾ ਸੰਕਲਪ ਪਹਿਲ ਦੇ ਤਹਿਤ ਸਿਵਲ ਹਸਪਤਾਲ ਤੋਂ ਮੋਬਾਈਲ ਮੈਡੀਕਲ ਯੂਨਿਟ ਨੂੰ ਵਿਧਾਇਕ ਵਿਨੋਦ ਭਿਆਨਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਸਿਵਲ ਸਰਜਨ ਡਾ. ਰਾਹੁਲ ਬੁੱਧੀਰਾਜਾ, ਡਾ. ਰਾਜੀਵ ਡਾਬਲਾ ਅਤੇ ਡਾ. ਕਾਮਿਦ ਮੌਂਗਾ ਸਮੇਤ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

ਵਿਧਾਇਕ ਵਿਨੋਦ ਭਿਆਨਾ ਨੇ ਕਿਹਾ ਕਿ ਮੋਬਾਈਲ ਮੈਡੀਕਲ ਯੂਨਿਟ ਦਾ ਉਦੇਸ਼ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਹੋਰ ਨੇੜੇ ਪਹੁੰਚਾਉਣਾ ਹੈ। ਇਹ ਯੂਨਿਟ ਜ਼ਿਲ੍ਹੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਜਾ ਕੇ ਨਾਗਰਿਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਏਗੀ। ਵਿਸ਼ੇਸ਼ ਤੌਰ 'ਤੇ ਉਨ੍ਹਾਂ ਖੇਤਰਾਂ ਦੇ ਲੋਕਾਂ ਨੂੰ ਇਸ ਦਾ ਲਾਭ ਮਿਲੇਗਾ, ਜਿੱਥੇ ਹਸਪਤਾਲ ਜਾਂ ਸਿਹਤ ਕੇਂਦਰ ਤੱਕ ਪਹੁੰਚਣ ਵਿੱਚ ਨਾਗਰਿਕਾਂ ਨੂੰ ਮੁਸ਼ਕਲ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਮੋਬਾਈਲ ਮੈਡੀਕਲ ਯੂਨਿਟ ਦੇ ਮਾਧਿਅਮ ਨਾਲ ਲੋਕਾਂ ਦੀ ਆਮ ਸਿਹਤ ਜਾਂਚ ਕੀਤੀ ਜਾਵੇਗੀ ਅਤੇ ਲੋੜ ਅਨੁਸਾਰ ਉਨ੍ਹਾਂ ਨੂੰ ਡਾਕਟਰੀ ਸਲਾਹ ਅਤੇ ਜ਼ਰੂਰੀ ਦਵਾਈਆਂ ਉਪਲਬਧ ਕਰਵਾਈਆਂ ਜਾਣਗੀਆਂ। ਇਸ ਦੇ ਨਾਲ ਹੀ ਨਾਗਰਿਕਾਂ ਨੂੰ ਸਿਹਤ, ਸਫਾਈ ਅਤੇ ਬਿਮਾਰੀਆਂ ਤੋਂ ਬਚਾਅ ਪ੍ਰਤੀ ਜਾਗਰੂਕ ਵੀ ਕੀਤਾ ਜਾਵੇਗਾ।

ਮੋਬਾਈਲ ਮੈਡੀਕਲ ਯੂਨਿਟ ਇੱਕ ਚਲਿਤ ਚਿਕਿਤਸਾ ਵਾਹਨ ਵਜੋਂ ਕੰਮ ਕਰੇਗੀ, ਜਿਸ ਵਿੱਚ ਡਾਕਟਰ, ਨਰਸ ਅਤੇ ਜ਼ਰੂਰੀ ਮੈਡੀਕਲ ਸਟਾਫ ਉਪਲਬਧ ਰਹੇਗਾ। ਯੂਨਿਟ ਦੇ ਮਾਧਿਅਮ ਨਾਲ ਨਾਗਰਿਕਾਂ ਦੀ ਆਮ ਸਿਹਤ ਜਾਂਚ ਦੇ ਨਾਲ ਜ਼ਰੂਰੀ ਚਿਕਿਤਸਾ ਸੇਵਾਵਾਂ ਉਪਲਬਧ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਲੋੜ ਅਨੁਸਾਰ ਜ਼ਰੂਰੀ ਦਵਾਈਆਂ ਅਤੇ ਉਪਲਬਧ ਸਹੂਲਤਾਂ ਦੇ ਤਹਿਤ ਜਾਂਚ ਸੇਵਾਵਾਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ। ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਮੋਬਾਈਲ ਮੈਡੀਕਲ ਯੂਨਿਟ ਜ਼ਿਲ੍ਹੇ ਦੇ ਵੱਖ-ਵੱਖ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਨਿਯਮਿਤ ਤੌਰ 'ਤੇ ਪਹੁੰਚੇਗੀ। ਇਸ ਦਾ ਉਦੇਸ਼ ਲੋੜਵੰਦ ਲੋਕਾਂ ਨੂੰ ਉਨ੍ਹਾਂ ਦੇ ਘਰ ਅਤੇ ਪਿੰਡ ਦੇ ਨੇੜੇ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ, ਤਾਂ ਜੋ ਆਮ ਸਿਹਤ ਸਮੱਸਿਆਵਾਂ ਲਈ ਉਨ੍ਹਾਂ ਨੂੰ ਬੇਲੋੜੇ ਤੌਰ 'ਤੇ ਦੂਰ ਸਥਿਤ ਹਸਪਤਾਲਾਂ ਤੱਕ ਨਾ ਜਾਣਾ ਪਵੇ।

ਮੋਬਾਈਲ ਮੈਡੀਕਲ ਯੂਨਿਟ ਦੇ ਮਾਧਿਅਮ ਨਾਲ ਸਿਹਤ ਜਾਂਚ ਦੇ ਨਾਲ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ, ਸਫਾਈ, ਸੰਤੁਲਿਤ ਖਾਣ-ਪੀਣ ਅਤੇ ਬਿਮਾਰੀਆਂ ਤੋਂ ਬਚਾਅ ਦੇ ਉਪਾਵਾਂ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ। ਸਿਹਤ ਵਿਭਾਗ ਦੀ ਟੀਮ ਲੋਕਾਂ ਨੂੰ ਜ਼ਰੂਰੀ ਸਾਵਧਾਨੀਆਂ ਦੀ ਜਾਣਕਾਰੀ ਦੇਣ ਦੇ ਨਾਲ ਸਮੇਂ 'ਤੇ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕਰੇਗੀ।

ਇਸ ਪਹਿਲ ਨਾਲ ਪੇਂਡੂ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਰਹਿਣ ਵਾਲੇ ਨਾਗਰਿਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ ਆਸਾਨੀ ਨਾਲ ਉਪਲਬਧ ਹੋਣ ਦੀ ਉਮੀਦ ਹੈ।

ਬਲਾਇੰਡ ਮਰਡਰ ਕੇਸ ਦਾ ਕਰਨਾਲ ਪੁਲਿਸ ਨੇ ਕੀਤਾ ਖੁਲਾਸਾ, ਤਿੰਨ ਮੁਲਜ਼ਮ ਗ੍ਰਿਫਤਾਰ

ਪੈ.ਗਾਮ-ਏ-ਜਗਤ/ਕਰਨਾਲ 17 ਸਤੰਬਰ (ਪ੍ਰਵੀਨ ਵਾਲੀਆ)



ਪੁਲਿਸ ਸੁਪਰਡੈਂਟ ਸ਼੍ਰੀ ਕਰਨ ਗੋਇਲ ਦੇ ਆਦੇਸ਼ਾਂ ਅਨੁਸਾਰ ਬਲਾਇੰਡ ਮਰਡਰ ਦੀਆਂ ਵਾਰਦਾਤਾਂ ਦਾ ਖੁਲਾਸਾ ਕਰਨ ਅਤੇ ਮੁਲਜ਼ਮਾਂ ਦੀ ਧਰਪਕੜ ਲਈ ਲਗਾਤਾਰ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਸਪੈਸ਼ਲ ਡਿਟੈਕਟਿਵ ਯੂਨਿਟ ਕਰਨਾਲ ਦੀ ਟੀਮ ਨੇ ਕਾਲੀਚਰਨ ਹੱਤਿਆਕਾਂਡ ਦਾ ਖੁਲਾਸਾ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ।

ਇਸ ਸਬੰਧ ਵਿੱਚ ਪ੍ਰੈਸ ਵਾਰਤਾ ਨੂੰ ਸੰਬੋਧਨ ਕਰਦਿਆਂ ਏਐਸਪੀ ਸ਼੍ਰੀ ਰਵਿੰਦਰ ਕੁਮਾਰ ਆਈਪੀਐਸ ਨੇ ਦੱਸਿਆ ਕਿ ਮਿਤੀ 16 ਸਤੰਬਰ 2026 ਦੀ ਰਾਤ ਸਮੇਂ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਐਲਆਈਸੀ ਦਫਤਰ, ਐਨਡੀਆਰਆਈ ਚੌਂਕ ਦੇ ਨੇੜੇ ਸੜਕ ਕਿਨਾਰੇ ਇੱਕ ਵਿਅਕਤੀ ਜ਼ਖਮੀ ਹਾਲਤ ਵਿੱਚ ਪਿਆ ਹੋਇਆ ਹੈ। ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਜ਼ਖਮੀ ਨੂੰ ਇਲਾਜ ਲਈ ਸਿਵਲ ਹਸਪਤਾਲ ਕਰਨਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਮ੍ਰਿਤਕ ਦੀ ਜੇਬ ਵਿੱਚੋਂ ਮਿਲੇ ਆਧਾਰ ਕਾਰਡ ਦੇ ਆਧਾਰ 'ਤੇ ਉਸ ਦੀ ਪਛਾਣ ਕਾਲੀਚਰਨ ਪੁੱਤਰ ਧਰਮਪਾਲ ਸਿੰਘ ਵਾਸੀ ਪਿੰਡ ਬਰੋਦਾ, ਤਹਿਸੀਲ ਕਿਰਾਵਲੀ, ਜ਼ਿਲ੍ਹਾ ਆਗਰਾ (ਉੱਤਰ ਪ੍ਰਦੇਸ਼) ਵਜੋਂ ਹੋਈ। ਮ੍ਰਿਤਕ ਦੇ ਭਰਾ ਚੇਤਮ ਵੱਲੋਂ ਲਾਸ਼ ਦੀ ਸ਼ਨਾਖਤ ਕੀਤੀ ਗਈ ਅਤੇ ਦਿੱਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਿਵਲ ਲਾਈਨ ਕਰਨਾਲ ਵਿੱਚ ਹੱਤਿਆ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ। ਐਸਪੀ ਰਵਿੰਦਰ ਕੁਮਾਰ ਨੇ ਦੱਸਿਆ ਕਿ ਪੁਲਿਸ ਸੁਪਰਡੈਂਟ ਕਰਨਾਲ ਕਰਨ ਗੋਇਲ ਦੇ ਆਦੇਸ਼ਾਂ ਅਨੁਸਾਰ ਬਲਾਇੰਡ ਮਰਡਰ ਕੇਸ ਦੀ ਜਾਂਚ ਇੰਸਪੈਕਟਰ ਪ੍ਰਵੀਨ ਕੁਮਾਰ, ਇੰਚਾਰਜ ਸਪੈਸ਼ਲ ਡਿਟੈਕਟਿਵ ਯੂਨਿਟ ਕਰਨਾਲ ਨੂੰ ਸੌਂਪੀ ਗਈ। ਟੀਮ ਨੇ ਘਟਨਾ ਸਥਾਨ ਦੇ ਆਸ-ਪਾਸ ਦੀ ਸੀਸੀਟੀਵੀ ਫੁਟੇਜ, ਤਕਨੀਕੀ ਵਿਸ਼ਲੇਸ਼ਣ ਅਤੇ ਭਰੋਸੇਯੋਗ ਮੁਖਬਰੀ ਦੇ ਆਧਾਰ 'ਤੇ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਮੰਗਲ ਕਾਲੋਨੀ, ਕਰਨਾਲ ਤੋਂ ਗ੍ਰਿਫਤਾਰ ਕੀਤਾ।

ਗ੍ਰਿਫਤਾਰ ਮੁਲਜ਼ਮਾਂ ਦੀ ਪਛਾਣ ਦੀਪਾਂਸ਼ੂ ਉਰਫ ਡਿੰਪੀ ਪੁੱਤਰ ਸੰਤ ਰਾਮ, ਵਾਸੀ ਨਿਊ ਵਾਲਮੀਕਿ ਕਾਲੋਨੀ, ਕਰਨਾਲ।

ਯੋਗੇਸ਼ ਉਰਫ ਨੋਨੀ ਪੁੱਤਰ ਪਰਮਜੀਤ, ਵਾਸੀ ਨਿਊ ਵਾਲਮੀਕ ਕਾਲੋਨੀ, ਕਰਨਾਲ।

ਰੋਮੀਓ ਉਰਫ ਆਲੂ ਪੁੱਤਰ ਬਲਵਿੰਦਰ ਸਿੰਘ, ਵਾਸੀ ਨਿਊ ਬਹਾਦਰ ਚੰਦ ਕਾਲੋਨੀ, ਕਰਨਾਲ ਵਜੋਂ ਹੋਈ ਹੈ। ਉਨ੍ਹਾਂ ਨੇ ਦੱਸਿਆ ਕਿ ਸ਼ੁਰੂਆਤੀ ਪੁੱਛਗਿੱਛ ਵਿੱਚ ਮੁਲਜ਼ਮਾਂ ਨੇ ਪੁਲਿਸ ਨੂੰ ਦੱਸਿਆ ਕਿ ਉਹ ਮੋਟਰਸਾਈਕਲ 'ਤੇ ਜਾ ਰਹੇ ਸਨ। ਰਸਤੇ ਵਿੱਚ ਕਿਸੇ ਗੱਲ ਨੂੰ ਲੈ ਕੇ ਮ੍ਰਿਤਕ ਕਾਲੀਚਰਨ ਨਾਲ ਉਨ੍ਹਾਂ ਦਾ ਝਗੜਾ ਹੋ ਗਿਆ, ਜਿਸ ਤੋਂ ਬਾਅਦ ਉਨ੍ਹਾਂ ਨੇ ਚਾਕੂ ਨਾਲ ਵਾਰ ਕਰਕੇ ਉਸ ਦੀ ਹੱਤਿਆ ਕਰ ਦਿੱਤੀ ਅਤੇ ਮੋਟਰਸਾਈਕਲ 'ਤੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਅਨੁਸਾਰ ਸ਼ੁਰੂਆਤੀ ਪੁੱਛਗਿੱਛ ਵਿੱਚ ਵਾਰਦਾਤ ਦਾ ਕਾਰਨ ਮੁਲਜ਼ਮਾਂ ਦਾ ਨਸ਼ੇ ਦਾ ਆਦੀ ਹੋਣਾ ਅਤੇ ਆਪਸੀ ਝਗੜਾ ਸਾਹਮਣੇ ਆਇਆ ਹੈ।

ਏ.ਡੀ.ਸੀ. ਵੱਲੋਂ ਫਰਮ ਗਰੋਥ ਓਵਰਸੀਜ਼ ਇੰਟਰਨੈਸ਼ਨਲ ਐਜੂਟੈਕ ਦਾ ਲਾਇਸੰਸ ਬਹਾਲ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 17 ਸਤੰਬਰ (ਪੈ.ਗਾਮ-ਏ-ਜਗਤ)

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਫਰਮ ਗਰੋਥ ਓਵਰਸੀਜ਼ ਇੰਟਰਨੈਸ਼ਨਲ ਐਜੂਟੈਕ ਦਾ ਲਾਇਸੰਸ ਬਹਾਲ ਕਰ ਦਿੱਤਾ ਗਿਆ ਹੈ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਗਰੋਥ ਓਵਰਸੀਜ਼ ਇੰਟਰਨੈਸ਼ਨਲ ਐਜੂਟੈਕ ਫਰਮ ਐਸ.ਸੀ.ਓ. ਨੰਬਰ 10, ਪਹਿਲੀ ਮੰਜ਼ਿਲ, ਨੇੜੇ ਰੋਇਲ ਐਸੀਟੇਟ, ਲੋਹਗੜ੍ਹ, ਜ਼ੀਰਕਪੁਰ, ਐਸ.ਏ.ਐਸ.ਨਗਰ ਦੇ ਮਾਲਕ ਸ੍ਰੀ ਸੁਖਦੇਵ ਕੁਮਾਰ ਪੁੱਤਰ ਸ੍ਰੀ ਪਠਾਨ ਚੰਦ ਪਤਾ ਮਕਾਨ ਨੰ: 226, ਵਾਰਡ ਨੰ: 06, ਬਾਜ਼ੀਗਰ ਕਲੋਨੀ, ਸਿੰਘਪੁਰਾ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐਸ.ਏ.ਐਸ.ਨਗਰ ਨੂੰ ਕੰਸਲਟੈਂਸੀ ਅਤੇ ਕੋਚਿੰਗ ਇੰਸਟੀਚਿਊਟ ਆਫ ਆਇਲਟਸ ਦੇ ਕੰਮਾਂ ਲਈ ਲਾਇਸੰਸ ਨੰ:603/ਆਈ.ਸੀ., ਮਿਤੀ 31 ਅਗਸਤ 2023 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 31 ਅਗਸਤ 2028 ਤੱਕ ਵੈਲਿਡ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੜਤਾਲ ਦੌਰਾਨ ਸਾਹਮਣੇ ਆਇਆ ਕਿ ਸਬੰਧਤ ਫਰਮ ਵੱਲੋਂ ਸੋਸ਼ਲ ਮੀਡੀਆ ਅਤੇ ਹੋਰ ਡਿਜੀਟਲ ਪਲੇਟਫਾਰਮਾਂ ’ਤੇ ਭਰਤੀ ਨਾਲ ਸਬੰਧਤ ਇਸ਼ਤਿਹਾਰ ਪ੍ਰਕਾਸ਼ਿਤ ਕੀਤੇ ਗਏ ਸਨ। ਇਸ ਕਾਰਵਾਈ ਨੂੰ ਇਮੀਗ੍ਰੇਸ਼ਨ ਐਕਟ, 1983 ਅਤੇ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ, 2012 ਦੀ ਧਾਰਾ 6(A)(e) ਦੇ ਉਪਬੰਧਾਂ ਦੀ ਉਲੰਘਣਾ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਸਬੰਧਤ ਪ੍ਰਾਰਥੀ ਵੱਲੋਂ ਆਪਣੇ ਸਪਸ਼ਟੀਕਰਨ ਵਿੱਚ ਕਿਹਾ ਗਿਆ ਕਿ ਉਸ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਭਰਤੀ ਸਬੰਧੀ ਇਸ਼ਤਿਹਾਰ ਪ੍ਰਕਾਸ਼ਿਤ ਕਰਨ ਬਾਰੇ ਜਾਣਕਾਰੀ ਨਹੀਂ ਸੀ ਅਤੇ ਇਹ ਇਸ਼ਤਿਹਾਰ ਗਲਤੀ ਨਾਲ ਉਸ ਦੇ ਸੋਸ਼ਲ ਮੀਡੀਆ ਪਲੇਟਫਾਰਮ ’ਤੇ ਪ੍ਰਕਾਸ਼ਿਤ ਹੋ ਗਿਆ ਸੀ। ਪ੍ਰਾਰਥੀ ਵੱਲੋਂ ਇਹ ਵੀ ਕਿਹਾ ਗਿਆ ਕਿ ਉਸ ਦੀ ਕੋਈ ਗਲਤ ਮਨਸ਼ਾ ਨਹੀਂ ਸੀ ਅਤੇ ਉਸ ਵੱਲੋਂ ਹੁਣ ਤੱਕ ਐਕਟ, ਨਿਯਮਾਂ ਅਤੇ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਂਦੀ ਰਹੀ ਹੈ।

ਪ੍ਰਾਰਥੀ ਨੇ ਇਹ ਵੀ ਦੱਸਿਆ ਕਿ ਇਸ਼ਤਿਹਾਰ ਦਾ ਪਤਾ ਲੱਗਣ ਉਪਰੰਤ ਉਸ ਵੱਲੋਂ ਸਬੰਧਤ ਸਾਰੀਆਂ ਪੋਸਟਾਂ ਤੁਰੰਤ ਹਟਾ ਦਿੱਤੀਆਂ ਗਈਆਂ ਸਨ ਅਤੇ ਭਵਿੱਖ ਵਿੱਚ ਅਜਿਹੀ ਗਲਤੀ ਨਾ ਹੋਣ ਦਾ ਭਰੋਸਾ ਦਿੱਤਾ ਗਿਆ ਸੀ। ਹਾਲਾਂਕਿ, ਮਾਮਲੇ ਦੀ ਪੜਤਾਲ ਅਤੇ ਲਾਗੂ ਕਾਨੂੰਨੀ ਉਪਬੰਧਾਂ ਨੂੰ ਧਿਆਨ ਵਿੱਚ ਰੱਖਦਿਆਂ ਸਬੰਧਤ ਟਰੈਵਲ ਪ੍ਰੋਫੈਸ਼ਨਲ ਦਾ ਲਾਇਸੰਸ ਰੱਦ ਕਰਨ ਦੀ ਕਾਰਵਾਈ ਕੀਤੀ ਗਈ ਹੈ।

ਉਕਤ ਤੱਥਾਂ ਦੇ ਸਨਮੁੱਖ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਾਲਕ ਸੁਖਦੇਵ ਕੁਮਾਰ ਨੂੰ ਕੰਸਲਟੈਂਸੀ ਅਤੇ ਕੋਚਿੰਗ ਇੰਸਟੀਚਿਊਟ ਆਫ ਆਇਲਟਸ ਦੇ ਕੰਮਾਂ ਲਈ ਜਾਰੀ ਲਾਇਸੰਸ ਨੰ:603/ਆਈ.ਸੀ., ਮਿਤੀ 31 ਅਗਸਤ 2023 ਨੂੰ ਬਹਾਲ ਕਰਦੇ ਹੋਏ ਮਾਲਕ ਨੂੰ ਭਵਿੱਖ ਵਿਚ ਸੁਚੇਤ ਰਹਿਣ ਦੀ ਤਾੜਨਾ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਮਾਲਕ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਐਕਟ/ਰੂਲਾਂ/ਐਡਵਾਈਜਰੀ ਅਤੇ ਸਰਕਾਰ ਵਲੋਂ ਸਮੇਂ-ਸਮੇਂ ਤੇ ਤੇ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਫਿਰੌਤੀ ਲਈ ਫਾਇਰਿੰਗ ਕਰਨ ਵਾਲੇ ਲਾਰੈਂਸ ਬਿਸ਼ਨੋਈ ਗੈਂਗ ਦੇ 4 ਗੁਰਗੇ 5 ਨਜਾਇਜ਼ ਹਥਿਆਰਾਂ ਸਮੇਤ ਗ੍ਰਿਫਤਾਰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 17 ਸਤੰਬਰ (ਪੈ.ਗਾਮ-ਏ-ਜਗਤ)

ਐਸ.ਏ.ਐਸ. ਨਗਰ ਪੁਲਿਸ ਨੇ ਘਰਾਂ ’ਤੇ ਫਾਇਰਿੰਗ ਕਰਕੇ ਫਿਰੌਤੀ ਮੰਗਣ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਲਾਰੈਂਸ ਬਿਸ਼ਨੋਈ ਗੈਂਗ ਦੇ 4 ਗੁਰਗਿਆਂ ਨੂੰ 5 ਆਟੋਮੈਟਿਕ ਤੇ ਵਿਦੇਸ਼ੀ ਨਜਾਇਜ ਹਥਿਆਰਾਂ ਅਤੇ 12 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਸੀਨੀਅਰ ਕਪਤਾਨ ਪੁਲਿਸ ਵਰੁਣ ਸ਼ਰਮਾ ਨੇ ਮੀਡੀਆ ਨੂੰ ਦਿੱਤੀ।

ਉਨ੍ਹਾਂ ਦੱਸਿਆ ਕਿ 04/05 ਸਤੰਬਰ ਦੀ ਰਾਤ ਨੂੰ ਸੰਯਮ ਜੁਡੇਜਾ ਵਾਸੀ ਫੇਸ-10 ਮੋਹਾਲ਼ੀ ਦੇ ਘਰ ’ਤੇ 2 ਮੋਟਰਸਾਈਕਲ ਸਵਾਰਾਂ ਨੇ ਆਟੋਮੈਟਿਕ ਹਥਿਆਰਾਂ ਨਾਲ ਫਾਇਰਿੰਗ ਕੀਤੀ ਸੀ। ਇਸ ਤੋਂ ਪਹਿਲਾਂ ਵਿਦੇਸ਼ ਵਿੱਚ ਬੈਠੇ ਗੈਂਗ ਮੈਂਬਰ ਕੁਲਵੀਰ ਸਿੰਘ ਸਿੱਧੂ ਵੱਲੋਂ ਸੰਯਮ ਜੁਡੇਜਾ ਤੋਂ 5 ਕਰੋੜ ਰੁਪਏ ਦੀ ਫਿਰੌਤੀ ਮੰਗੀ ਗਈ ਸੀ। ਇਸ ਸਬੰਧੀ ਥਾਣਾ ਫੇਸ-11 ਵਿੱਚ ਮੁਕੱਦਮਾ ਦਰਜ ਕੀਤਾ ਗਿਆ।

07 ਸਤੰਬਰ ਨੂੰ ਸੰਯਮ ਜੁਡੇਜਾ ਦੇ ਪਾਰਟਨਰ ਬਲਜੀਤ ਸਿੰਘ ਦੇ ਫੇਸ-10 ਸਥਿਤ ਘਰ ’ਤੇ ਵੀ 2 ਮੋਟਰਸਾਈਕਲ ਸਵਾਰਾਂ ਨੇ ਫਾਇਰਿੰਗ ਕੀਤੀ। ਇਸ ਮਾਮਲੇ ਵਿੱਚ ਵੀ ਕੁਲਵੀਰ ਸਿੰਘ ਸਿੱਧੂ ਵੱਲੋਂ 5 ਕਰੋੜ ਰੁਪਏ ਦੀ ਫਿਰੌਤੀ ਮੰਗਣ ਦੀ ਗੱਲ ਸਾਹਮਣੇ ਆਈ। 14 ਸਤੰਬਰ ਨੂੰ ਸੈਕਟਰ-104 ਮੋਹਾਲ਼ੀ ਵਾਸੀ ਜਗਦੀਪ ਸਿੰਘ ਮਾਨ ਦੇ ਘਰ ’ਤੇ ਫਾਇਰਿੰਗ ਕੀਤੀ ਗਈ, ਜਿਸ ਦੌਰਾਨ ਘਰ ਵਿੱਚ ਕੰਮ ਕਰ ਰਿਹਾ ਸਚਿਨ ਜਖਮੀ ਹੋ ਗਿਆ।

ਪੁਲਿਸ ਨੇ ਇੰਸਪੈਕਟਰ ਪ੍ਰਦੀਪ ਸਿੰਘ ਬਾਜਵਾ, ਇੰਚਾਰਜ ਸੀ.ਆਈ.ਏ. ਸਟਾਫ ਅਤੇ ਇੰਸਪੈਕਟਰ ਹਰਮਿੰਦਰ ਸਿੰਘ, ਇੰਚਾਰਜ ਆਪਰੇਸ਼ਨ ਸੈੱਲ ਦੀਆਂ ਟੀਮਾਂ ਦੀ ਮਦਦ ਨਾਲ ਤਕਨੀਕੀ ਅਤੇ ਮਾਨਵੀ ਸਰੋਤਾਂ ਰਾਹੀਂ ਜਾਂਚ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ। ਗ੍ਰਿਫਤਾਰ ਮੁਲਜ਼ਮਾਂ ਦੀ ਪਛਾਣ ਅਕਾਸ਼ਦੀਪ ਸਿੰਘ ਵਾਸੀ ਚੰਡੀਗੜ੍ਹ, ਪ੍ਰਵੀਨ ਕੁਮਾਰ ਉਰਫ ਕਾਲੂ ਵਾਸੀ ਬਠਿੰਡਾ, ਜਸਮਨਦੀਪ ਸਿੰਘ ਵਾਸੀ ਖਰੜ੍ਹ ਅਤੇ ਦੁਸ਼ੰਤ ਸ਼ਰਮਾਂ ਉਰਫ ਸ਼ੰਮੀ ਵਾਸੀ ਜਮੁਨਾ ਨਗਰ, ਹਰਿਆਣਾ ਵਜੋਂ ਹੋਈ ਹੈ। ਪੁਲਿਸ ਨੇ ਇਨ੍ਹਾਂ ਕੋਲੋਂ 2 ਵਿਦੇਸ਼ੀ .30 ਬੋਰ ਪਿਸਟਲ, 3 .30 ਬੋਰ ਪਿਸਟਲ, 12 ਜ਼ਿੰਦਾ ਕਾਰਤੂਸ ਅਤੇ ਵਾਰਦਾਤਾਂ ਵਿੱਚ ਵਰਤੀ ਗਈ ਟੈਂਪਰੇਰੀ ਨੰਬਰ ਵਾਲੀ ਫਾਰਚੂਨਰ ਕਾਰ ਬਰਾਮਦ ਕੀਤੀ ਹੈ। ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਬੁੜੈਲ ਜੇਲ੍ਹ ਵਿੱਚ ਬੰਦ ਰਵਿੰਦਰ ਸਿੰਘ ਉਰਫ ਕਾਲ਼ੀ ਨਾਲ ਸੰਪਰਕ ਅਤੇ ਵਿਦੇਸ਼ ਵਿੱਚ ਬੈਠੇ ਕੁਲਵੀਰ ਸਿੰਘ ਸਿੱਧੂ ਨਾਲ ਸਬੰਧ ਹੋਣ ਬਾਰੇ ਖੁਲਾਸਾ ਕੀਤਾ। ਪੁਲਿਸ ਅਨੁਸਾਰ ਜਸਮਨਦੀਪ ਸਿੰਘ ਰੈਕੀ ਕਰਦਾ ਸੀ, ਦੁਸ਼ੰਤ ਸ਼ਰਮਾਂ ਹਥਿਆਰ ਸੰਭਾਲਦਾ ਸੀ, ਜਦਕਿ ਅਕਾਸ਼ਦੀਪ ਸਿੰਘ, ਪ੍ਰਵੀਨ ਕੁਮਾਰ ਅਤੇ ਸਿਮਰਦੀਪ ਸਿੰਘ ਉਰਫ ਜਸ਼ਨ ਫਾਇਰਿੰਗ ਕਰਦੇ ਸਨ। ਸਿਮਰਦੀਪ ਸਿੰਘ ਦੀ ਗ੍ਰਿਫਤਾਰੀ ਬਾਕੀ ਹੈ। ਪੁਲਿਸ ਵੱਲੋਂ ਹੋਰ ਵਾਰਦਾਤਾਂ ਅਤੇ ਨਜਾਇਜ ਹਥਿਆਰਾਂ ਸਬੰਧੀ ਪੁੱਛਗਿੱਛ ਜਾਰੀ ਹੈ।

ਏ.ਡੀ.ਸੀ. ਵੱਲੋਂ ਫਰਮ ਸੈਟਲਵੇਵ ਕੰਸਲਟੈਂਟਸ ਦਾ ਲਾਇਸੰਸ ਰੱਦ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 17 ਸਤੰਬਰ, (ਪੈ.ਗਾਮ-ਏ-ਜਗਤ)

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਫਰਮ ਸੈਟਲਵੇਵ ਕੰਸਲਟੈਂਟਸ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਰਮ ਸੈਟਲਵੇਵ ਕੰਸਲਟੈਂਟਸ ਐਸ.ਸੀ.ਓ. ਨੰ: 538, ਪਹਿਲੀ ਮੰਜ਼ਿਲ, ਸੈਕਟਰ-70, ਮੋਹਾਲੀ ਦੇ ਮਾਲਕ ਸ੍ਰੀ ਪੁਸ਼ਪਿੰਦਰ ਸਿੰਘ ਵਾਸੀ ਧਨੌਲਾ, ਜ਼ਿਲ੍ਹਾ ਬਰਨਾਲਾ, ਹੁਣ ਵਾਸੀ ਫਲੈਟ ਨੰਬਰ 208, ਟਾਵਰ ਨੰ: 04, ਮੋਤੀਆ ਰਾਇਲ ਫੇਮ-2, ਸੈਕਟਰ-117, ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਅਤੇ ਮਾਲਕ ਸ੍ਰੀ ਸੰਨੀ ਕੁਮਾਰ ਵਾਸੀ ਪਿੰਡ ਦੋਹੜੂ, ਤਹਿਸੀਲ ਘੁਮਾਰਵੀਨ, ਜ਼ਿਲ੍ਹਾ ਬਿਲਾਸਪੁਰ ਅਤੇ ਹੁਣ ਵਾਸੀ ਫਲੈਟ ਨੰਬਰ 208, ਟਾਵਰ ਨੰ: 04, ਮੋਤੀਆ ਰਾਇਲ ਫੇਮ-2, ਸੈਕਟਰ-117, ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਨੂੰ ਕੰਸਲਟੈਂਸੀ ਦੇ ਕੰਮ ਲਈ ਲਾਇਸੰਸ ਨੰਬਰ 727/ਆਈ.ਸੀ. ਮਿਤੀ 29.10.2024 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 28.10.2029 ਤੱਕ ਸੀ।

ਵਧੇਰੇ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਅਤੇ ਇਸ ਅਧੀਨ ਬਣੇ ਰੂਲਾਂ ਅਨੁਸਾਰ ਲਾਇਸੰਸ ਧਾਰਕਾਂ ਵੱਲੋਂ ਆਪਣੇ ਕੰਮ ਸਬੰਧੀ ਮਹੀਨਾਵਾਰ ਰਿਪੋਰਟਾਂ ਅਤੇ ਮਾਸਿਕ ਸਵੈ-ਘੋਸ਼ਣਾ ਫਾਰਮ ਸਬੰਧਤ ਦਫ਼ਤਰ ਨੂੰ ਪੇਸ਼ ਕਰਨਾ ਲਾਜ਼ਮੀ ਹੈ। ਇਸ ਤੋਂ ਇਲਾਵਾ ਛਿਮਾਹੀ ਰਿਪੋਰਟਾਂ ਗ੍ਰਹਿ ਮਾਮਲੇ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ ਨੂੰ ਭੇਜਣੀਆਂ ਹੁੰਦੀਆਂ ਹਨ।

ਉਨ੍ਹਾਂ ਕਿਹਾ ਕਿ ਫਰਮ ਨੂੰ ਇਸ ਸਬੰਧੀ ਸਮੇਂ-ਸਮੇਂ ’ਤੇ ਨੋਟਿਸ ਜਾਰੀ ਕਰਕੇ ਲੋੜੀਂਦੀਆਂ ਰਿਪੋਰਟਾਂ ਅਤੇ ਸਵੈ-ਘੋਸ਼ਣਾ ਫਾਰਮ ਪੇਸ਼ ਕਰਨ ਦੀ ਹਦਾਇਤ ਕੀਤੀ ਗਈ ਸੀ।

ਇਸ ਸਬੰਧੀ ਇਸ ਦਫ਼ਤਰ ਵੱਲੋਂ ਪੱਤਰ ਮਿਤੀ 29.10.2024, ਪੱਤਰ ਮਿਤੀ 17.06.2025 ਅਤੇ ਪੱਤਰ ਮਿਤੀ 26.11.2025 , ਪੱਤਰ ਮਿਤੀ 19.02.2026, ਪੱਤਰ ਮਿਤੀ 09.07.2026 ਅਤੇ ਪੱਤਰ ਮਿਤੀ 06.08.2026 ਰਾਹੀਂ ਨੋਟਿਸ ਜਾਰੀ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਫਰਮ ਨੂੰ ਇਸ ਸਬੰਧੀ ਸਮੇਂ-ਸਮੇਂ ’ਤੇ ਨੋਟਿਸ ਜਾਰੀ ਕਰਕੇ ਲੋੜੀਂਦੀਆਂ ਰਿਪੋਰਟਾਂ ਅਤੇ ਸਵੈ-ਘੋਸ਼ਣਾ ਫਾਰਮ ਪੇਸ਼ ਕਰਨ ਲਈ ਹਦਾਇਤ ਕੀਤੀ ਗਈ ਸੀ। ਇਸ ਦੇ ਬਾਵਜੂਦ ਫਰਮ ਵੱਲੋਂ ਨਾ ਤਾਂ ਇਸ ਦਫ਼ਤਰ ਨੂੰ ਲੋੜੀਂਦੀਆਂ ਰਿਪੋਰਟਾਂ ਪੇਸ਼ ਕੀਤੀਆਂ ਗਈਆਂ ਅਤੇ ਨਾ ਹੀ ਗ੍ਰਹਿ ਮਾਮਲੇ ਵਿਭਾਗ ਨੂੰ ਭੇਜੀਆਂ ਗਈਆਂ ਰਿਪੋਰਟਾਂ ਸਬੰਧੀ ਇਸ ਦਫ਼ਤਰ ਨੂੰ ਕੋਈ ਸੂਚਨਾ ਦਿੱਤੀ ਗਈ।

ਉਕਤ ਤੱਥਾਂ ਦੇ ਸਨਮੁੱਖ ਵਧੀਕ ਡਿਪਟੀ ਕਮਿਸ਼ਨਰ ਨੇ ਲਾਇਸੰਸ ਦੀਆਂ ਸ਼ਰਤਾਂ ਅਤੇ ਐਕਟ/ਰੂਲਾਂ ਦੀ ਪਾਲਣਾ ਨਾ ਕਰਨ ਦੇ ਮੱਦੇਨਜ਼ਰ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ, 2012 ਦੇ ਸੈਕਸ਼ਨ 6 (1) (ਈ) ਦੇ ਉਪਬੰਧਾਂ ਤਹਿਤ ਫਰਮ ਸੈਟਲਵੇਵ ਕੰਸਲਟੈਂਟਸ ਨੂੰ ਜਾਰੀ ਲਾਇਸੰਸ ਨੰਬਰ 727/ਆਈ.ਸੀ. ਮਿਤੀ 29.10.2024 ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ ਐਕਟ/ਰੂਲਾਂ ਵਿੱਚ ਦਰਸਾਏ ਅਨੁਸਾਰ ਉਕਤ ਪ੍ਰਾਰਥੀ/ਫਰਮ/ਫਰਮ ਦੇ ਮਾਲਕਾਂ ਦੇ ਖਿਲਾਫ ਭਵਿੱਖ ਵਿੱਚ ਜੇਕਰ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਪ੍ਰਾਰਥੀ/ਫਰਮ/ਫਰਮ ਦੇ ਮਾਲਕ ਹਰ ਪੱਖੋਂ ਉਸ ਦੀ ਭਰਪਾਈ ਕਰਨ ਲਈ ਖੁਦ ਜ਼ਿੰਮੇਵਾਰ ਹੋਵੇਗਾ।

ਏ.ਡੀ.ਸੀ. ਵੱਲੋਂ ਫਰਮ ‘ਅਰਬਨ ਵੀਜ਼ਾ ਐਡਵਾਈਜ਼ਰਜ਼’ ਦਾ ਲਾਇਸੰਸ ਰੱਦ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 17 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਫਰਮ ‘ਅਰਬਨ ਵੀਜ਼ਾ ਐਡਵਾਈਜ਼ਰਜ਼’ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ‘ਅਰਬਨ ਵੀਜ਼ਾ ਐਡਵਾਈਜ਼ਰਜ਼’ ਐਸ.ਸੀ.ਓ. 656, ਦੂਜੀ ਮੰਜ਼ਿਲ, ਸੈਕਟਰ-70, ਮੋਹਾਲੀ ਦੇ ਮਾਲਕ ਸੌਰਮ ਪੁੱਤਰ ਸ੍ਰੀ ਹਰਬੀਰ, ਵਾਸੀ ਮਕਾਨ ਨੰਬਰ 558, ਸੈਕਟਰ-70, ਮਟੌਰ, ਨੂੰ ਕੰਸਲਟੈਂਸੀ ਦੇ ਕੰਮ ਲਈ ਲਾਇਸੰਸ ਨੰਬਰ 806/ਆਈ.ਸੀ. ਮਿਤੀ 05.09.2025 ਜਾਰੀ ਕੀਤਾ ਗਿਆ ਸੀ। ਇਸ ਲਾਇਸੰਸ ਦੀ ਮਿਆਦ 04.09.2030 ਤੱਕ ਸੀ। ਵਧੇਰੇ ਜਾਣਕਾਰੀ ਦਿੰਦੇ ਹੋਏ ਏ.ਡੀ.ਸੀ. ਨੇ ਦੱਸਿਆ ਕਿ ਐਕਟ ਅਤੇ ਰੂਲਾਂ ਅਨੁਸਾਰ ਲਾਇਸੰਸ ਧਾਰਕ ਫਰਮ ਵੱਲੋਂ ਕੀਤੇ ਜਾ ਰਹੇ ਕੰਮ ਸਬੰਧੀ ਮਹੀਨਾਵਾਰ ਰਿਪੋਰਟਾਂ ਅਤੇ ਮਾਸਿਕ ਸਵੈ-ਘੋਸ਼ਣਾ ਪੱਤਰ ਇਸ ਦਫ਼ਤਰ ਨੂੰ ਭੇਜਣਾ ਲਾਜ਼ਮੀ ਹੈ। ਇਸ ਤੋਂ ਇਲਾਵਾ ਛਿਮਾਹੀ ਰਿਪੋਰਟਾਂ ਗ੍ਰਹਿ ਮਾਮਲੇ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ ਨੂੰ ਭੇਜਣੀਆਂ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਫਰਮ ਨੂੰ ਇਸ ਸਬੰਧੀ ਸਮੇਂ-ਸਮੇਂ ’ਤੇ ਨੋਟਿਸ ਜਾਰੀ ਕਰਕੇ ਲੋੜੀਂਦੀਆਂ ਰਿਪੋਰਟਾਂ ਅਤੇ ਸਵੈ-ਘੋਸ਼ਣਾ ਫਾਰਮ ਪੇਸ਼ ਕਰਨ ਦੀ ਹਦਾਇਤ ਕੀਤੀ ਗਈ ਸੀ। ਇਸ ਸਬੰਧੀ ਇਸ ਦਫ਼ਤਰ ਵੱਲੋਂ ਪੱਤਰ ਮਿਤੀ 08.09.2025, ਪੱਤਰ ਮਿਤੀ 09.07.2026 ਅਤੇ ਪੱਤਰ ਮਿਤੀ 06.08.2026 ਰਾਹੀਂ ਨੋਟਿਸ ਜਾਰੀ ਕੀਤੇ ਗਏ ਸਨ। ਪਰੰਤੂ ਫਰਮ ਵੱਲੋਂ ਲੋੜੀਂਦੀਆਂ ਮਹੀਨਾਵਾਰ ਰਿਪੋਰਟਾਂ ਅਤੇ ਮਾਸਿਕ ਸਵੈ-ਘੋਸ਼ਣਾ ਪੱਤਰ ਇਸ ਦਫ਼ਤਰ ਨੂੰ ਪੇਸ਼ ਨਹੀਂ ਕੀਤੇ ਗਏ। ਇਸ ਤੋਂ ਇਲਾਵਾ ਨਿਰਧਾਰਤ ਛਿਮਾਹੀ ਰਿਪੋਰਟਾਂ ਸਬੰਧੀ ਵੀ ਕੋਈ ਜਾਣਕਾਰੀ ਇਸ ਦਫ਼ਤਰ ਨੂੰ ਪੇਸ਼ ਨਹੀਂ ਕੀਤੀ ਗਈ। ਏ.ਡੀ.ਸੀ.ਨੇ ਦੱਸਿਆ ਕਿ ਲੋੜੀਂਦੀਆਂ ਰਿਪੋਰਟਾਂ ਪੇਸ਼ ਨਾ ਕਰਨਾ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ, 2012 ਅਤੇ ਇਸ ਤਹਿਤ ਬਣਾਏ ਗਏ ਰੂਲਾਂ ਦੀ ਉਲੰਘਣਾ ਹੈ। ਇਸ ਲਈ ਐਕਟ ਦੇ ਸੈਕਸ਼ਨ 6(A)(e) ਤਹਿਤ ਫਰਮ ਅਰਬਨ ਵੀਜ਼ਾ ਐਡਵਾਈਜ਼ਰਜ਼ ਨੂੰ ਜਾਰੀ ਲਾਇਸੰਸ ਨੰਬਰ 806/ਆਈ.ਸੀ. ਮਿਤੀ 05.09.2025 ਨੂੰ ਤੁਰੰਤ ਪ੍ਰਭਾਵ ਤੋਂ ਰੱਦ ਕਰ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਐਕਟ ਅਤੇ ਰੂਲਾਂ ਅਨੁਸਾਰ ਜੇਕਰ ਭਵਿੱਖ ਵਿੱਚ ਉਕਤ ਫਰਮ, ਇਸ ਦੇ ਪ੍ਰੋਪਰਾਈਟਰ ਜਾਂ ਸਬੰਧਤ ਵਿਅਕਤੀ ਖ਼ਿਲਾਫ਼ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਉਸ ਸਬੰਧੀ ਬਣਦੀ ਜ਼ਿੰਮੇਵਾਰੀ ਅਤੇ ਕਾਰਵਾਈ ਲਈ ਸਬੰਧਤ ਫਰਮ/ਮਾਲਕ ਖੁਦ ਜ਼ਿੰਮੇਵਾਰ ਹੋਵੇਗਾ।

ਪੀ.ਈ.ਸੀ. ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਇੱਛਾਵਾਂ ਵਿੱਚ ਸੰਤੁਲਨ ਬਣਾਉਣ ਲਈ ਪ੍ਰੇਰਿਤ ਕੀਤਾ ਵਿਸ਼ੇ ’ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ

ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)



ਸਫ਼ਲਤਾ ਸਿਰਫ਼ ਇੱਕ ਵਧੀਆ ਰੇਜ਼ਿਊਮੇ ਬਣਾਉਣ ਬਾਰੇ ਨਹੀਂ ਹੈ, ਸਗੋਂ ਇੱਕ ਸਾਰਥਕ ਜੀਵਨ ਜਿਊਣ ਬਾਰੇ ਹੈ—ਇਹ ਮੁੱਖ ਸੁਨੇਹਾ ਇਵੌਲਵ ਵਿਦਿਨ: ਵੈਲਿਊਜ਼ ਫ਼ਾਰ ਪ੍ਰੋਫੈਸ਼ਨਲ ਐਕਸੀਲੈਂਸ ਵਰਕਸ਼ਾਪ ਦਾ ਸੀ। ਇਸ ਵਰਕਸ਼ਾਪ ਦਾ ਆਯੋਜਨ ਅੱਜ ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਦੇ ਸੈਂਟਰ ਆਫ਼ ਮੈਨੇਜਮੈਂਟ ਐਂਡ ਹਿਊਮੈਨਿਟੀਜ਼ ਵੱਲੋਂ ਆਪਣੀ ‘ਯੂਨੀਵਰਸਲ ਹਿਊਮਨ ਵੈਲਿਊਜ਼’ (ਸਰਵਵਿਆਪੀ ਮਨੁੱਖੀ ਕਦਰਾਂ-ਕੀਮਤਾਂ) ਮੁਹਿੰਮ ਤਹਿਤ ਕੀਤਾ ਗਿਆ। ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਪੇਸ਼ੇਵਰ ਇੱਛਾਵਾਂ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ, ਮਾਨਸਿਕ ਤੰਦਰੁਸਤੀ ਅਤੇ ਮਨੋਰਥ ਪੂਰਨ ਜੀਵਨ ਵਿੱਚ ਸੰਤੁਲਨ ਬਣਾ ਕੇ ਰਵਾਇਤੀ ਸਫ਼ਲਤਾ ਨੂੰ ਮੁੜ ਪਰਿਭਾਸ਼ਿਤ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਬੁਲਾਰੇ ਸ੍ਰੀ ਪ੍ਰਣਵ ਮਹਾਜਨ (ਸੱਤਵਸਟੈਕ ਦੇ ਸੰਸਥਾਪਕ ਅਤੇ ਇਸਕਾਨ ਦੇ ਨੁਮਾਇੰਦੇ) ਅਤੇ ਸ੍ਰੀ ਵਿਸ਼ਾਲ ਚੰਦ (ਜ਼ੈੱਡਸਕੇਲਰ ਵਿਖੇ ਸੁਰੱਖਿਆ ਖੋਜਕਰਤਾ) ਨੇ ਬਹੁਤ ਹੀ ਪ੍ਰਭਾਵਸ਼ਾਲੀ ਵਿਚਾਰ ਸਾਂਝੇ ਕੀਤੇ। ਵੈਦਿਕ ਫ਼ਲਸਫ਼ੇ, ਉਦਯੋਗਿਕ ਤਜ਼ਰਬੇ ਅਤੇ ਵਿਹਾਰਕ ਲੀਡਰਸ਼ਿਪ ਦਾ ਹਵਾਲਾ ਦਿੰਦੇ ਹੋਏ, ਬੁਲਾਰਿਆਂ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਕਿਵੇਂ ਅੰਦਰੂਨੀ ਸ਼ਾਂਤੀ ਹੀ ਸੱਚੀ ਲੀਡਰਸ਼ਿਪ ਅਤੇ ਲੰਬੇ ਸਮੇਂ ਦੀ ਸਫ਼ਲਤਾ ਦਾ ਰਾਹ ਪੱਧਰਾ ਕਰਦੀ ਹੈ। ਵਿਦਿਆਰਥੀਆਂ ਨੇ ਨੈਤਿਕਤਾ ਅਤੇ ਪੇਸ਼ੇਵਰ ਆਚਰਣ ’ਤੇ ਆਧਾਰਿਤ ਵਿਚਾਰ-ਵਟਾਂਦਰੇ ਅਤੇ ਸਵੈ-ਪੜਚੋਲ ਦੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਸ ਇੰਟਰਐਕਟਿਵ ਵਰਕਸ਼ਾਪ ਦੀ ਸ਼ੁਰੂਆਤ ਸੀਐਮਐਚ ਦੀ ਮੁਖੀ ਡਾ. ਅੰਜੂ ਸਿੰਗਲਾ, ਕੋਆਰਡੀਨੇਟਰਾਂ ਡਾ. ਹਰਪ੍ਰੀਤ ਕੌਰ ਅਤੇ ਡਾ. ਮਨਿਕਾ ਆਹੂਜਾ ਦੇ ਨਿੱਘੇ ਸੁਆਗਤ ਨਾਲ ਹੋਈ। ਵਰਕਸ਼ਾਪ ਵਿੱਚ ਉਨ੍ਹਾਂ ਵਿਦਿਆਰਥੀਆਂ ਦੀ ਭਰਵੀਂ ਸ਼ਮੂਲੀਅਤ ਦੇਖਣ ਨੂੰ ਮਿਲੀ ਜੋ ਆਪਣੇ ਕਰੀਅਰ ਦੇ ਟੀਚਿਆਂ ਨੂੰ ਆਪਣੇ ਨਿੱਜੀ ਮੁੱਖ ਮੁੱਲਾਂ ਨਾਲ ਜੋੜਨ ਲਈ ਉਤਸੁਕ ਸਨ।

ਪੀਐਮ ਨਰਿੰਦਰ ਮੋਦੀ ਦੇ ਜਨਮਦਿਨ ਮੌਕੇ ਲੰਗਰ ਸੇਵਾ

ਪੈ.ਗਾਮ-ਏ-ਜਗਤ ਖਰੜ, (ਦਵਿੰਦਰ ਕੌਰ)



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮਦਿਨ ਮੌਕੇ ਭਾਰਤੀ ਜਨਤਾ ਪਾਰਟੀ ਵੱਲੋਂ ਲੰਗਰ ਸੇਵਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਭਾਜਪਾ ਦੇ ਸਹਿ ਕੈਸ਼ੀਅਰ ਸੁਖਵਿੰਦਰ ਸਿੰਘ ਗੋਲਡੀ, ਸਰਕਲ ਪ੍ਰਧਾਨ ਰਾਕੇਸ਼ ਗੁਪਤਾ ਜੀ ਅਤੇ ਪਾਰਟੀ ਦੇ ਹੋਰ ਅਹੁਦੇਦਾਰਾਂ ਤੇ ਵਰਕਰਾਂ ਨੇ ਮਿਲ ਕੇ ਲੰਗਰ ਸੇਵਾ ਵਿੱਚ ਭਾਗ ਲਿਆ।

ਇਸ ਮੌਕੇ ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੂੰ ਜਨਤਕ ਜੀਵਨ ਵਿੱਚ ਦੇਸ਼ ਦੀ ਸੇਵਾ ਕਰਦਿਆਂ 25 ਸਾਲ ਪੂਰੇ ਹੋ ਗਏ ਹਨ। ਇਨ੍ਹਾਂ ਸਾਲਾਂ ਦੌਰਾਨ ਉਨ੍ਹਾਂ ਨੇ ਦੇਸ਼ ਦੇ ਵਿਕਾਸ ਅਤੇ ਰਾਸ਼ਟਰ ਨਿਰਮਾਣ ਲਈ ਲਗਾਤਾਰ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਮੋਦੀ ਜੀ ਦੀ ਅਗਵਾਈ ਹੇਠ ਭਾਰਤ ਨੇ ਬੁਨਿਆਦੀ ਢਾਂਚੇ, ਤਕਨਾਲੋਜੀ ਅਤੇ ਆਰਥਿਕ ਵਿਕਾਸ ਸਮੇਤ ਵੱਖ-ਵੱਖ ਖੇਤਰਾਂ ਵਿੱਚ ਤਰੱਕੀ ਕੀਤੀ ਹੈ ਅਤੇ 2047 ਤੱਕ ਵਿਕਸਿਤ ਭਾਰਤ ਬਣਾਉਣ ਦੇ ਸੰਕਲਪ ਵੱਲ ਦੇਸ਼ ਅੱਗੇ ਵੱਧ ਰਿਹਾ ਹੈ।

ਇਸ ਪਾਵਨ ਮੌਕੇ ’ਤੇ ਸਮੂਹ ਭਾਜਪਾ ਵਰਕਰਾਂ ਵੱਲੋਂ ਪਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਨੂੰ ਚੰਗੀ ਸਿਹਤ, ਲੰਬੀ ਉਮਰ ਅਤੇ ਤੰਦਰੁਸਤੀ ਬਖ਼ਸ਼ੇ, ਤਾਂ ਜੋ ਉਹ ਇਸੇ ਤਰ੍ਹਾਂ ਨਿਰੰਤਰ ਦੇਸ਼ ਦੀ ਸੇਵਾ ਕਰਦੇ ਰਹਿਣ ਅਤੇ ਭਾਰਤ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ ਵੱਲ ਲੈ ਕੇ ਜਾਣ। ਇਸ ਮੌਕੇ ਪਾਰਟੀ ਦੇ ਅਹੁਦੇਦਾਰਾਂ, ਵਰਕਰਾਂ ਅਤੇ ਸਥਾਨਕ ਲੋਕਾਂ ਨੇ ਲੰਗਰ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ।

ਮੈਕਸ ਹੈਲਥਕੇਅਰ ਫਾਊਂਡੇਸ਼ਨ ਦੇਵੇਗਾ 250 ਹੋਣਹਾਰ ਐਮ.ਬੀ.ਬੀ.ਐਸ. ਵਿਦਿਆਰਥੀਆਂ ਨੂੰ ਮੈਡੀਕਲ ਸਕਾਲਰਸ਼ਿਪ

ਚੰਡੀਗੜ੍ਹ (ਪੈ.ਗਾਮ-ਏ-ਜਗਤ)



ਮੈਕਸ ਹੈਲਥਕੇਅਰ ਫਾਊਂਡੇਸ਼ਨ ਨੇ ਅੱਜ ਆਪਣੇ ਪ੍ਰਮੁੱਖ ਪ੍ਰੋਗਰਾਮ ‘ਮੈਕਸ ਮੈਡੀਕਲ ਸਕਾਲਰਸ਼ਿਪ ਪ੍ਰੋਗਰਾਮ’ ਦੇ ਚੌਥੇ ਸੰਸਕਰਣ ਦੀ ਸ਼ੁਰੂਆਤ ਦਾ ਐਲਾਨ ਕੀਤਾ, ਜਿਸ ਦੇ ਤਹਿਤ ਇਸ ਸਾਲ ਸਾਲਾਨਾ ਸੀਟਾਂ ਦੀ ਗਿਣਤੀ ਵਧਾ ਕੇ 250 ਨਵੇਂ ਵਿਦਿਆਰਥੀਆਂ ਤੱਕ ਕੀਤੀ ਜਾਵੇਗੀ, ਜਦੋਂ ਕਿ ਪਿਛਲੇ ਸਾਲਾਂ ਵਿੱਚ ਇਹ ਗਿਣਤੀ 100 ਵਿਦਿਆਰਥੀ ਸੀ।

ਇਸ ਵਿਸਥਾਰ ਨਾਲ ਪ੍ਰੋਗਰਾਮ ਦੀ ਪਹੁੰਚ ਵਿੱਚ ਜ਼ਿਕਰਯੋਗ ਵਾਧਾ ਹੋਵੇਗਾ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਵੱਧ ਤੋਂ ਵੱਧ ਹੋਣਹਾਰ ਵਿਦਿਆਰਥੀਆਂ ਨੂੰ ਮੈਡੀਕਲ ਸਿੱਖਿਆ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ।

ਇਸ ਸਕਾਲਰਸ਼ਿਪ ਦੇ ਤਹਿਤ ਇਸ ਸਾਲ ਉਨ੍ਹਾਂ 250 ਨਵੇਂ ਵਿਦਿਆਰਥੀਆਂ ਦੀ ਮੈਡੀਕਲ ਸਿੱਖਿਆ ਦਾ ਪੂਰਾ ਖਰਚਾ ਚੁੱਕਿਆ ਜਾਵੇਗਾ, ਜਿਨ੍ਹਾਂ ਨੇ ਨੀਟ ਕੁਆਲੀਫਾਈ ਕੀਤਾ ਹੈ ਅਤੇ ਵਿਦਿਅਕ ਵਰ੍ਹੇ 2026-27 ਲਈ ਮੋਹਾਲੀ, ਬਠਿੰਡਾ, ਦੇਹਰਾਦੂਨ, ਦਿੱਲੀ-ਐਨਸੀਆਰ, ਮੁੰਬਈ, ਨਾਗਪੁਰ, ਲਖਨਊ ਅਤੇ ਭੁਵਨੇਸ਼ਵਰ ਦੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਐਮ.ਬੀ.ਬੀ.ਐਸ. ਵਿੱਚ ਦਾਖਲਾ ਲਿਆ ਹੈ। ਨਵੇਂ ਵਿਦਿਆਰਥੀਆਂ ਲਈ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ, ਮੈਕਸ ਮੈਡੀਕਲ ਸਕਾਲਰਸ਼ਿਪ ਪ੍ਰੋਗਰਾਮ ਪਿਛਲੇ ਸਾਲਾਂ ਵਿੱਚ ਚੁਣੇ ਗਏ ਵਿਦਿਆਰਥੀਆਂ ਦੀ ਪੜ੍ਹਾਈ ਦਾ ਖਰਚਾ ਵੀ ਜਾਰੀ ਰੱਖੇਗਾ। ਇਹ ਵਿਦਿਆਰਥੀ ਹੁਣ ਮੈਡੀਕਲ ਸਿੱਖਿਆ ਦੇ ਦੂਜੇ, ਤੀਜੇ ਅਤੇ ਚੌਥੇ ਸਾਲ ਵਿੱਚ ਹਨ, ਜਿਸ ਨਾਲ ਉਨ੍ਹਾਂ ਦੀ ਪੂਰੀ ਪੜ੍ਹਾਈ ਦੌਰਾਨ ਉਨ੍ਹਾਂ ਨੂੰ ਲਗਾਤਾਰ ਆਰਥਿਕ ਸਹਾਇਤਾ ਮਿਲਦੀ ਰਹੇਗੀ।

ਮੈਕਸ ਹੈਲਥਕੇਅਰ ਫਾਊਂਡੇਸ਼ਨ ਦੀ ਚੇਅਰਪਰਸਨ ਤਰੁਣਾ ਸੋਈ ਨੇ ਕਿਹਾ, ÷ਪਿਛਲੇ ਤਿੰਨ ਸਾਲਾਂ ਵਿੱਚ, ਮੈਕਸ ਮੈਡੀਕਲ ਸਕਾਲਰਸ਼ਿਪ ਪ੍ਰੋਗਰਾਮ ਨੇ 245 ਵਿਦਿਆਰਥੀਆਂ ਦੀ ਮੈਡੀਕਲ ਸਿੱਖਿਆ ਵਿੱਚ ਸਹਿਯੋਗ ਕੀਤਾ ਹੈ। ਇਸ ਸਾਲ, ਅਸੀਂ ਇਸ ਪ੍ਰੋਗਰਾਮ ਦਾ ਵਿਆਪਕ ਵਿਸਥਾਰ ਕਰ ਰਹੇ ਹਾਂ ਤਾਂ ਜੋ 250 ਨਵੇਂ ਵਿਦਿਆਰਥੀਆਂ ਨੂੰ ਸਹਿਯੋਗ ਦਿੱਤਾ ਜਾ ਸਕੇ, ਜਿਸ ਨਾਲ ਕਈ ਹੋਰ ਯੋਗ ਵਿਦਿਆਰਥੀ ਬਿਨਾ ਕਿਸੇ ਆਰਥਿਕ ਬੋਝ ਦੇ ਡਾਕਟਰ ਬਣਨ ਦਾ ਆਪਣਾ ਸੁਪਨਾ ਪੂਰਾ ਕਰ ਸਕਣ।

ਇਸ ਸਕਾਲਰਸ਼ਿਪ ਲਈ ਰਜਿਸਟ੍ਰੇਸ਼ਨ www.maxhealthcarefoundation.org ’ਤੇ ਸ਼ੁਰੂ ਹੋ ਚੁੱਕੀ ਹੈ। ਇਸ ਸਕਾਲਰਸ਼ਿਪ ਦੇ ਤਹਿਤ ਟਿਊਸ਼ਨ ਫੀਸ, ਇੱਕ ਲੈਪਟਾਪ, ਪਾਠ-ਪੁਸਤਕਾਂ ਅਤੇ ਬੋਨ ਸੈੱਟ, ਡਿਸੈਕਸ਼ਨ ਕਿੱਟ, ਸਟੈਥੋਸਕੋਪ ਵਰਗੇ ਉਪਕਰਨ ਅਤੇ ਇਸ ਤੋਂ ਇਲਾਵਾ, ਵਿਦਿਆਰਥੀਆਂ ਨੂੰ ਹਰ ਮਹੀਨੇ ਦੇ ਖਰਚੇ ਲਈ ਆਰਥਿਕ ਮਦਦ ਅਤੇ ਪੜ੍ਹਾਈ ਵਿੱਚ ਮਾਰਗਦਰਸ਼ਨ ਵੀ ਦਿੱਤਾ ਜਾਵੇਗਾ।

ਅਰਜ਼ੀਆਂ 4 ਅਕਤੂਬਰ, 2026 ਤੱਕ ਪ੍ਰਵਾਨ ਕੀਤੀਆਂ ਜਾਣਗੀਆਂ।

ਪੀਜੀਆਈ ਵੱਲੋਂ ਵਿਸ਼ਵ ਮਰੀਜ਼ ਸੁਰੱਖਿਆ ਦਿਵਸ 2026 ਮੌਕੇ ਗੈਰ-ਸੰਚਾਰੀ ਬਿਮਾਰੀਆਂ ਲਈ ਸੁਰੱਖਿਅਤ ਇਲਾਜ ’ਤੇ ਜ਼ੋਰ

ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)

ਪੀਜੀਆਈਐਮਈਆਰ ਵੱਲੋਂ ਵਿਸ਼ਵ ਮਰੀਜ਼ ਸੁਰੱਖਿਆ ਦਿਵਸ 2026 ਮੌਕੇ ‘ਗੈਰ-ਸੰਚਾਰੀ ਬਿਮਾਰੀਆਂ ਲਈ ਸੁਰੱਖਿਅਤ ਇਲਾਜ’ ਵਿਸ਼ੇ ’ਤੇ ਪ੍ਰੋਗਰਾਮ ਕਰਵਾਇਆ ਗਿਆ। ਐਡਵਾਂਸਡ

> **“ਮਰੀਜ਼ਾਂ ਦੀ ਸੁਰੱਖਿਆ ਲਈ ਸਿਹਤ ਕਰਮਚਾਰੀਆਂ ਦੀ ਚੌਕਸ ਨਿਗਾਹ ਸਭ ਤੋਂ ਮਜ਼ਬੂਤ ਸੁਰੱਖਿਆ”: ਪ੍ਰੋ. ਵਿਵੇਕ ਲਾਲ**

ਆਈ ਸੈਂਟਰ ਦੇ ਆਡੀਟੋਰੀਅਮ ਵਿੱਚ ਹੋਏ ਸਮਾਗਮ ਵਿੱਚ ਫੈਕਲਟੀ ਮੈਂਬਰਾਂ, ਰੈਜ਼ੀਡੈਂਟਸ, ਵਿਦਿਆਰਥੀਆਂ, ਨਰਸਿੰਗ ਸਟਾਫ਼ ਅਤੇ ਵੱਖ-ਵੱਖ ਵਿਭਾਗਾਂ ਦੇ ਸਿਹਤ ਮਾਹਿਰਾਂ ਨੇ ਹਿੱਸਾ ਲਿਆ। ਮੁੱਖ ਮਹਿਮਾਨ ਪੀਜੀਆਈਐਮਈਆਰ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਤਕਨਾਲੋਜੀ ਅਤੇ ਨਕਲੀ ਬੁੱਧੀ ਸਿਹਤ ਸੇਵਾਵਾਂ ਵਿੱਚ ਸਹਾਇਕ ਹੋ ਸਕਦੇ ਹਨ, ਪਰ ਸਿਹਤ ਕਰਮਚਾਰੀ ਦੀ ਚੌਕਸੀ, ਨਿਰੀਖਣ ਅਤੇ ਕਲੀਨਿਕਲ ਫ਼ੈਸਲੇ ਦੀ ਥਾਂ ਨਹੀਂ ਲੈ ਸਕਦੇ।



ਉਨ੍ਹਾਂ ਕਿਹਾ ਕਿ ਮਰੀਜ਼ ਸੁਰੱਖਿਆ ਦੇ ਕੇਂਦਰ ਵਿੱਚ ‘ਨੁਕਸਾਨ ਨਾ ਪਹੁੰਚਾਉਣ’ ਦਾ ਮੈਡੀਕਲ ਸਿਧਾਂਤ ਹੈ।

ਪ੍ਰੋ. ਲਾਲ ਨੇ ਕਿਹਾ ਕਿ ਮਰੀਜ਼ ਸੁਰੱਖਿਆ ਸਿਰਫ਼ ਵੱਡੀਆਂ ਡਾਕਟਰੀ ਪ੍ਰਕਿਰਿਆਵਾਂ ਤੱਕ ਸੀਮਤ ਨਹੀਂ, ਸਗੋਂ ਸਹੀ ਦਵਾਈ ਲਿਖਣ, ਮਰੀਜ਼ ਦੀ ਪਛਾਣ, ਸਟੀਰਲਾਈਜ਼ਡ ਲਿਨਨ, ਸੁਰੱਖਿਅਤ ਭੋਜਨ, ਸਹੀ ਦਸਤਾਵੇਜ਼ੀਕਰਨ, ਸੰਚਾਰ ਅਤੇ ਪ੍ਰਭਾਵਸ਼ਾਲੀ ਹੈਂਡਓਵਰ ਵਰਗੀਆਂ ਰੋਜ਼ਾਨਾ ਪ੍ਰਕਿਰਿਆਵਾਂ ਨਾਲ ਵੀ ਜੁੜੀ ਹੈ। ਉਨ੍ਹਾਂ ਕਿਹਾ ਕਿ ਜੋਖਮਾਂ ਨੂੰ ਪਹਿਲਾਂ ਪਛਾਣ ਕੇ ਰੋਕਣਾ ਮਰੀਜ਼ ਸੁਰੱਖਿਆ ਦਾ ਅਹਿਮ ਹਿੱਸਾ ਹੈ।

ਪ੍ਰੋ. ਸੰਜੇ ਜੈਨ, ਡੀਨ (ਅਕਾਦਮਿਕਸ) ਅਤੇ ਚੇਅਰਪਰਸਨ, ਇੰਸਟੀਚਿਊਟ ਪੇਸ਼ੈਂਟ ਸੇਫਟੀ ਕਮੇਟੀ ਨੇ ਕਿਹਾ ਕਿ ਮਰੀਜ਼ ਸੁਰੱਖਿਆ ਸਮੁੱਚੀ ਸਿਹਤ ਟੀਮ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਦਵਾਈਆਂ ਦੀ ਸੁਰੱਖਿਆ, ਮਰੀਜ਼ ਦੀ ਸਹੀ ਪਛਾਣ, ਮਰੀਜ਼ਾਂ ਦੇ ਡਿੱਗਣ ਅਤੇ ਸੁਰੱਖਿਅਤ ਖੂਨ ਚੜ੍ਹਾਉਣ ਵਰਗੇ ਪੱਖਾਂ ’ਤੇ ਧਿਆਨ ਦੇਣ ਦੀ ਲੋੜ ਦੱਸੀ।

ਡਾ. ਮਹੇਸ਼ ਦੇਵਨਾਨੀ, ਨੋਡਲ ਅਫ਼ਸਰ, ਪੇਸ਼ੈਂਟ ਸੇਫਟੀ ਨੇ ਮਿਆਰੀ ਪ੍ਰਕਿਰਿਆਵਾਂ, ਪ੍ਰਭਾਵਸ਼ਾਲੀ ਸੰਚਾਰ, ਇਨਫੈਕਸ਼ਨ ਕੰਟਰੋਲ, ਦਵਾਈ ਸੁਰੱਖਿਆ, ਸੁਰੱਖਿਅਤ ਸਰਜਰੀ ਅਤੇ ਲਗਾਤਾਰ ਨਿਗਰਾਨੀ ਨੂੰ ਅਹਿਮ ਦੱਸਿਆ।

ਤਕਨੀਕੀ ਸੈਸ਼ਨਾਂ ਵਿੱਚ ਪ੍ਰੋ. ਨੁਸਰਤ ਸ਼ਫੀਕ ਨੇ ਦਵਾਈ ਸੁਰੱਖਿਆ ਅਤੇ ਐਂਟੀਮਾਈਕ੍ਰੋਬੀਅਲ ਰੇਜ਼ਿਸਟੈਂਸ, ਡਾ. ਹਰੀ ਕ੍ਰਿਸ਼ਨ ਧਵਨ ਨੇ ਸੁਰੱਖਿਅਤ ਖੂਨ ਚੜ੍ਹਾਉਣ ਦੀਆਂ ਪ੍ਰਥਾਵਾਂ, ਡਾ. ਮਹੇਸ਼ ਦੇਵਨਾਨੀ ਨੇ ਇਨਫੈਕਸ਼ਨ ਕੰਟਰੋਲ ਤੇ ਬਾਇਓਮੈਡੀਕਲ ਵੇਸਟ ਪ੍ਰਬੰਧਨ ਅਤੇ ਪ੍ਰੋ. ਐਲ. ਕਮਾਨ ਨੇ ਸਰਜੀਕਲ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ। ਪ੍ਰੋਗਰਾਮ ਦੇ ਅੰਤ ਵਿੱਚ ਗੈਰ-ਸੰਚਾਰੀ ਬਿਮਾਰੀਆਂ ਦੀ ਰੋਕਥਾਮ, ਜਾਂਚ ਅਤੇ ਲੰਬੇ ਸਮੇਂ ਦੇ ਇਲਾਜ ਦੌਰਾਨ ਮਰੀਜ਼ ਸੁਰੱਖਿਆ ਦੀਆਂ ਚੁਣੌਤੀਆਂ ’ਤੇ ਪੈਨਲ ਚਰਚਾ ਕਰਵਾਈ ਗਈ।

‘ਕਰਮਯੋਗ ਰਾਹੀਂ ਸਸ਼ਕਤ ਪ੍ਰਸ਼ਾਸਨ’ ਮੁਹਿੰਮ ਦੀ ਮੋਹਾਲੀ ਵਿੱਚ ਸ਼ੁਰੂਆਤ

ਮੋਹਾਲੀ, 16 ਸਤੰਬਰ (ਪੈ.ਗਾਮ-ਏ-ਜਗਤ)

ਪ੍ਰਸ਼ਾਸਨਿਕ ਸੇਵਾ ਵਿਭਾਗ ਵੱਲੋਂ ਬ੍ਰਹਮਾਕੁਮਾਰੀਜ਼, ਮੋਹਾਲੀ ਦੇ ਸਹਿਯੋਗ ਨਾਲ ‘ਕਰਮਯੋਗ ਰਾਹੀਂ ਸਸ਼ਕਤ ਪ੍ਰਸ਼ਾਸਨ’ ਮੁਹਿੰਮ ਦੀ ਰਸਮੀ ਸ਼ੁਰੂਆਤ ਬ੍ਰਹਮਾਕੁਮਾਰੀਜ਼, ਮੋਹਾਲੀ ਵਿਖੇ ਕੀਤੀ ਗਈ। ਇਸ ਪਹਿਲਕਦਮੀ ਦਾ ਉਦੇਸ਼ ਪ੍ਰਸ਼ਾਸਕਾਂ, ਅਧਿਕਾਰੀਆਂ, ਕਾਰਜਕਾਰੀਆਂ ਅਤੇ ਪ੍ਰਬੰਧਕਾਂ ਵਿੱਚ ਮੁੱਲ-ਆਧਾਰਿਤ ਪ੍ਰਸ਼ਾਸਨ, ਤਣਾਅ-ਮੁਕਤ ਕਾਰਜਸ਼ੈਲੀ, ਪ੍ਰਭਾਵਸ਼ਾਲੀ ਅਗਵਾਈ, ਸੁਖਾਵੇਂ ਸਬੰਧ, ਸਪਸ਼ਟ ਸੰਚਾਰ ਅਤੇ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਨਾ ਹੈ।

ਪ੍ਰੋਗਰਾਮ ਦਾ ਸਵਾਗਤੀ ਸੰਬੋਧਨ ਰਾਜਯੋਗਿਨੀ ਬੀ.ਕੇ. ਪ੍ਰੇਮ ਦੀਦੀ, ਮੋਹਾਲੀ ਸਰਕਲ ਇੰਚਾਰਜ ਅਤੇ ਖੇਤਰੀ ਕੋਆਰਡੀਨੇਟਰ, ਪੰਜਾਬ, ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਪੇਸ਼ੇਵਰ ਅਤੇ ਪ੍ਰਸ਼ਾਸਨਿਕ ਜੀਵਨ ਵਿੱਚ ਅੰਦਰੂਨੀ ਮੁੱਲਾਂ, ਅਧਿਆਤਮਿਕ ਜਾਗਰੂਕਤਾ ਅਤੇ ਸੇਵਾ ਭਾਵਨਾ ਨੂੰ ਸ਼ਾਮਲ ਕਰਨ ਦੀ ਮਹੱਤਤਾ ’ਤੇ ਚਾਨਣਾ ਪਾਇਆ। ਉਨ੍ਹਾਂ ਨੇ ਸਕਾਰਾਤਮਕ ਕਾਰਜ ਵਾਤਾਵਰਣ ਬਣਾਉਣ ਅਤੇ ਸੇਵਾ ਦੀ ਗੁਣਵੱਤਾ ਨੂੰ ਮਜ਼ਬੂਤ ਕਰਨ ਵਿੱਚ ਅੰਦਰੂਨੀ ਸਸ਼ਕਤੀਕਰਨ ਦੀ ਭੂਮਿਕਾ ’ਤੇ ਵੀ ਜ਼ੋਰ ਦਿੱਤਾ।

ਕੇ.ਏ.ਪੀ. ਸਿਨ੍ਹਾ, ਆਈਏਐਸ, ਮੁੱਖ ਸਕੱਤਰ, ਪੰਜਾਬ, ਨੇ ਕਿਹਾ ਕਿ ਪ੍ਰਸ਼ਾਸਨ ਮੂਲ ਰੂਪ ਵਿੱਚ ਸੇਵਾ ਦਾ ਮਾਧਿਅਮ ਹੈ ਅਤੇ ਕਰਮਯੋਗੀ ਬਣਨ ਲਈ ਸੇਵਾ ਭਾਵਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਨੂੰ ਸਮਰਪਣ ਅਤੇ ਲੋਕ ਭਲਾਈ ਦੀ ਭਾਵਨਾ ਨਾਲ ਨਿਭਾਉਣ ਦੀ ਮਹੱਤਤਾ ’ਤੇ ਚਾਨਣਾ ਪਾਇਆ। ਸ਼ੁਭਚਿੰਤਨ, ਮੁੱਖ ਕਮਿਸ਼ਨਰ, ਆਈਆਰਐਸ, ਨੇ ਕਿਹਾ ਕਿ ਹਰੇਕ ਵਿਅਕਤੀ ਦੇ ਅੰਦਰ ਅੰਦਰੂਨੀ ਸ਼ਕਤੀਆਂ ਅਤੇ ਸਮਰੱਥਾਵਾਂ ਮੌਜੂਦ ਹਨ, ਜਿਨ੍ਹਾਂ ਨੂੰ ਕਰਮਯੋਗ ਰਾਹੀਂ ਵਿਕਸਤ ਕਰਕੇ ਵਿਹਾਰਕ ਜੀਵਨ ਵਿੱਚ ਪ੍ਰਗਟ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਇਨ੍ਹਾਂ ਅੰਦਰੂਨੀ ਸ਼ਕਤੀਆਂ ਨੂੰ ਪਛਾਣਨ ਅਤੇ ਜੀਵਨ ਵਿੱਚ ਵਰਤੋਂ ਵਿੱਚ ਲਿਆਉਣ ਦੀ ਮਹੱਤਤਾ ਦੱਸੀ।

ਸ੍ਰੀਮਤੀ ਕੋਮਲ ਮਿੱਤਲ, ਆਈਏਐਸ, ਡਿਪਟੀ ਕਮਿਸ਼ਨਰ, ਮੋਹਾਲੀ, ਨੇ ਸਕਾਰਾਤਮਕ ਵਾਤਾਵਰਣ ਸਿਰਜਣ ਅਤੇ ਸਿਹਤਮੰਦ ਤੇ ਸੁਖਾਵੇਂ ਸਮਾਜ ਦੇ ਨਿਰਮਾਣ ਲਈ ਮੁੱਲਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਬ੍ਰਹਮਾਕੁਮਾਰੀਜ਼ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਮਾਜਿਕ ਭਲਾਈ ਨੂੰ ਮਜ਼ਬੂਤ ਕਰਨ ਵਿੱਚ ਅਜਿਹੀਆਂ ਮੁੱਲ-ਆਧਾਰਿਤ ਪਹਿਲਕਦਮੀਆਂ ਦੀ ਮਹੱਤਤਾ ਨੂੰ ਸਵੀਕਾਰ ਕੀਤਾ।

ਰਵਿੰਦਰ ਸਿੰਘ, ਆਈਏਐਸ, ਵਧੀਕ ਸਕੱਤਰ, ਕਿਰਤ ਵਿਭਾਗ, ਪੰਜਾਬ ਸਰਕਾਰ, ਨੇ ਪੇਸ਼ੇਵਰ ਜੀਵਨ ਵਿੱਚ ਅਧਿਆਤਮਿਕ ਮੁੱਲਾਂ ਅਤੇ ਆਤਮ-ਵਿਕਾਸ ਦੀ ਪ੍ਰਸੰਗਿਕਤਾ ’ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਅਕਤੀਆਂ ਵਿੱਚ ਸੰਤੁਲਿਤ ਦ੍ਰਿਸ਼ਟੀਕੋਣ ਵਿਕਸਤ ਕਰਨ, ਆਪਸੀ ਸਬੰਧਾਂ ਨੂੰ ਬਿਹਤਰ ਬਣਾਉਣ ਅਤੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਵਧੇਰੇ ਜਾਗਰੂਕਤਾ ਅਤੇ ਸਕਾਰਾਤਮਕਤਾ ਨਾਲ ਨਿਭਾਉਣ ਵਿੱਚ ਸਹਾਇਕ ਹੋ ਸਕਦੀਆਂ ਹਨ।

ਮੁਹਿੰਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਮੁੱਖ ਦਫ਼ਤਰ ਮਾਊਂਟ ਆਬੂ ਤੋਂ ਪਹੁੰਚੇ ਬੀ.ਕੇ. ਹਰੀਸ਼ ਭਾਈ, ਰਾਸ਼ਟਰੀ ਕੋਆਰਡੀਨੇਟਰ, ਪ੍ਰਸ਼ਾਸਨਿਕ ਸੇਵਾ ਵਿਭਾਗ, ਨੇ ਤਣਾਅ-ਮੁਕਤ ਕਾਰਜਸ਼ੈਲੀ, ਸੁਖਾਵੇਂ ਸਬੰਧਾਂ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨ ਨੂੰ ਉਤਸ਼ਾਹਿਤ ਕਰਨ ਵਿੱਚ ਕਰਮਯੋਗ ਦੇ ਵਿਹਾਰਕ ਉਪਯੋਗ ’ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਅਧਿਆਤਮਿਕ ਜਾਗਰੂਕਤਾ ਅਤੇ ਅੰਦਰੂਨੀ ਸਸ਼ਕਤੀਕਰਨ ਨੂੰ ਜੀਵਨ ਵਿੱਚ ਅਪਣਾਉਣ ਨਾਲ ਪ੍ਰਸ਼ਾਸਕਾਂ ਨੂੰ ਵਧੇਰੇ ਸਥਿਰਤਾ, ਸਪਸ਼ਟਤਾ ਅਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਸਹਾਇਤਾ ਮਿਲ ਸਕਦੀ ਹੈ।

ਪ੍ਰੋਗਰਾਮ ਦਾ ਮੁੱਖ ਸੰਬੋਧਨ ਰਾਜਯੋਗਿਨੀ ਬੀ.ਕੇ. ਪੂਨਮ ਦੀਦੀ, ਪ੍ਰਸ਼ਾਸਨਿਕ ਸੇਵਾ ਵਿਭਾਗ ਦੀ ਉਪ-ਚੇਅਰਪਰਸਨ ਅਤੇ ਜੈਪੁਰ ਰਾਜਾ ਪਾਰਕ ਸਬ-ਜ਼ੋਨ ਇੰਚਾਰਜ, ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਕਰਮਯੋਗ ਰਾਹੀਂ ਪ੍ਰਸ਼ਾਸਨ ਵਿੱਚ ਉੱਤਮਤਾ ਅਤੇ ਸਸ਼ਕਤ ਅਗਵਾਈ ਦੇ ਵਿਸ਼ੇ ’ਤੇ ਵਿਚਾਰ ਸਾਂਝੇ ਕੀਤੇ ਅਤੇ ਅੰਦਰੂਨੀ ਸ਼ਕਤੀ, ਆਤਮ-ਜਾਗਰੂਕਤਾ ਅਤੇ ਮੁੱਲ-ਆਧਾਰਿਤ ਫ਼ੈਸਲੇ ਲੈਣ ਦੀ ਮਹੱਤਤਾ ’ਤੇ ਵਿਸ਼ੇਸ਼ ਜ਼ੋਰ ਦਿੱਤਾ। ਬੀ.ਕੇ. ਉੱਤਰਾ ਦੀਦੀ, ਪੰਜਾਬ ਜ਼ੋਨ ਇੰਚਾਰਜ, ਨੇ ਆਤਮ-ਚਿੰਤਨ ਅਤੇ ਪਰਮਾਤਮਾ-ਚਿੰਤਨ ਦੀ ਮਹੱਤਤਾ ’ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਨ੍ਹਾਂ ਰਾਹੀਂ ਅੰਦਰੂਨੀ ਜਾਗਰੂਕਤਾ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ ਅਤੇ ਉਦੇਸ਼ਪੂਰਨ ਕਾਰਜ ਕਰਨ ਦੀ ਸਮਰੱਥਾ ਵਿਕਸਤ ਹੁੰਦੀ ਹੈ। ਸ਼ੁਭਾਰੰਭ ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਵੱਲੋਂ ਮੁਹਿੰਮ ਦੇ ਪੋਸਟਰ ਦਾ ਰਸਮੀ ਵਿਮੋਚਨ ਕੀਤਾ ਗਿਆ। ਪੋਸਟਰ ਵਿੱਚ ਸਸ਼ਕਤ ਪ੍ਰਸ਼ਾਸਨ, ਅਧਿਆਤਮਿਕ ਜਾਗਰੂਕਤਾ ਅਤੇ ਮੁੱਲ-ਆਧਾਰਿਤ ਅਗਵਾਈ ਦਾ ਸੰਦੇਸ਼ ਪੇਸ਼ ਕੀਤਾ ਗਿਆ ਹੈ। ਇਸ ਮੌਕੇ ਮੁਹਿੰਮ ਦੇ ਕਲਸ਼ ਅਤੇ ਝੰਡੇ ਵੀ ਨੁਮਾਇੰਦਿਆਂ ਨੂੰ ਸੌਂਪੇ ਗਏ, ਜੋ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਮੁਹਿੰਮ ਦੇ ਅੱਗੇ ਵਧਣ ਅਤੇ ਕਰਮਯੋਗ ਦੇ ਸੰਦੇਸ਼ ਦੇ ਪ੍ਰਸਾਰ ਦਾ ਪ੍ਰਤੀਕ ਹਨ।

ਡਾ. ਬੀ.ਆਰ. ਅੰਬੇਡਕਰ ਦੇ ਬੁੱਤਾਂ ਦੀ ਸੁਰੱਖਿਆ ਲਈ ਸੂਬੇ ਭਰ ’ਚ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਸਬੰਧੀ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਕਾਰਵਾਈ : ਗੁਲਜ਼ਾਰ ਸਿੰਘ ਬੌਬੀ

ਸੰਗਰੂਰ, 17 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ੍ਰੀ ਗੁਲਜ਼ਾਰ ਸਿੰਘ ਬੌਬੀ ਨੇ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਜੀ ਦੇ ਬੁੱਤ ਨਾਲ ਸਬੰਧਤ ਵਾਇਰਲ ਹੋਈ ਵੀਡੀਓ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਕਮਿਸ਼ਨ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਐਕਟ-2004 ਦੀ ਧਾਰਾ 10 ਤਹਿਤ ਸੂ-ਮੋਟੋ ਨੋਟਿਸ ਲੈਂਦਿਆਂ ਅਗਲੀ ਕਾਰਵਾਈ ਆਰੰਭ ਦਿੱਤੀ ਹੈ।

ਗੁਲਜ਼ਾਰ ਸਿੰਘ ਬੌਬੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਇਸ ਮਾਮਲੇ ਦੀ ਸੁਣਵਾਈ 21 ਸਤੰਬਰ 2026 ਨੂੰ ਰੱਖੀ ਗਈ ਹੈ ਅਤੇ ਸਬੰਧਤ ਅਧਿਕਾਰੀਆਂ ਨੂੰ ਮਾਮਲੇ ਨਾਲ ਜੁੜੇ ਤੱਥਾਂ ਅਤੇ ਸੂਚਨਾ ਸਮੇਤ

> **ਹੁਸ਼ਿਆਰਪੁਰ ਜ਼ਿਲ੍ਹੇ ਨਾਲ ਸਬੰਧਤ ਵਾਇਰਲ ਵੀਡੀਓ ਦਾ ਕਮਿਸ਼ਨ ਨੇ ਲਿਆ ਸੂ-ਮੋਟੋ ਨੋਟਿਸ**

ਕਮਿਸ਼ਨ ਅੱਗੇ ਹਾਜ਼ਰ ਹੋਣ ਲਈ ਕਿਹਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜੇਕਰ ਨਿਰਧਾਰਤ ਸਮੇਂ ਅਨੁਸਾਰ ਲੋੜੀਂਦੀ ਪਾਲਣਾ ਨਹੀਂ ਕੀਤੀ ਜਾਂਦੀ ਤਾਂ ਕਮਿਸ਼ਨ ਵੱਲੋਂ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਕਮਿਸ਼ਨ ਮੈਂਬਰ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦਾ ਦੇਸ਼ ਦੇ ਸੰਵਿਧਾਨ ਨਿਰਮਾਣ ਅਤੇ ਸਮਾਜਿਕ ਬਰਾਬਰੀ ਲਈ ਸੰਘਰਸ਼ ਵਿੱਚ ਇਤਿਹਾਸਕ ਯੋਗਦਾਨ ਹੈ ਅਤੇ ਉਨ੍ਹਾਂ ਨਾਲ ਜੁੜੇ ਸਮਾਰਕਾਂ ਅਤੇ ਬੁੱਤਾਂ ਦਾ ਸਤਿਕਾਰ ਕਾਇਮ ਰੱਖਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਥਾਵਾਂ ’ਤੇ ਕਿਸੇ ਵੀ ਸ਼ਰਾਰਤੀ ਅਨਸਰ ਵੱਲੋਂ ਬੁੱਤਾਂ ਨਾਲ ਛੇੜਛਾੜ ਜਾਂ ਬੇਅਦਬੀ ਦੀ ਘਟਨਾ ਸਮਾਜਿਕ ਸਦਭਾਵਨਾ ਨੂੰ ਪ੍ਰਭਾਵਿਤ ਕਰ ਸਕਦੀ ਹੈ, ਇਸ ਲਈ ਅਜਿਹੀਆਂ ਘਟਨਾਵਾਂ ਨੂੰ ਰੋਕਣ ਵਾਸਤੇ ਅਗਾਊਂ ਅਤੇ ਪੁਖ਼ਤਾ ਪ੍ਰਬੰਧ ਕੀਤੇ ਜਾਣੇ ਬੇਹੱਦ ਜ਼ਰੂਰੀ ਹਨ। ਬੌਬੀ ਨੇ ਦੱਸਿਆ ਕਿ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਸੂਬੇ ਦੇ ਸਬੰਧਤ ਅਧਿਕਾਰੀਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਪੰਜਾਬ ਭਰ ਵਿੱਚ ਜਿੱਥੇ ਵੀ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਜੀ ਦੇ ਬੁੱਤ ਸਥਾਪਿਤ ਹਨ, ਉੱਥੇ ਲੋੜ ਅਨੁਸਾਰ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦੀ ਪਹਿਲ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕੈਮਰਿਆਂ ਦੀ ਨਿਗਰਾਨੀ ਨਾਲ ਜਿੱਥੇ ਸ਼ਰਾਰਤੀ ਗਤੀਵਿਧੀਆਂ ਨੂੰ ਰੋਕਣ ਵਿੱਚ ਮਦਦ ਮਿਲੇਗੀ, ਉੱਥੇ ਕਿਸੇ ਅਣਸੁਖਾਵੀਂ ਘਟਨਾ ਦੀ ਸੂਰਤ ਵਿੱਚ ਜ਼ਿੰਮੇਵਾਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਕਾਨੂੰਨੀ ਕਾਰਵਾਈ ਕਰਨ ਵਿੱਚ ਵੀ ਸਹਾਇਤਾ ਮਿਲੇਗੀ।

ਪੀਜੀਆਈ ਨੇ ਦੋ ਹਫ਼ਤਿਆਂ ਦੇ ਵਿਕਲਪਿਕ ਅਕਾਦਮਿਕ ਆਦਾਨ-ਪ੍ਰਦਾਨ ਪ੍ਰੋਗਰਾਮ ਲਈ 20 ਸਵੀਡਿਸ਼ ਮੈਡੀਕਲ ਵਿਦਿਆਰਥੀਆਂ ਦੀ ਮੇਜ਼ਬਾਨੀ ਕੀਤੀ

ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)



ਸਵੀਡਨ ਦੇ 20 ਮੈਡੀਕਲ ਵਿਦਿਆਰਥੀ ਵਰਤਮਾਨ ਵਿੱਚ ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈ) ਵਿੱਚ ਬਾਲ ਰੋਗ ਵਿਭਾਗ ਅਤੇ ਸਕੂਲ ਆਫ਼ ਪਬਲਿਕ ਹੈਲਥ ਵਿੱਚ ਦੋ ਹਫ਼ਤਿਆਂ ਦੇ ਵਿਕਲਪਿਕ ਅਕਾਦਮਿਕ ਸਿਖਲਾਈ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਹਨ। ਇਸ ਸਮੂਹ ਦੇ ਨਾਲ ਸਵੀਡਨ ਦੇ ਰੀਜਨ ਸਕੋਨੇ ਤੋਂ ਤਿੰਨ ਫੈਕਲਟੀ ਮੈਂਬਰ—ਡਾ. ਕ੍ਰਿਸ਼ਚੀਅਨ ਪੈਨੋ, ਡਾ. ਵਿਕਟਰ ਪੈਨੀ ਅਤੇ ਡਾ. ਇਓਆਨਿਸ ਓਰਫਾਨੋਸ—ਵੀ ਆਏ ਹਨ। ਵਫ਼ਦ ਨੇ ਆਪਣੀ ਯਾਤਰਾ ਦੀ ਸ਼ੁਰੂਆਤ ਪੀਜੀਆਈ ਦੇ ਨਿਦੇਸ਼ਕ ਡਾ. (ਪ੍ਰੋ.) ਵਿਵੇਕ ਲਾਲ ਅਤੇ ਅਕਾਦਮਿਕ ਡੀਨ, ਪੀਜੀਆਈ, ਡਾ. (ਪ੍ਰੋ.) ਸੰਜੇ ਜੈਨ ਨਾਲ ਸ਼ਿਸ਼ਟਾਚਾਰ ਭੇਂਟ ਨਾਲ ਕੀਤੀ। ਇਸ ਅਕਾਦਮਿਕ ਆਦਾਨ-ਪ੍ਰਦਾਨ ਪ੍ਰੋਗਰਾਮ ਦਾ ਤਾਲਮੇਲ ਪ੍ਰੋ. ਪ੍ਰਵੀਨ ਕੁਮਾਰ, ਵਿਭਾਗ ਮੁਖੀ, ਬਾਲ ਰੋਗ ਵਿਭਾਗ; ਡਾ. (ਪ੍ਰੋ.) ਅਰੁਣ ਬਾਂਸਲ, ਵਧੀਕ ਮੈਡੀਕਲ ਸੁਪਰਡੈਂਟ, ਪੀਜੀਆਈ; ਅਤੇ ਡਾ. (ਪ੍ਰੋ.) ਅਰੁਣ ਅਗਰਵਾਲ, ਵਿਭਾਗ ਮੁਖੀ, ਸਕੂਲ ਆਫ਼ ਪਬਲਿਕ ਹੈਲਥ ਵੱਲੋਂ ਕੀਤਾ ਜਾ ਰਿਹਾ ਹੈ। ਪੂਰੇ ਹਫ਼ਤੇ ਦੌਰਾਨ, ਸਵੀਡਨ ਤੋਂ ਆਏ ਵਿਦਿਆਰਥੀ ਅਤੇ ਫੈਕਲਟੀ ਮੈਂਬਰ ਬਾਲ ਰੋਗ ਵਿਭਾਗ ਅਤੇ ਬਾਲ ਛੂਤ ਰੋਗ ਡਿਵੀਜ਼ਨ ਦੇ ਫੈਕਲਟੀ ਮੈਂਬਰਾਂ ਅਤੇ ਰੈਜ਼ੀਡੈਂਟ ਡਾਕਟਰਾਂ ਨਾਲ ਗਿਆਨ ਅਤੇ ਤਜ਼ਰਬਿਆਂ ਦਾ ਆਦਾਨ-ਪ੍ਰਦਾਨ ਕਰ ਰਹੇ ਹਨ।

ਇਹ ਮਿੱਤਰਤਾਪੂਰਨ ਗਿਆਨ-ਵਟਾਂਦਰਾ ਪ੍ਰੋਗਰਾਮ ਕੁਝ ਸਾਲ ਪਹਿਲਾਂ ਸ਼ੁਰੂ ਹੋਇਆ, ਜਦੋਂ ਪੀਜੀਆਈ ਦੇ ਬਾਲ ਛੂਤ ਰੋਗ ਮਾਹਰ ਅਤੇ ਪ੍ਰੋਫੈਸਰ ਡਾ. ਸੰਜੇ ਵਰਮਾ ਨੇ ਸਵੀਡਨ ਦੇ ਹੈਲਸਿੰਗਬੋਰਗ ਹਸਪਤਾਲ ਅਤੇ ਲੁੰਡ ਯੂਨੀਵਰਸਿਟੀ ਦਾ ਦੌਰਾ ਕੀਤਾ ਸੀ। ਇਸ ਤੋਂ ਬਾਅਦ ਇਹ ਪਹਿਲ ਦੋਵਾਂ ਸੰਸਥਾਵਾਂ ਵਿਚਕਾਰ ਨਿਯਮਤ ਅਕਾਦਮਿਕ ਆਦਾਨ-ਪ੍ਰਦਾਨ ਪ੍ਰੋਗਰਾਮ ਵਜੋਂ ਵਿਕਸਿਤ ਹੋਈ ਹੈ। ਸਵੀਡਨ ਤੋਂ ਆਏ ਫੈਕਲਟੀ ਮੈਂਬਰਾਂ ਵਿੱਚ ਡਾ. ਕ੍ਰਿਸ਼ਚੀਅਨ ਪੈਨੋ, ਸੀਨੀਅਰ ਸਲਾਹਕਾਰ ਅਤੇ ਬਾਲ ਰੋਗ ਮਾਹਰ, ਹੈਲਸਿੰਗਬੋਰਗ ਹਸਪਤਾਲ, ਰੀਜਨ ਸਕੋਨੇ, ਸਵੀਡਨ ਅਤੇ ਸਵੀਡਿਸ਼ ਪੀਡੀਆਟ੍ਰਿਕ ਇਨਫੈਕਸ਼ੀਅਸ ਡਿਜ਼ੀਜ਼ ਸੋਸਾਇਟੀ ਦੇ ਬੋਰਡ ਮੈਂਬਰ; ਡਾ. ਵਿਕਟਰ ਪੈਨੀ, ਬਾਲ ਰੋਗ ਮਾਹਰ, ਸਕੋਨੇ ਯੂਨੀਵਰਸਿਟੀ ਹਸਪਤਾਲ, ਰੀਜਨ ਸਕੋਨੇ, ਸਵੀਡਨ ਅਤੇ ਲੁੰਡ ਯੂਨੀਵਰਸਿਟੀ ਵਿੱਚ ਪੀਐਚਡੀ ਖੋਜਾਰਥੀ; ਅਤੇ ਡਾ. ਇਓਆਨਿਸ ਓਰਫਾਨੋਸ, ਸੀਨੀਅਰ ਸਲਾਹਕਾਰ, ਬਾਲ ਰੋਗ ਮਾਹਰ, ਐਸੋਸੀਏਟ ਪ੍ਰੋਫੈਸਰ ਅਤੇ ਬਾਲ ਛੂਤ ਰੋਗ, ਐਮਰਜੈਂਸੀ ਮੈਡੀਸਨ ਅਤੇ ਸਮਾਜਿਕ ਬਾਲ ਚਿਕਿਤਸਾ ਵਿਭਾਗ ਦੇ ਨਿਦੇਸ਼ਕ ਸ਼ਾਮਲ ਹਨ। ਸਵੀਡਨ ਤੋਂ ਆਏ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਸੰਸਥਾਨ ਵਿੱਚ ਉਨ੍ਹਾਂ ਦੇ ਨਿੱਘੇ ਸਵਾਗਤ ਅਤੇ ਆਪਣੇ ਕਲੀਨਿਕਲ ਗਿਆਨ ਅਤੇ ਤਜ਼ਰਬੇ ਨੂੰ ਵਿਸਤ੍ਰਿਤ ਕਰਨ ਦਾ ਮੌਕਾ ਪ੍ਰਦਾਨ ਕਰਨ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਪੀਜੀਆਈ ਵਿੱਚ ਰੈਜ਼ੀਡੈਂਟ ਡਾਕਟਰਾਂ ਲਈ ਅਪਣਾਏ ਜਾਣ ਵਾਲੇ ਅਕਾਦਮਿਕ ਪਾਠਕ੍ਰਮ ਦੀ ਸ਼ਲਾਘਾ ਕੀਤੀ ਅਤੇ ਸੰਸਥਾਨ ਵਿੱਚ ਉਪਲਬਧ ਕਰਵਾਈ ਜਾ ਰਹੀ ਮਰੀਜ਼ ਦੇਖਭਾਲ ਦੇ ਉੱਚ ਪੱਧਰ ਪ੍ਰਤੀ ਵੀ ਪ੍ਰਸ਼ੰਸਾ ਵਿਅਕਤ ਕੀਤੀ।

ਪੀਜੀਆਈਐਮਈਆਰ ਵਿੱਚ ਹਿੰਦੀ ਦਿਵਸ ’ਤੇ ਹਿੰਦੀ ਦੀ ਵਿਆਪਕ ਵਰਤੋਂ ਦਾ ਸੱਦਾ

ਨਿਦੇਸ਼ਕ ਪ੍ਰੋ. ਵਿਵੇਕ ਲਾਲ ਨੇ ਹਿੰਦੀ ਪੁਸਤਕ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ

ਚੰਡੀਗੜ੍ਹ, 17 ਸਤੰਬਰ (ਪੈ.ਗਾਮ-ਏ-ਜਗਤ)



ਪੋਸਟ ਗ੍ਰੈਜੂਏਟ ਮੈਡੀਕਲ ਸਿੱਖਿਆ ਅਤੇ ਖੋਜ ਸੰਸਥਾਨ, ਚੰਡੀਗੜ੍ਹ ਵਿੱਚ ਨਿਦੇਸ਼ਕ ਪ੍ਰੋ. ਵਿਵੇਕ ਲਾਲ ਦੀ ਪ੍ਰਧਾਨਗੀ ਹੇਠ ਹਿੰਦੀ ਦਿਵਸ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਨੇ ਡਾ. ਤੁਲਸੀਦਾਸ ਲਾਇਬ੍ਰੇਰੀ ਵਿੱਚ ਹਿੰਦੀ ਪੁਸਤਕ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਅਤੇ ਸੰਸਥਾਨ ਦੇ ਕਰਮਚਾਰੀਆਂ ਦੇ ਨਾਮ ਹਿੰਦੀ ਦਿਵਸ ਸੁਨੇਹਾ ਜਾਰੀ ਕੀਤਾ।

ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਭਾਸ਼ਾ ਕਿਸੇ ਰਾਸ਼ਟਰ ਦੀ ਸਮਾਜਿਕ ਅਤੇ ਸੱਭਿਆਚਾਰਕ ਵਿਰਾਸਤ ਦੀ ਸੰਵਾਹਕ ਹੁੰਦੀ ਹੈ। ਹਿੰਦੀ ਦੇਸ਼ ਦੀਆਂ ਵਿਭਿੰਨ ਭਾਸ਼ਾਵਾਂ ਨੂੰ ਜੋੜਨ ਵਾਲੀ ਮਹੱਤਵਪੂਰਨ ਕੜੀ ਹੈ। ਉਨ੍ਹਾਂ ਕਿਹਾ ਕਿ ਹਿੰਦੀ ਦਿਵਸ ਰਾਜਭਾਸ਼ਾ ਪ੍ਰਤੀ ਨੈਤਿਕ ਅਤੇ ਸੰਵਿਧਾਨਕ ਜ਼ਿੰਮੇਵਾਰੀਆਂ ਦੀ ਯਾਦ ਦਿਵਾਉਂਦਾ ਹੈ ਅਤੇ ਹਿੰਦੀ ਦੀ ਵੱਧ ਤੋਂ ਵੱਧ ਵਰਤੋਂ ਲਈ ਪ੍ਰੇਰਿਤ ਕਰਦਾ ਹੈ।

ਉਨ੍ਹਾਂ ਕਿਹਾ ਕਿ ਮੈਡੀਕਲ ਸੰਸਥਾਨ ਵਿੱਚ ਹਿੰਦੀ ਦਾ ਮਹੱਤਵ ਹੋਰ ਵੱਧ ਜਾਂਦਾ ਹੈ, ਕਿਉਂਕਿ ਡਾਕਟਰਾਂ ਅਤੇ ਕਰਮਚਾਰੀਆਂ ਦਾ ਸਿੱਧਾ ਸੰਪਰਕ ਮਰੀਜ਼ਾਂ ਅਤੇ ਉਨ੍ਹਾਂ ਦੇ ਤੀਮਾਰਦਾਰਾਂ ਨਾਲ ਹੁੰਦਾ ਹੈ। ਉਨ੍ਹਾਂ ਦੀ ਸਹਿਜ ਭਾਸ਼ਾ ਵਿੱਚ ਬਿਮਾਰੀ ਅਤੇ ਇਲਾਜ ਦੀ ਜਾਣਕਾਰੀ ਦੇਣ ਨਾਲ ਡਰ ਅਤੇ ਤਣਾਅ ਘੱਟ ਹੁੰਦਾ ਹੈ ਅਤੇ ਮਰੀਜ਼ਾਂ ਅਤੇ ਪ੍ਰਸ਼ਾਸਨ ਵਿਚਕਾਰ ਸੰਵਾਦ ਵਧੇਰੇ ਪ੍ਰਭਾਵਸ਼ਾਲੀ ਬਣਦਾ ਹੈ।

ਉਨ੍ਹਾਂ ਦੱਸਿਆ ਕਿ ਸੰਸਥਾਨ ਵਿੱਚ ਮਰੀਜ਼ਾਂ ਅਤੇ ਤੀਮਾਰਦਾਰਾਂ ਨੂੰ ਸਿਹਤ ਸਬੰਧੀ ਜਾਣਕਾਰੀ ਦੇਣ ਲਈ ਹਿੰਦੀ ਅਤੇ ਮਿਸ਼ਰਤ ਭਾਸ਼ਾ ਵਿੱਚ ਭਾਸ਼ਣ ਆਯੋਜਿਤ ਕੀਤੇ ਜਾਂਦੇ ਹਨ। ਆਕਾਸ਼ਵਾਣੀ, ਵੱਖ-ਵੱਖ ਐਫਐਮ ਰੇਡੀਓ ਸਟੇਸ਼ਨਾਂ ਅਤੇ ਦੂਰਦਰਸ਼ਨ ਚੰਡੀਗੜ੍ਹ ਦੇ ‘ਸਵਸਥ ਜੀਵਨ’ ਪ੍ਰੋਗਰਾਮ ਰਾਹੀਂ ਸੰਸਥਾਨ ਦੇ ਮਾਹਰ ਡਾਕਟਰ ਵੱਖ-ਵੱਖ ਰੋਗਾਂ, ਉਨ੍ਹਾਂ ਦੀ ਰੋਕਥਾਮ ਅਤੇ ਇਲਾਜ ਦੀ ਜਾਣਕਾਰੀ ਦਿੰਦੇ ਹਨ। ਰੋਗਾਂ ਨਾਲ ਸਬੰਧਤ ਪੁਸਤਿਕਾਵਾਂ, ਪੈਂਫਲੇਟ, ਪ੍ਰਸ਼ਨਾਵਲੀਆਂ, ਸਹਿਮਤੀ-ਪੱਤਰ ਅਤੇ ਡਾਇਟ ਚਾਰਟ ਵੀ ਹਿੰਦੀ ਵਿੱਚ ਉਪਲਬਧ ਕਰਵਾਏ ਜਾਂਦੇ ਹਨ। ਓਪੀਡੀ ਵਿੱਚ ਹਿੰਦੀ ਅਤੇ ਮਿਸ਼ਰਤ ਭਾਸ਼ਾ ਵਿੱਚ ਸਿਹਤ ਸਬੰਧੀ ਵੀਡੀਓ ਵੀ ਪ੍ਰਸਾਰਿਤ ਕੀਤੇ ਜਾਂਦੇ ਹਨ।

ਪ੍ਰੋ. ਵਿਵੇਕ ਲਾਲ ਨੇ ਸੀਨੀਅਰ ਅਧਿਕਾਰੀਆਂ ਨੂੰ ਦਫਤਰੀ ਕੰਮਾਂ ਵਿੱਚ ਹਿੰਦੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਸਾਰੀਆਂ ਭਾਰਤੀ ਭਾਸ਼ਾਵਾਂ ਪ੍ਰਤੀ ਸਨਮਾਨ ਰੱਖਦਿਆਂ ਰਾਜਭਾਸ਼ਾ ਹਿੰਦੀ ਦੇ ਪ੍ਰਚਾਰ-ਪ੍ਰਸਾਰ ਵਿੱਚ ਯੋਗਦਾਨ ਦੇਣ ਦਾ ਸੱਦਾ ਦਿੱਤਾ।

ਉਪ-ਨਿਦੇਸ਼ਕ (ਪ੍ਰਸ਼ਾਸਨ) ਸ਼੍ਰੀ ਪੰਕਜ ਰਾਏ ਨੇ ਹਿੰਦੀ ਦਿਵਸ ਦੀ ਵਧਾਈ ਦਿੰਦਿਆਂ ਰਾਜਭਾਸ਼ਾ ਨੀਤੀ ਦੇ ਪ੍ਰਭਾਵਸ਼ਾਲੀ ਲਾਗੂਕਰਨ ਵਿੱਚ ਸਾਰੇ ਕਰਮਚਾਰੀਆਂ ਅਤੇ ਵਿਦਿਆਰਥੀਆਂ ਤੋਂ ਸਹਿਯੋਗ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਹਿੰਦੀ ਪੰਦਰਵਾੜੇ ਦੌਰਾਨ ਵੱਖ-ਵੱਖ ਪ੍ਰੋਤਸਾਹਨ ਯੋਜਨਾਵਾਂ ਅਤੇ ਹਿੰਦੀ ਮੁਕਾਬਲਿਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਨੋਡਲ ਅਧਿਕਾਰੀ (ਰਾਜਭਾਸ਼ਾ) ਪ੍ਰੋ. ਸੰਜੇ ਭਦਾਡਾ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਰਾਜਭਾਸ਼ਾ ਪ੍ਰਤਿੱਜਾ ਦਿਵਾਈ। ਪ੍ਰੋਗਰਾਮ ਵਿੱਚ ਹਿੰਦੀ ਦੇ ਪ੍ਰਚਾਰ-ਪ੍ਰਸਾਰ ਅਤੇ ਸੰਸਥਾਨ ਦੇ ਦਫਤਰੀ ਕੰਮਾਂ ਵਿੱਚ ਇਸ ਦੇ ਪ੍ਰਭਾਵਸ਼ਾਲੀ ਪ੍ਰਯੋਗ ਨੂੰ ਵਧਾਵਾ ਦੇਣ ’ਤੇ ਜ਼ੋਰ ਦਿੱਤਾ ਗਿਆ।

ਸੇਵਾ ਸੰਕਲਪ ਅਭਿਆਨ ਤਹਿਤ ਸੁਲਤਾਨਪੁਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜਨਮਦਿਨ ਉਤਸ਼ਾਹ ਨਾਲ ਮਨਾਇਆ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)



ਸੇਵਾ ਸੰਕਲਪ ਅਭਿਆਨ ਦੇ ਤਹਿਤ ਅੱਜ ਉਮਰਾ ਮੰਡਲ ਦੇ ਪਿੰਡ ਸੁਲਤਾਨਪੁਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮਦਿਨ ਦੇ ਮੌਕੇ ’ਤੇ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਮਾਤ੍ਰ-ਸ਼ਕਤੀ, ਬਜ਼ੁਰਗਾਂ, ਨੌਜਵਾਨਾਂ ਅਤੇ ਛੋਟੇ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਦੀਪ ਜਗਾ ਕੇ ਪ੍ਰਧਾਨ ਮੰਤਰੀ ਦੀ ਸਿਹਤਮੰਦ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ।

ਪ੍ਰੋਗਰਾਮ ਵਿੱਚ ਉਮਰਾ ਮੰਡਲ ਪ੍ਰਧਾਨ ਡਾ. ਪਵਨ ਸ਼ਰਮਾ, ਸਾਬਕਾ ਮੰਡਲ ਪ੍ਰਧਾਨ ਨਰਿੰਦਰ ਮਲਿਕ, ਮੰਡਲ ਉਪ ਪ੍ਰਧਾਨ ਰਾਮਦੀਆ, ਸਕੱਤਰ ਛੋਟੂਰਾਮ, ਵਿਸਤਾਰਕ ਡਾ. ਸਤਬੀਰ ਮਲਿਕ, ਕ੍ਰਿਸ਼ਨ ਨੰਬਰਦਾਰ, ਜੋਗਿੰਦਰ ਨੰਬਰਦਾਰ, ਮਾਸਟਰ ਜੈਬੀਰ ਅਤੇ ਪੰਡਿਤ ਮਹਾਵੀਰ ਸਮੇਤ ਅਨੇਕਾਂ ਪੇਂਡੂ ਅਤੇ ਵਰਕਰ ਹਾਜ਼ਰ ਰਹੇ।

ਇਸ ਮੌਕੇ ਮੰਡਲ ਪ੍ਰਧਾਨ ਡਾ. ਪਵਨ ਸ਼ਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਜਨਮਦਿਨ ਸੇਵਾ ਸੰਕਲਪ ਅਭਿਆਨ ਦੇ ਮਾਧਿਅਮ ਨਾਲ ਸੇਵਾ ਅਤੇ ਜਨ-ਭਾਗੀਦਾਰੀ ਦੇ ਪ੍ਰੋਗਰਾਮਾਂ ਨਾਲ ਮਨਾਇਆ ਜਾ ਰਿਹਾ ਹੈ। ਸੁਲਤਾਨਪੁਰ ਵਿੱਚ ਸਾਰੇ ਵਰਗਾਂ ਦੀ ਸ਼ਮੂਲੀਅਤ ਨਾਲ ਦੀਪ ਜਗਾ ਕੇ ਪ੍ਰਧਾਨ ਮੰਤਰੀ ਦੀ ਉੱਤਮ ਸਿਹਤ ਅਤੇ ਲੰਬੀ ਉਮਰ ਦੀ ਮੰਗਲ ਕਾਮਨਾ ਕੀਤੀ ਗਈ।

ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ’ਤੇ ਮਾਤ੍ਰ-ਸ਼ਕਤੀ, ਪਿੰਡ ਦੇ ਬਜ਼ੁਰਗਾਂ ਅਤੇ ਛੋਟੇ ਬੱਚਿਆਂ ਦੀ ਭਾਗੀਦਾਰੀ ਖਿੱਚ ਦਾ ਕੇਂਦਰ ਰਹੀ। ਸਾਰਿਆਂ ਨੇ ਮਿਲ ਕੇ ਉਤਸ਼ਾਹ ਭਰੇ ਮਾਹੌਲ ਵਿੱਚ ਦੀਪ ਜਗਾਏ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਜਨਮਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਦੇ ਅੰਤ ਵਿੱਚ ਹਾਜ਼ਰ ਲੋਕਾਂ ਨੇ ਸਮਾਜ ਸੇਵਾ ਅਤੇ ਜਨ-ਕਲਿਆਣ ਦੇ ਕੰਮਾਂ ਵਿੱਚ ਸਰਗਰਮ ਭਾਗੀਦਾਰੀ ਦਾ ਸੰਕਲਪ ਲਿਆ।

ਜਨਮਦਿਨ ਦਾ ਜਸ਼ਨ ਮਨਾਉਣ ਦੀ ਬਜਾਏ ਜਨਤਾ ਦੇ ਜ਼ਖਮਾਂ ’ਤੇ ਮਰਹਮ ਲਗਾਏ ਭਾਜਪਾ: ਮਨੋਜ ਰਾਠੀ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)



ਸੀਨੀਅਰ ਕਾਂਗਰਸ ਆਗੂ ਮਨੋਜ ਰਾਠੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮਦਿਨ ਦੇ ਮੌਕੇ ’ਤੇ ਭਾਜਪਾ ਵੱਲੋਂ ਆਯੋਜਿਤ ਕੀਤੇ ਜਾ ਰਹੇ ਪ੍ਰੋਗਰਾਮਾਂ ਨੂੰ ਲੈ ਕੇ ਸਰਕਾਰ ’ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਜਨਮਦਿਨ ਦਾ ਜਸ਼ਨ ਮਨਾਉਣ ਦੀ ਬਜਾਏ ਦੇਸ਼ ਅਤੇ ਪ੍ਰਦੇਸ਼ ਦੀ ਜਨਤਾ ਦੀਆਂ ਸਮੱਸਿਆਵਾਂ ’ਤੇ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਆਮ ਆਦਮੀ ਅੱਜ ਰੁਜ਼ਗਾਰ, ਸਿੱਖਿਆ, ਸਿਹਤ, ਮਹਿੰਗਾਈ, ਮੁੱਢਲੀਆਂ ਸਹੂਲਤਾਂ ਅਤੇ ਕਾਨੂੰਨ-ਵਿਵਸਥਾ ਵਰਗੇ ਮੁੱਦਿਆਂ ਨਾਲ ਜੂਝ ਰਿਹਾ ਹੈ, ਜਦੋਂ ਕਿ ਸਰਕਾਰ ਇਨ੍ਹਾਂ ਗੰਭੀਰ ਵਿਸ਼ਿਆਂ ਤੋਂ ਧਿਆਨ ਭਟਕਾਉਣ ਲਈ ਪ੍ਰੋਗਰਾਮਾਂ ਦੇ ਆਯੋਜਨ ਵਿੱਚ ਲੱਗੀ ਹੋਈ ਹੈ।

ਮਨੋਜ ਰਾਠੀ ਨੇ ਕਿਹਾ ਕਿ ਭਾਜਪਾ ਵੱਲੋਂ ਖ਼ੂਨਦਾਨ ਕੈਂਪ, ਸਿਹਤ ਜਾਂਚ, ਸਫਾਈ ਅਭਿਆਨ ਅਤੇ ਪੌਦੇ ਲਗਾਉਣ ਸਮੇਤ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕਰਨ ਦੀ ਗੱਲ ਕਹੀ ਗਈ ਹੈ, ਪਰ ਸਰਕਾਰ ਨੂੰ ਇਹ ਵੀ ਦੱਸਣਾ ਚਾਹੀਦਾ ਹੈ ਕਿ ਆਮ ਜਨਤਾ ਨੂੰ ਬਿਹਤਰ ਮੁੱਢਲੀਆਂ ਸਹੂਲਤਾਂ ਉਪਲਬਧ ਕਰਵਾਉਣ ਲਈ ਕੀ ਠੋਸ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਨੌਜਵਾਨਾਂ ਸਾਹਮਣੇ ਵੱਡੀ ਚੁਣੌਤੀ ਬਣੀ ਹੋਈ ਹੈ। ਰੁਜ਼ਗਾਰ ਦੇ ਮੌਕਿਆਂ ਦੀ ਘਾਟ ਦੇ ਨਾਲ ਭਰਤੀ ਪ੍ਰਕਿਰਿਆਵਾਂ ਅਤੇ ਪੇਪਰ ਲੀਕ ਨਾਲ ਜੁੜੇ ਮਾਮਲਿਆਂ ਨੇ ਨੌਜਵਾਨਾਂ ਦੀਆਂ ਚਿੰਤਾਵਾਂ ਨੂੰ ਵਧਾਇਆ ਹੈ। ਉਨ੍ਹਾਂ ਨੇ ਸਵਾਲ ਉਠਾਇਆ ਕਿ ਜਦੋਂ ਨੌਜਵਾਨ ਰੁਜ਼ਗਾਰ ਲਈ ਸੰਘਰਸ਼ ਕਰ ਰਹੇ ਹਨ ਤਾਂ ਸਰਕਾਰ ਦੀਆਂ ਤਰਜੀਹਾਂ ਕੀ ਹਨ। ਕਾਂਗਰਸ ਆਗੂ ਨੇ ਸਿੱਖਿਆ ਵਿਵਸਥਾ ਨੂੰ ਲੈ ਕੇ ਵੀ ਸਰਕਾਰ ’ਤੇ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਕਈ ਸਕੂਲਾਂ ਨੂੰ ਬੰਦ ਜਾਂ ਦੂਜੇ ਸਕੂਲਾਂ ਵਿੱਚ ਮਰਜ ਕੀਤਾ ਜਾ ਰਿਹਾ ਹੈ ਅਤੇ ਅਧਿਆਪਕਾਂ ਦੀਆਂ ਅਨੇਕਾਂ ਅਸਾਮੀਆਂ ਖਾਲੀ ਪਈਆਂ ਹਨ। ਅਜਿਹੇ ਵਿੱਚ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਉਪਲਬਧ ਕਰਵਾਉਣ ਦੇ ਸਰਕਾਰੀ ਦਾਅਵਿਆਂ ’ਤੇ ਸਵਾਲ ਉੱਠਣਾ ਸੁਭਾਵਿਕ ਹੈ। ਉਨ੍ਹਾਂ ਨੇ ਸਿਹਤ ਸੇਵਾਵਾਂ, ਮਹਿੰਗਾਈ, ਭ੍ਰਿਸ਼ਟਾਚਾਰ, ਅਪਰਾਧ ਅਤੇ ਆਮ ਜਨਤਾ ਨਾਲ ਜੁੜੇ ਹੋਰ ਮੁੱਦਿਆਂ ਨੂੰ ਲੈ ਕੇ ਵੀ ਸਰਕਾਰ ਤੋਂ ਜਵਾਬ ਮੰਗਿਆ।

ਮਨੋਜ ਰਾਠੀ ਨੇ ਦੋਸ਼ ਲਗਾਇਆ ਕਿ ਸਰਕਾਰ ਇਨ੍ਹਾਂ ਮੁੱਦਿਆਂ ਦਾ ਹੱਲ ਕਰਨ ਦੀ ਬਜਾਏ ਇਨ੍ਹਾਂ ਸਮੱਸਿਆਵਾਂ ਨੂੰ ਚੁੱਕਣ ਵਾਲਿਆਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਭਾਜਪਾ ਨੇ ਸਾਲ 2014 ਅਤੇ 2019 ਦੇ ਆਪਣੇ ਸੰਕਲਪ ਪੱਤਰਾਂ ਵਿੱਚ ਕੀਤੇ ਵਾਅਦਿਆਂ ਨੂੰ ਪੂਰੀ ਗੰਭੀਰਤਾ ਨਾਲ ਪੂਰਾ ਕੀਤਾ ਹੁੰਦਾ ਤਾਂ ਅੱਜ ਪ੍ਰਧਾਨ ਮੰਤਰੀ ਦਾ ਜਨਮਦਿਨ ਸਿਰਫ਼ ਭਾਜਪਾ ਵਰਕਰ ਹੀ ਨਹੀਂ, ਸਗੋਂ ਦੇਸ਼ ਦੀ ਜਨਤਾ ਵੀ ਮਨਾ ਰਹੀ ਹੁੰਦੀ। ਉਨ੍ਹਾਂ ਕਿਹਾ ਕਿ ਭਾਜਪਾ ਹਰ ਚੋਣ ਵਿੱਚ ਪੁਰਾਣੇ ਵਾਅਦਿਆਂ ਤੋਂ ਧਿਆਨ ਹਟਾ ਕੇ ਨਵੇਂ ਏਜੰਡੇ ਨਾਲ ਜਨਤਾ ਵਿੱਚ ਆਉਂਦੀ ਰਹੀ ਹੈ। ਮਨੋਜ ਰਾਠੀ ਨੇ ਕਿਹਾ ਕਿ ਕਾਂਗਰਸ ਆਮ ਜਨਤਾ, ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਔਰਤਾਂ ਅਤੇ ਕਰਮਚਾਰੀਆਂ ਨਾਲ ਜੁੜੇ ਮੁੱਦਿਆਂ ਨੂੰ ਲਗਾਤਾਰ ਚੁੱਕਦੀ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਵੱਛ, ਪਾਰਦਰਸ਼ੀ ਅਤੇ ਜਵਾਬਦੇਹ ਸ਼ਾਸਨ ਦੇ ਹੱਕ ਵਿੱਚ ਹੈ ਅਤੇ ਪਾਰਟੀ ਆਗੂ ਰਾਹੁਲ ਗਾਂਧੀ ਦੇਸ਼ ਦੇ ਵੱਖ-ਵੱਖ ਵਰਗਾਂ ਦੇ ਅਧਿਕਾਰਾਂ ਅਤੇ ਹਿੱਤਾਂ ਨਾਲ ਜੁੜੇ ਮੁੱਦਿਆਂ ਨੂੰ ਲਗਾਤਾਰ ਚੁੱਕ ਰਹੇ ਹਨ।

ਸਿਵਲ ਸਰਜਨ ਹੁਸ਼ਿਆਰਪੁਰ ਵੱਲੋਂ ਅੱਖਾਂ ਦੇ ਜਾਂਚ ਕੈਂਪਾਂ ਸਬੰਧੀ ਐਡਵਾਇਜ਼ਰੀ ਜਾਰੀ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

- **ਅੱਖਾਂ ਦੇ ਜਾਂਚ ਕੈਂਪ ਲਗਾਉਣ ਤੋਂ ਪਹਿਲਾਂ ਲੋੜੀਂਦੇ ਪ੍ਰਬੰਧ ਅਤੇ ਮਨਜ਼ੂਰੀਆਂ ਯਕੀਨੀ ਬਣਾਉਣ ਦੀ ਅਪੀਲ**



ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਵਾਸੀਆਂ ਅਤੇ ਅੱਖਾਂ ਦੀ ਜਾਂਚ ਤੇ ਇਲਾਜ ਸਬੰਧੀ ਕੈਂਪ ਲਗਾਉਣ ਵਾਲੀਆਂ ਸਮਾਜਿਕ, ਧਾਰਮਿਕ ਸੰਸਥਾਵਾਂ, ਗੈਰ-ਸਰਕਾਰੀ ਸੰਗਠਨਾਂ ਅਤੇ ਹੋਰ ਸੰਸਥਾਵਾਂ ਨੂੰ ਸਲਾਹ ਜਾਰੀ ਕਰਦਿਆਂ ਅਪੀਲ ਕੀਤੀ ਗਈ ਹੈ ਕਿ ਕਿਸੇ ਵੀ ਤਰ੍ਹਾਂ ਦਾ ਅੱਖਾਂ ਦੀ ਜਾਂਚ ਕੈਂਪ ਸਿਰਫ਼ ਨਿਰਧਾਰਤ ਨਿਯਮਾਂ, ਲੋੜੀਂਦੀਆਂ ਮਨਜ਼ੂਰੀਆਂ ਅਤੇ ਪੂਰੇ ਡਾਕਟਰੀ ਪ੍ਰਬੰਧਾਂ ਦੇ ਨਾਲ ਹੀ ਆਯੋਜਿਤ ਕੀਤਾ ਜਾਵੇ।

ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਹੁਸ਼ਿਆਰਪੁਰ ਡਾਕਟਰ ਮਨਦੀਪ ਕਮਲ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਬਿਨਾਂ ਲੋੜੀਂਦੇ ਪ੍ਰਬੰਧਾਂ ਅਤੇ ਲਾਗੂ ਸਮਝੌਤਾ-ਪੱਤਰ (ਐਮ.ਓ.ਯੂ.) ਜਾਂ ਮਨਜ਼ੂਰੀ ਤੋਂ ਅੱਖਾਂ ਦੀ ਜਾਂਚ ਕੈਂਪ ਨਹੀਂ ਲਗਾਇਆ ਜਾਣਾ ਚਾਹੀਦਾ। ਕੈਂਪ ਲਗਾਉਣ ਤੋਂ ਪਹਿਲਾਂ ਸਬੰਧਤ ਸਿਹਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਕੈਂਪ ਦੀ ਪ੍ਰਕਿਰਤੀ, ਸਥਾਨ, ਮਰੀਜ਼ਾਂ ਦੀ ਸੰਭਾਵਿਤ ਗਿਣਤੀ ਅਤੇ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸਿਹਤ ਸੇਵਾਵਾਂ ਸਬੰਧੀ ਲੋੜੀਂਦੀ ਕਾਰਵਾਈ ਪੂਰੀ ਕਰਨੀ ਜ਼ਰੂਰੀ ਹੈ।

ਵਿਭਾਗ ਅਨੁਸਾਰ ਕੈਂਪ ਵਿੱਚ ਯੋਗ ਅਤੇ ਅਧਿਕਾਰਤ ਡਾਕਟਰੀ ਅਮਲਾ, ਅੱਖਾਂ ਦੀ ਜਾਂਚ ਲਈ ਲੋੜੀਂਦੇ ਡਾਕਟਰੀ ਸਾਜ਼ੋ-ਸਾਮਾਨ, ਸਾਫ਼-ਸੁਥਰਾ ਅਤੇ ਢੁਕਵਾਂ ਸਥਾਨ, ਮਰੀਜ਼ਾਂ ਦੀ ਰਜਿਸਟ?ਰੇਸ਼ਨ ਅਤੇ ਰਿਕਾਰਡ ਰੱਖਣ ਦੀ ਵਿਵਸਥਾ, ਦਵਾਈਆਂ ਅਤੇ ਲੋੜੀਂਦੀਆਂ ਐਮਰਜੈਂਸੀ ਸਹੂਲਤਾਂ ਉਪਲਬਧ ਹੋਣੀਆਂ ਚਾਹੀਦੀਆਂ ਹਨ।

ਜੇਕਰ ਕਿਸੇ ਕੈਂਪ ਵਿੱਚ ਮਰੀਜ਼ਾਂ ਦੀ ਸਰਜਰੀ ਜਾਂ ਹੋਰ ਡਾਕਟਰੀ ਪ੍ਰਕਿਰਿਆ ਕੀਤੀ ਜਾਣੀ ਹੋਵੇ ਤਾਂ ਇਸ ਲਈ ਲੋੜੀਂਦੀਆਂ ਸਹੂਲਤਾਂ, ਯੋਗ ਡਾਕਟਰੀ ਟੀਮ, ਲਾਗ ਲੱਗਣ ਤੋਂ ਬਚਾਅ ਲਈ ਨਿਰਧਾਰਤ ਮਾਪਦੰਡ, ਐਮਰਜੈਂਸੀ ਪ੍ਰਬੰਧ ਅਤੇ ਲੋੜ ਪੈਣ ’ਤੇ ਮਰੀਜ਼ ਨੂੰ ਉੱਚ ਪੱਧਰੀ ਸਿਹਤ ਸੰਸਥਾ ਵਿੱਚ ਭੇਜਣ ਦੀ ਵਿਵਸਥਾ ਪਹਿਲਾਂ ਤੋਂ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਮਰੀਜ਼ਾਂ ਨੂੰ ਇਲਾਜ ਤੋਂ ਬਾਅਦ ਅਗਲੇ ਇਲਾਜ ਅਤੇ ਜਾਂਚ ਸਬੰਧੀ ਸਹੂਲਤ ਅਤੇ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ।

ਸਿਵਲ ਸਰਜਨ ਹੁਸ਼ਿਆਰਪੁਰ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਜੇਕਰ ਕੋਈ ਸੰਸਥਾ ਬਿਨਾਂ ਲੋੜੀਂਦੀ ਮਨਜ਼ੂਰੀ, ਸਮਝੌਤਾ-ਪੱਤਰ ਜਾਂ ਨਿਰਧਾਰਤ ਡਾਕਟਰੀ ਪ੍ਰਬੰਧਾਂ ਦੇ ਅੱਖਾਂ ਦੀ ਜਾਂਚ ਕੈਂਪ ਆਯੋਜਿਤ ਕਰਦੀ ਪਾਈ ਜਾਂਦੀ ਹੈ ਤਾਂ ਸਬੰਧਤ ਸੰਸਥਾ ਜਾਂ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਲਾਗੂ ਨਿਯਮਾਂ ਅਤੇ ਕਾਨੂੰਨੀ ਪ੍ਰਬੰਧਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

ਕਿਸੇ ਵੀ ਸੰਸਥਾ ਨੂੰ ਮਰੀਜ਼ਾਂ ਦੀ ਸਿਹਤ ਅਤੇ ਸੁਰੱਖਿਆ ਨਾਲ ਸਮਝੌਤਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਸਿਹਤ ਵਿਭਾਗ ਵੱਲੋਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਕਿਸੇ ਵੀ ਅੱਖਾਂ ਦੇ ਜਾਂਚ ਕੈਂਪ ਵਿੱਚ ਸੇਵਾ ਲੈਣ ਤੋਂ ਪਹਿਲਾਂ ਇਹ ਯਕੀਨੀ ਬਣਾਉਣ ਕਿ ਕੈਂਪ ਅਧਿਕਾਰਤ ਸੰਸਥਾ ਵੱਲੋਂ, ਲੋੜੀਂਦੀਆਂ ਮਨਜ਼ੂਰੀਆਂ ਅਤੇ ਉਚਿਤ ਡਾਕਟਰੀ ਪ੍ਰਬੰਧਾਂ ਦੇ ਨਾਲ ਲਗਾਇਆ ਗਿਆ ਹੈ। ਕਿਸੇ ਵੀ ਤਰ੍ਹਾਂ ਦੀ ਅਣਅਧਿਕਾਰਤ ਜਾਂ ਅਧੂਰੇ ਪ੍ਰਬੰਧਾਂ ਵਾਲੀ ਡਾਕਟਰੀ ਗਤੀਵਿਧੀ ਵਿੱਚ ਸ਼ਾਮਲ ਹੋਣ ਤੋਂ ਬਚਿਆ ਜਾਵੇ।

ਸਿਵਲ ਸਰਜਨ ਨੇ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਕਿਸੇ ਵੀ ਕਿਸਮ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਅੱਖਾਂ ਦੀ ਜਾਂਚ ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਅੱਖਾਂ ਦੀ ਸਿਹਤ ਸੇਵਾ ਮੁਹੱਈਆ ਕਰਵਾਉਣਾ ਹੈ। ਇਸ ਲਈ ਕੈਂਪ ਆਯੋਜਕਾਂ ਅਤੇ ਸਬੰਧਤ ਸੰਸਥਾਵਾਂ ਵੱਲੋਂ ਮਰੀਜ਼ਾਂ ਦੀ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੰਦਿਆਂ ਸਾਰੀਆਂ ਲੋੜੀਂਦੀਆਂ ਸ਼ਰਤਾਂ ਅਤੇ ਪ੍ਰਬੰਧ ਪੂਰੇ ਕਰਨਾ ਲਾਜ਼ਮੀ ਹੈ।

ਸਿਹਤ ਵਿਭਾਗ ਨੇ ਸਮੂਹ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਅੱਖਾਂ ਦੀ ਜਾਂਚ ਕੈਂਪ ਸਬੰਧੀ ਕਿਸੇ ਵੀ ਕਾਰਵਾਈ ਤੋਂ ਪਹਿਲਾਂ ਆਪਣੇ ਇਲਾਕੇ ਦੇ ਸਬੰਧਤ ਸਿਹਤ ਅਧਿਕਾਰੀ ਨਾਲ ਸੰਪਰਕ ਕਰਕੇ ਲਾਗੂ ਨਿਯਮਾਂ, ਮਨਜ਼ੂਰੀਆਂ ਅਤੇ ਸਮਝੌਤਾ-ਪੱਤਰ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ ਜਾਵੇ, ਤਾਂ ਜੋ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਜਾਂ ਸਿਹਤ ਸਬੰਧੀ ਖ਼ਤਰੇ ਤੋਂ ਬਚਾਇਆ ਜਾ ਸਕੇ।ਇਸ ਵਰਜਨ ਵਿੱਚ ਅੰਗਰੇਜ਼ੀ ਸ਼ਬਦਾਂ ਨੂੰ ਸੰਭਵ ਹੱਦ ਤੱਕ ਪੰਜਾਬੀ ਕੀਤਾ ਗਿਆ ਹੈ, ਪਰ ਐਮ.ਓ.ਯੂ. ਨੂੰ ਨਾਲ ਪੰਜਾਬੀ “ਸਮਝੌਤਾ-ਪੱਤਰ” ਵੀ ਦਿੱਤਾ ਹੈ ਤਾਂ ਜੋ ਸਰਕਾਰੀ/ਪ੍ਰਸ਼ਾਸਨਿਕ ਅਰਥ ਸਪਸ਼ਟ ਰਹੇ।

ਮਹਿਲਾ ਸ਼ਕਤੀ ਨੂੰ ਸਲਾਮ, ਸਖੀਆਂ ਦੀ ਮਿਹਨਤ ਨੂੰ ਸਨਮਾਨ : ਡਾ. ਇਸ਼ਾਂਕ ਕੁਮਾਰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ/ਦਲਜੀਤ ਅਜਨੋਹਾ



ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਦੁਆਰਾ ਕਰਵਾਏ ਗਏ ਸਖੀ ਸਨਮਾਨ ਸਮਾਰੋਹ ਵਿੱਚ ਮਹਿਲਾਵਾਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ। ਮੁੱਖ ਮੰਤਰੀ ਮਾਵਾਂ-

- **ਚੱਬੇਵਾਲ ਸਖੀ ਸਨਮਾਨ ਸਮਾਰੋਹ ’ਚ ਉਮੜਿਆ ਮਹਿਲਾਵਾਂ ਦਾ ਭਾਰੀ ਇਕੱਠ**

ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ ’ਤੇ ਮਹਿਲਾਵਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਸਖੀਆਂ ਦੇ ਸਨਮਾਨ ਲਈ ਕੀਤੇ ਗਏ ਇਸ ਸਮਾਰੋਹ ਵਿਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਸ਼ਮੂਲੀਅਤ ਕਰਦਿਆਂ ਇਸ ਨੂੰ ਸਾਂਝ ਅਤੇ ਅਪਣੇਪਣ ਨਾਲ ਸਫਲ ਬਣਾਇਆ। ਇਸ ਮੌਕੇ ’ਤੇ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਡਾ. ਰਾਜ ਕੁਮਾਰ ਨੇ ਵੀ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ।

ਸਮਾਗਮ ਦੌਰਾਨ “ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ” ਦਾ ਲਾਭ ਚੱਬੇਵਾਲ ਦੀ ਹਰ ਯੋਗ ਮਹਿਲਾ ਤੱਕ ਪਹੁੰਚਾਉਣ ਲਈ ਸਖੀਆਂ ਵੱਲੋਂ ਕੀਤੀ ਗਈ ਮਿਹਨਤ ਅਤੇ ਉਨ੍ਹਾਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਡਾ. ਰਾਜ ਨੇ ਕਿਹਾ ਕਿ ਸਖੀਆਂ ਨੇ ਯੋਜਨਾ ਦੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਮਹਿਲਾਵਾਂ ਨਾਲ ਸਿੱਧਾ ਸੰਪਰਕ ਬਣਾਉਂਦਿਆਂ ਇਸ ਮੁਹਿੰਮ ਨੂੰ ਜ਼ਮੀਨੀ ਪੱਧਰ ’ਤੇ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਹੈ। ਚੱਬੇਵਾਲ ਦੀਆਂ ਸਾਖੀਆਂ ਨੇ ਤਨਦੇਹੀ ਨਾਲ ਪੁਰਜ਼ੋਰ ਮਿਹਨਤ ਕਰਦਿਆਂ ਸਾਡੇ ਹਲਕੇ ਨੂੰ ਪੂਰੇ ਜਿਲ੍ਹੇ ਵਿਚ ਸਭ ਤੋਂ ਪਹਿਲਾਂ ਇਹ ਟੀਚਾ ਪੂਰਾ ਕਰਨ ਵਾਲਾ ਹਲਕਾ ਬਣਾਇਆ ਜਿਸ ਲਈ ਮੈਨੂੰ ਆਪਣੀ ਮਹਿਲਾ ਸ਼ਕਤੀ ’ਤੇ ਮਾਣ ਹੈ, ਡਾ. ਇਸ਼ਾਂਕ ਨੇ ਸਾਖੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ। ਵਿਧਾਇਕ ਨੇ ਸਾਖੀਆਂ ਅਤੇ ਹਲਕੇ ਦੀਆਂ ਸਾਰੀਆਂ ਮਹਿਲਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ ਹਲਕਾ ਰੂਪੀ ਪਰਿਵਾਰ ਦੀਆਂ ਮੇਰੀਆਂ ਮਾਵਾਂ ਦਾ ਅਸ਼ੀਰਵਾਦ ਅਤੇ ਭੈਣਾਂ ਦਾ ਵਿਸ਼ਵਾਸ ਮੇਰੇ ਲਈ ਸਭ ਤੋਂ ਵੱਡੀ ਤਾਕਤ ਹੈ ਅਤੇ ਇਸ ਨੂੰ ਬਣਾਈ ਰੱਖਣਾ ਮੇਰੀ ਸਭ ਤੋਂ ਵੱਡੀ ਜ਼ਿੰਮੇਵਾਰੀ ਵੀ ਹੈ। ਅੱਜ ਇੰਨੀ ਵੱਡੀ ਗਿਣਤੀ ਵਿੱਚ ਮਾਵਾਂ-ਧੀਆਂ ਅਤੇ ਭੈਣਾਂ ਨੂੰ ਇਕੱਠੇ ਦੇਖ ਕੇ ਜੋ ਆਪਣਪਣ ਅਤੇ ਪਿਆਰ ਮਹਿਸੂਸ ਹੋ ਰਿਹਾ ਹੈ, ਉਹ ਮੇਰੇ ਲਈ ਬਹੁਤ ਖਾਸ ਹੈ।

ਉਨ੍ਹਾਂ ਕਿਹਾ ਕਿ ਕਿਸੇ ਵੀ ਲੋਕ-ਭਲਾਈ ਦੀ ਯੋਜਨਾ ਦੀ ਸਫ਼ਲਤਾ ਸਿਰਫ਼ ਉਸ ਦੇ ਐਲਾਨ ਨਾਲ ਨਹੀਂ, ਸਗੋਂ ਉਸ ਨੂੰ ਲੋਕਾਂ ਤੱਕ ਸਹੀ ਢੰਗ ਨਾਲ ਪਹੁੰਚਾਉਣ ਨਾਲ ਹੁੰਦੀ ਹੈ। ਸਖੀਆਂ ਨੇ ਇਸ ਜ਼ਿੰਮੇਵਾਰੀ ਨੂੰ ਪੂਰੀ ਲਗਨ ਨਾਲ ਨਿਭਾਇਆ ਹੈ। ਉਨ੍ਹਾਂ ਦੀ ਮਿਹਨਤ ਅਤੇ ਲੋਕਾਂ ਨਾਲ ਬਣਾਇਆ ਸਿੱਧਾ ਸੰਪਰਕ ਇਸ ਪੂਰੇ ਯਤਨ ਦਾ ਮਹੱਤਵਪੂਰਨ ਹਿੱਸਾ ਹੈ। ਇਹ ਸਮਾਗਮ ਸਖੀਆਂ ਦੀ ਇਸ ਮਿਹਨਤ ਅਤੇ ਸੇਵਾ ਲਈ ਧੰਨਵਾਦ ਪ੍ਰਗਟ ਕਰਨ ਦਾ ਇੱਕ ਸਨਮਾਨਪੂਰਵਕ ਤਰੀਕਾ ਹੈ। ਡਾ. ਇਸ਼ਾਂਕ ਕੁਮਾਰ ਨੇ ਇਸ ਮੌਕੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਦੀ ਮੌਜੂਦਗੀ ਦਾ ਸਵਾਗਤ ਕਰਦਿਆਂ ਕਿਹਾ ਕਿ ਚੱਬੇਵਾਲ ਦੀ ਮਿੱਟੀ ਨਾਲ ਉਨ੍ਹਾਂ ਦੋਵਾਂ ਦਾ ਰਿਸ਼ਤਾ ਪਿਆਰ, ਸਤਿਕਾਰ ਅਤੇ ਸੇਵਾ ਦਾ ਹੈ ਅਤੇ ਇਹ ਖਾਸ ਰਿਸ਼ਤਾ ਹਮੇਸ਼ਾ ਕਾਇਮ ਰਹੇਗਾ। ਸਮਾਗਮ ਵਿੱਚ ਸੁਆਮੀ ਸਤਿਆਵਰਤਾਨੰਦ ਦੀ ਹਾਜ਼ਰੀ ਨੇ ਵੀ ਮੌਕੇ ਨੂੰ ਹੋਰ ਵਿਸ਼ੇਸ਼ ਬਣਾਇਆ। ਉਨ੍ਹਾਂ ਦੀ ਹਾਜ਼ਰੀ ਅਤੇ ਅਸ਼ੀਰਵਾਦ ਨਾਲ ਸਮਾਗਮ ਵਿੱਚ ਆਧਿਆਤਮਿਕਤਾ ਅਤੇ ਸਨੇਹ ਦਾ ਮਾਹੌਲ ਬਣਿਆ।

ਸਮਾਗਮ ਦੌਰਾਨ ਮਹਿਲਾਵਾਂ ਨੇ ਪੂਰੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਅਤੇ ਮਹਿਲਾਵਾਂ ਦੀ ਵੱਡੀ ਹਾਜ਼ਰੀ ਅਤੇ ਸਖੀਆਂ ਨੂੰ ਮਿਲੇ ਸਨਮਾਨ ਨੇ ਇਸ ਸਮਾਗਮ ਨੂੰ ਇੱਕ ਯਾਦਗਾਰ ਅਤੇ ਭਾਵਨਾਤਮਕ ਮਿਲਣੀ ਦਾ ਰੂਪ ਦੇ ਦਿੱਤਾ।

ਐਨ.ਜ਼ੈੱਡ.ਸੀ.ਸੀ. ਨੇ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤਾ ਦੋ ਦਿਨਾਂ ਵਿਸ਼ੇਸ਼ ਧਾਰਮਿਕ ਸਮਾਗਮ

ਪੈ.ਗਾਮ-ਏ-ਜਗਤ
ਪਟਿਆਲਾ, 17 ਸਤੰਬਰ
(ਪਰਮਜੀਤ ਸਿੰਘ ਪਰਵਾਨਾ)





ਭਾਰਤ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ ਵੱਲੋਂ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ (ਐਨ. ਜ਼ੈੱਡ. ਸੀ. ਸੀ.) ਦੀ ਅਗਵਾਈ ਹੇਠ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦੋ ਦਿਨਾਂ ਧਾਰਮਿਕ ਸਮਾਗਮ ਅੱਜ ਇਤਿਹਾਸਕ ਅਸਥਾਨ

- **ਰਾਗੀ ਜੱਥਿਆਂ, ਕਥਾ ਵਾਚਕਾਂ ਤੇ ਢਾਡੀ ਜਥੇ ਨੇ ਸੰਗਤਾਂ ਨੂੰ ਕੀਤਾ ਨਿਹਾਲ**
- **ਸੈਮੀਨਾਰ ਵਿੱਚ ਨਾਮਵਰ ਵਿਦਵਾਨਾਂ ਨੇ ਕੀਤੀ ਸ਼ਮੂਲੀਅਤ**

ਗੁਰਦੁਆਰਾ ਸ਼੍ਰੀ ਲਖਨੌਰ ਸਾਹਿਬ (ਅੰਬਾਲਾ) ਵਿਖੇ ਸਫ਼ਲਤਾਪੂਰਵਕ ਸੰਪੰਨ ਹੋ ਗਿਆ। ਕਥਾ ਵਾਚਕਾਂ, ਰਾਗੀ ਤੇ ਢਾਡੀ ਜਥੇ ਨੇ ਵੱਡੀ ਗਿਣਤੀ ਵਿਚ ਪੁੱਜੀਆਂ ਸੰਗਤਾਂ ਨੂੰ ਨਿਹਾਲ ਕੀਤਾ। ਹਰਿਆਣਾ, ਪੰਜਾਬ ਅਤੇ ਜੰਮੂ-ਕਸ਼ਮੀਰ ਤੋਂ ਆਏ ਵਿਦਵਾਨਾਂ ਨੇ ਸੈਮੀਨਾਰ ਵਿੱਚ ਹਿੱਸਾ ਲੈਂਦਿਆਂ ਸ਼?ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਅਤੇ ਜੀਵਨ ’ਤੇ ਬਹੁਤ ਜਾਣਕਾਰੀ ਭਰਪੂਰ ਲੈਕਚਰ ਦਿੱਤੇ। ਇਹਨਾਂ ਵਿਦਵਾਨਾਂ ਵਿੱਚ ਗਿਆਨੀ ਅਵਤਾਰ ਸਿੰਘ ਤੇ ਗਿਆਨੀ ਗੁਰਦਿਆਲ ਸਿੰਘ ਤੋਂ ਇਲਾਵਾ ਪ੍ਰਿੰਸੀਪਲ ਗੁਰਚਰਨ ਸਿੰਘ ਜੋਗੀ, ਡਾ. ਅਰਵਿੰਦ ਅਮਨ ਤੇ ਡਾ. ਸੁਖਵਿੰਦਰ ਸਿੰਘ ਸ਼ਾਮਲ ਸਨ। ਰਾਗੀ ਜੱਥਿਆਂ ਵਿੱਚ ਭਾਈ ਦਵਿੰਦਰ ਸਿੰਘ, ਭਾਈ ਅੰਮ੍ਰਿਤ ਸਿੰਘ ਤੇ ਉਨ੍ਹਾਂ ਦੇ ਸਾਥੀ ਸ਼ਾਮਲ ਸਨ। ਅਕਾਲ ਅਕੈਡਮੀ, ਮਾਜਰੀ ਦੇ ਵਿਦਿਆਰਥੀਆਂ ਨੇ ਵੀ ਸ਼ਬਦ ਗਾਇਨ ਕੀਤਾ।

ਦੂਜੇ ਦਿਨ ਸੰਗਰਾਂਦ ਦੇ ਮੌਕੇ ਹੋਰ ਵੀ ਵੱਡੀ ਗਿਣਤੀ ’ਚ ਸੰਗਤ ਨਤਮਸਤਕ ਹੋਈ। ਸਿੱਖ ਪੰਥ ਦੇ ਪ੍ਰਸਿੱਧ ਕਥਾ ਵਾਚਕ ਬਾਬਾ ਬੰਤਾ ਸਿੰਘ ਨੇ ਵੀ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਹਰਸਿਮਰਨ ਸਿੰਘ ਨੇ ਗੁਰੂ ਤੇਗ ਬਹਾਦਰ ਸਾਹਿਬ ਦੀ ਬੇਮਿਸਾਲ ਸ਼ਹਾਦਤ ਦਾ ਇਤਿਹਾਸ ਸੰਗਤਾਂ ਨਾਲ ਸਾਂਝਾ ਕੀਤਾ। ਭਾਈ ਗੁਰਬੇਜ ਸਿੰਘ ਚਵਿੰਡਾ ਤੇ ਉਨ੍ਹਾਂ ਦੇ ਢਾਡੀ ਜਥੇ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਾਨ ਜੀਵਨ ਨਾਲ ਸਬੰਧਤ ਵਾਰਾਂ ਤੇ ਹੋਰ ਬੀਰ ਰਸ ਦੀਆਂ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।

ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਦੇ ਅੰਤ ਵਿੱਚ ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਦੇ ਸਹਾਇਕ ਨਿਰਦੇਸ਼ਕ ਸ. ਜਰਨੈਲ ਸਿੰਘ ਨੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਸਾਧ ਸੰਗਤ ਦਾ ਧੰਨਵਾਦ ਕਰਦਿਆਂ ਐਨ ਜ਼ੈੱਡ ਸੀ ਸੀ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਹਾੜੇ ਨਾਲ ਸਬੰਧਿਤ ਕਰਵਾਏ ਗਏ ਸਮਾਗਮਾਂ ਦੀ ਵੀ ਜਾਣਕਾਰੀ ਦਿੱਤੀ। ਇਸ ਮੌਕੇ ਗੁਰਦੁਆਰਾ ਸ਼?ਰੀ ਲਖਨੌਰ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ ਸੰਧੂ ਤੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਸ. ਬਲਕਾਰ ਸਿੰਘ ਵੀ ਹਾਜ਼ਰ ਸਨ, ਜਿਨ੍ਹਾਂ ਬਾਬਾ ਬੰਤਾ ਸਿੰਘ ਤੇ ਹੋਰਨਾਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ। ਦੋਵੇਂ ਦਿਨ ਮੰਚ ਸੰਚਾਲਕ ਦੀ ਭੂਮਿਕਾ ਆਕਾਸ਼ਵਾਣੀ ਦੇ ਸੇਵਾਮੁਕਤ ਅਨਾਉਂਸਰ ਪਰਮਜੀਤ ਸਿੰਘ ਪਰਵਾਨਾ ਨੇ ਨਿਭਾਈ। ਸੰਗਤਾਂ ਨੇ ਐਨ ਜ਼ੈੱਡ ਸੀ ਸੀ ਵੱਲੋਂ ਲਾਈ ਗਈ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ, ਸਿਖਿਆਵਾਂ ਤੇ ਸ਼ਹਾਦਤ ਨੂੰ ਸਮਰਪਿਤ ਫ਼ੋਟੋ ਪ੍ਰਦਰਸ਼ਨੀ ਵੀ ਵੇਖੀ। ਇਹ ਪ੍ਰਦਰਸ਼ਨੀ 22 ਸਤੰਬਰ ਤਕ ਵੇਖੀ ਜਾ ਸਕੇਗੀ।

“ਵੱਖਰਾ ਸਵਾਦ-ਇੱਕ ਸਵਾਦ, ਜੋ ਯਾਦ ਬਣ ਜਾਵੇ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)
ਹੁਸ਼ਿਆਰਪੁਰ, 17 ਸਤੰਬਰ



ਆਰ.ਜੇ. ਕ੍ਰੀਏਟਰਜ਼ ਵੱਲੋਂ ਫੂਡ ਐਂਡ ਕਰਾਫਟ ਇੰਸਟੀਚਿਊਟ, ਹੁਸ਼ਿਆਰਪੁਰ ਦੇ ਸਹਿਯੋਗ ਨਾਲ 24 ਅਤੇ 25 ਅਕਤੂਬਰ 2026 ਨੂੰ ਰੋਸ਼ਨ ਗਰਾਊਂਡ, ਹੁਸ਼ਿਆਰਪੁਰ ਵਿਖੇ ਦੋ ਰੋਜ਼ਾ ‘ਵੱਖਰਾ ਸਵਾਦ ਫੂਡ

- **24-25 ਅਕਤੂਬਰ ਨੂੰ ਹੋਵੇਗਾ ‘ਵੱਖਰਾ ਸਵਾਦ ਫੂਡ ਫੈਸਟੀਵਲ’**

ਫੈਸਟੀਵਲ’ ਕਰਵਾਇਆ ਜਾ ਰਿਹਾ ਹੈ। ਇਸ ਸਮਾਗਮ ਦਾ ਪੋਸਟਰ ਮਾਸਟਰਸ਼ੈਫ ਇੰਡੀਆ ਦੇ ਫਾਈਨਲਿਸਟ ਅਤੇ ਬ੍ਰਾਂਡ ਅੰਬੈਸਡਰ ਗੁਰਕੀਰਤ ਸਿੰਘ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਅਤੇ ਪ੍ਰਿੰਸੀਪਲ ਸਪਾਂਸਰ ਹੋਟਲ ਰੌਇਲ ਪਲਾਜ਼ਾ ਦੇ ਮਾਲਕ ਵਿਸ਼ਵਨਾਥ ‘ਬੰਟੀ’ ਵੱਲੋਂ ਸਾਂਝੇ ਤੌਰ ’ਤੇ ਜਾਰੀ ਕੀਤਾ ਗਿਆ।

ਮਸ਼ਹੂਰ ਫੂਡ ਬਲੌਗਰ ਗਗਨ ਪੈਂਟੂ ਸਿੰਘ ਸਮੇਤ ਦੇਸ਼ ਭਰ ਦੇ ਪ੍ਰਮੁੱਖ ਫੂਡ ਬਲੌਗਰਜ਼ ਅਤੇ ਇਨਫਲੂਐਂਸਰਜ਼ ਦੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਸੰਭਾਵਨਾ ਹੈ। ਸਮਾਗਮ ਦੌਰਾਨ ਇਨ੍ਹਾਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਵੀ ਕੀਤਾ ਜਾਵੇਗਾ। ਸਾਗਰ ਰਤਨਾ, ਬਾਰਬੀਕਿਊ ਨੇਸ਼ਨ ਅਤੇ ਵੌਕ ਸਿੰਘ ਸਮੇਤ ਕਈ ਵੱਡੇ ਫੂਡ ਬ੍ਰਾਂਡਾਂ ਦੇ ਵੀ ਸੰਭਾਵਿਤ ਭਾਗੀਦਾਰ ਵਜੋਂ ਸ਼ਾਮਲ ਹੋਣ ਦੀ ਉਮੀਦ ਹੈ। ਫੈਸਟੀਵਲ ਦੌਰਾਨ ਖੇਤਰੀ ਅਤੇ ਫਿਊਜ਼ਨ ਭੋਜਨ, ਲਾਈਵ ਕੁਕਿੰਗ, ਮਨੋਰੰਜਨ, ਖਰੀਦਦਾਰੀ ਅਤੇ ਫਨ ਜ਼ੋਨ ਮੁੱਖ ਆਕਰਸ਼ਣ ਹੋਣਗੇ। ਇਸ ਰਾਹੀਂ ਸਥਾਨਕ ਫੂਡ ਉਦਮੀਆਂ ਅਤੇ ਕਾਰੋਬਾਰਾਂ ਨੂੰ ਵੀ ਆਪਣੇ ਕੰਮ ਅਤੇ ਉਤਪਾਦਾਂ ਨੂੰ ਪ੍ਰਮੋਟ ਕਰਨ ਲਈ ਵੱਡਾ ਮੰਚ ਮਿਲੇਗਾ। ਈਵੈਂਟ ਕੋਆਰਡੀਨੇਟਰ ਰੇਨੂ ਕੰਵਰ ਨੇ ਕਿਹਾ ਕਿ ਇਸ ਤਰ੍ਹਾਂ ਦਾ ਸਮਾਗਮ ਨਾ ਸਿਰਫ਼ ਹੁਸ਼ਿਆਰਪੁਰ, ਸਗੋਂ ਸ਼ਾਇਦ ਪੂਰੇ ਪੰਜਾਬ ਵਿੱਚ ਪਹਿਲੀ ਵਾਰ ਆਪਣੇ ਪੱਧਰ ’ਤੇ ਕਰਵਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਾਸੀ ਇਸ ਫੈਸਟੀਵਲ ਦਾ ਸਿਰਫ਼ ਆਨੰਦ ਹੀ ਨਹੀਂ ਮਾਣਨਗੇ, ਬਲਕਿ ਇਸ ਨੂੰ ਲੰਬੇ ਸਮੇਂ ਤੱਕ ਯਾਦ ਵੀ ਰੱਖਣਗੇ।